ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
Des Pardes
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ

ਮੈਦਾਨ ਦੇ ਨਵੇਂ ਬਣੇ ਖੇਡ ਸਟੇਡੀਅਮ ਦੀ ਹਾਕੀ ਵੇਖ ਕੇ ਸਾਬਕਾ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਸਰਕਾਰ ਨੂੰ ਘੇਰਿਆ 03

ਸਾਲ 1, ਅੰਕ 354 Ph (Mohali Office) : 0160-2990739; (M) : +91-98156-16078 ਐਤਵਾਰ, 20 ਸਤੰਬਰ 2026 (4 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 12 ਮੁੱਲ :₹2

ਸੀਐਮ ਮਾਨ ਵੱਲੋਂ 'ਘਰ-ਘਰ ਮਾਨ ਦੇ ਮੁਨਾਫ਼ੇ' ਮੁਹਿੰਮ ਦਾ ਆਗਾਜ਼

ਵਿਰੋਧੀਆਂ ਦੀਆਂ ਸਾਜ਼ਿਸ਼ਾਂ ਨੂੰ ਨਕਾਰ ਕੇ 'ਆਪ' ਮੁੜ ਬਣਾਏਗੀ 2027 'ਚ ਸਰਕਾਰ- ਸੀਐਮ ਮਾਨ

ਲੁਧਿਆਣਾ,19 ਸਤੰਬਰ (ਸੂਰਜ):- ਦੇਸ਼ ਪ੍ਰਦੇਸ਼

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੁਧਿਆਣਾ ਵਿਖੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ, ਆਗੂਆਂ ਅਤੇ ਵਰਕਰਾਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ 'ਘਰ-ਘਰ ਮਾਨ ਦੇ ਮੁਨਾਫ਼ੇ' ਮੁਹਿੰਮ ਦੀ ਰਸਮੀ ਸ਼ੁਰੂਆਤ ਕੀਤੀ। ਇਸ ਪ੍ਰੋਗਰਾਮ ਨੂੰ ਇੱਕ ਰਾਜਨੀਤਿਕ ਰੈਲੀ ਦੀ ਬਜਾਏ ਪਾਰਟੀ ਦੀ 'ਸੱਚੀ-ਸੁੱਚੀ ਸੰਗਠਨਾਤਮਕ ਮੀਟਿੰਗ' ਕਰਾਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਅਨੁਸ਼ਾਸਨ ਸਭ ਤੋਂ ਵੱਡੀ ਤਾਕਤ ਹੈ। ਉਨ੍ਹਾਂ ਕਿਹਾ ਕਿ ਜੇਕਰ ਪਾਰਟੀ ਦੀ ਇੱਕ ਮੀਟਿੰਗ ਵਿੱਚ ਇੰਨਾ ਵੱਡਾ ਇਕੱਠ ਹੋ ਸਕਦਾ ਹੈ, ਤਾਂ ਰੈਲੀ ਦਾ ਅੰਦਾਜ਼ਾ ਆਪੇ ਹੀ ਲਗਾਇਆ ਜਾ ਸਕਦਾ ਹੈ। ਉਨ੍ਹਾਂ ਪਾਰਟੀ ਵਰਕਰਾਂ ਨੂੰ ਸੱਦਾ ਦਿੱਤਾ ਕਿ ਹੁਣ ਲੋਕਾਂ ਵਿੱਚ ਇਹ ਕਹਿਣ ਜਾਣ ਦੀ ਲੋੜ ਨਹੀਂ ਕਿ 'ਅਸੀਂ ਆਹ ਕਰਾਂਗੇ', ਸਗੋਂ ਲੋਕਾਂ ਦੇ ਘਰ-ਘਰ ਜਾ ਕੇ ਇਹ ਦੱਸਣ ਦਾ ਸਮਾਂ ਹੈ ਕਿ 'ਅਸੀਂ ਆਹ-ਆਹ ਕੰਮ ਕਰ ਦਿੱਤੇ ਹਨ ਅਤੇ ਗਰੰਟੀਆਂ ਤੋਂ ਵੱਧ ਕੇ ਵਾਅਦੇ ਪੂਰੇ ਕੀਤੇ ਹਨ।' ਮੁੱਖ ਮੰਤਰੀ ਭਗਵੰਤ ਮਾਨ ਨੇ ਸਰਕਾਰ ਦੀਆਂ ਉਪਲਬਧੀਆਂ ਗਿਣਾਉਂਦਿਆਂ ਕਿਹਾ ਕਿ 2022 ਚੋਣਾਂ ਦੌਰਾਨ ਦਿੱਤੀਆਂ ਗਈਆਂ ਗਰੰਟੀਆਂ ਨੂੰ ਸਰਕਾਰ ਨੇ ਆਪਣੇ ਸਾਢੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਪੂਰਾ ਕਰ ਦਿੱਤਾ ਹੈ। ਇਸ ਤੋਂ ਇਲਾਵਾ ਉਹ ਕੰਮ ਵੀ ਕੀਤੇ ਗਏ ਹਨ ਜੋ ਕਿਸੇ ਮੈਨੀਫੈਸਟੋ ਜਾਂ ਗਰੰਟੀ ਕਾਰਡ ਵਿੱਚ ਨਹੀਂ ਸਨ ਲਿਖੇ ਗਏ। ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਹੁਣ ਤੱਕ 19 ਟੋਲ ਪਲਾਜ਼ੇ ਬੰਦ ਕਰਵਾਏ ਜਾ ਚੁੱਕੇ ਹਨ, ਜਿਸ ਨਾਲ ਪੰਜਾਬ ਦੇ ਲੋਕਾਂ ਦੇ ਹਰ ਰੋਜ਼ 64 ਲੱਖ ਰੁਪਏ ਬਚ ਰਹੇ ਹਨ। ਵਿਰੋਧੀ ਪਾਰਟੀਆਂ ਵੱਲੋਂ ਫੈਲਾਏ ਜਾਂਦੇ ਭਰਮ-ਭੁਲੇਖਿਆਂ ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ ਕਿ ਟੋਲ ਬੰਦ ਹੋਣ ਦੇ ਬਾਵਜੂਦ ਵੀ ਸੜਕਾਂ ਦੀ ਹਾਲਤ ਬਿਹਤਰ ਬਣਾਈ ਗਈ ਹੈ ਅਤੇ ਸੜਕਾਂ ਵਿੱਚ ਖੱਡੇ ਨਹੀਂ ਪੈਣ ਦਿੱਤੇ ਜਾ ਰਹੇ। ਉਨ੍ਹਾਂ ਕੇਂਦਰੀ ਟਰਾਂਸਪੋਰਟ ਮੰਤਰੀ ਨਿਤਿਨ ਗਡਕਰੀ ਦੇ ਰਾਜਸਭਾ ਦੇ ਬਿਆਨ ਦਾ ਹਵਾਲਾ ਦਿੰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਵੀ ਮੰਨਿਆ ਹੈ ਕਿ ਐਸਐਸਐਫ ਗਠਿਤ ਹੋਣ ਤੋਂ ਬਾਅਦ ਇੱਕ ਸਾਲ ਅੰਦਰ ਲਗਭਗ 2,700 ਲੋਕਾਂ ਦੀਆਂ ਜਾਨਾਂ ਬਚਾਈਆਂ ਗਈਆਂ ਹਨ। ਪੁਲਿਸ ਨੂੰ 142 ਅਤਿ-ਆਧੁਨਿਕ ਟੋਯੋਟਾ ਹੀਲਿਕਸ ('ਇੰਟਾ ਗੱਡੀਆਂ') ਦਿੱਤੀਆਂ ਗਈਆਂ ਹਨ। ਇਹ ਫੋਰਸ ਨਾ ਸਿਰਫ਼ ਜਾਨਾਂ ਬਚਾ ਰਹੀ ਹੈ, ਸਗੋਂ ਹਾਦਸੇ ਦਾ ਸ਼ਿਕਾਰ ਹੋਏ ਪਰਿਵਾਰਾਂ ਦਾ ਕਰੋੜਾਂ ਰੁਪਏ ਦਾ ਸੋਨਾ ਅਤੇ ਕੈਸ਼ ਸੁਰੱਖਿਅਤ ਉਨ੍ਹਾਂ ਦੇ ਘਰਾਂ ਤੱਕ ਪਹੁੰਚਾ ਕੇ ਇਮਾਨਦਾਰੀ ਦੀ ਮਿਸਾਲ ਵੀ ਕਾਇਮ ਕਰ ਰਹੀ ਹੈ ਸੀਐਮ ਮਾਨ ਨੇ ਕਿਹਾ ਕਿ ਪੜ੍ਹਾਈ ਦੇ ਖੇਤਰ ਵਿੱਚ ਪੰਜਾਬ ਦੇਸ਼ ਭਰ ਵਿੱਚ 27ਵੇਂ ਨੰਬਰ ਤੋਂ ਛਾਲ ਮਾਰ ਕੇ ਪਹਿਲੇ ਨੰਬਰ 'ਤੇ ਪਹੁੰਚ ਗਿਆ ਹੈ। 'ਖੇਡਾਂ ਵਤਨ ਪੰਜਾਬ ਦੀਆਂ' ਰਾਹੀਂ ਪਿੰਡ-ਪਿੰਡ ਖੇਡ ਸੱਭਿਆਚਾਰ ਸੁਰਜੀਤ ਕੀਤਾ ਗਿਆ ਹੈ। ਮਾਨ ਨੇ ਕਿਹਾ ਕਿ ਹਾਕੀ ਏਸ਼ੀਅਨ ਚੈਂਪੀਅਨਜ਼ ਟਰਾਫ਼ੀ, ਇਤਿਹਾਸ ਵਿੱਚ ਪਹਿਲੀ ਵਾਰ 27

ਸੀਐਮ ਮਾਨ ਵੱਲੋਂ...

ਬਾਕੀ ਸਫ਼ਾ 7 'ਤੇ

ਭਾਰਤ ਦੀ ਵਿਕਾਸ ਯਾਤਰਾ 'ਚ ਕਿਸਾਨਾਂ ਦੀ ਅਹਿਮ ਭੂਮਿਕਾ-ਸੀਐਮ ਸੈਣੀ

ਭਾਰਤ ਸਰਕਾਰ ਦੇ ਵਿੱਤ ਮੰਤਰਾਲੇ ਵੱਲੋਂ ਆਯੋਜਿਤ ਦੋ ਦਿਨਾਂ 'ਵਿਕਸਤ ਭਾਰਤ ਵੱਲ ਭਾਰਤ ਦੀ ਯਾਤਰਾ ਦਾ ਵਿੱਤ ਪੋਸ਼ਣ' ਸੰਮੇਲਨ 'ਚ ਸੀਐਮ ਸੈਣੀ ਨੇ ਕੀਤੀ ਸ਼ਮੂਲੀਅਤ

ਏਕੀਕ੍ਰਿਤ ਕੁਦਰਤੀ ਖੇਤੀ ਅਤੇ ਜਲ ਸੁਰੱਖਿਆ ਫੰਡਿੰਗ ਪੈਕੇਜ ਦੇਣ ਦੀ ਰੱਖੀ ਮੰਗ

ਚੰਡੀਗੜ੍ਹ, 19 ਸਤੰਬਰ (ਰਾਜੇਂਦਰ ਸਿੰਘ ਜਾਦੋ):- ਦੇਸ਼ ਪ੍ਰਦੇਸ਼

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਦਿੱਲੀ ਦੇ ਭਾਰਤ ਮੰਡਪਮ ਵਿਖੇ ਦੋ ਦਿਨਾਂ 'ਵਿਕਸਤ ਭਾਰਤ ਵੱਲ ਭਾਰਤ ਦੀ ਯਾਤਰਾ ਦਾ ਵਿੱਤ ਪੋਸ਼ਣ' ਸੰਮੇਲਨ ਦਾ ਆਯੋਜਨ ਕਰਨ ਲਈ ਕੇਂਦਰੀ ਵਿੱਤ ਮੰਤਰੀ ਸ਼੍ਰੀਮਤੀ ਨਿਰਮਲਾ ਸੀਤਾਰਮਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਵਿਕਸਤ ਭਾਰਤ 2047 ਦੇ ਵਿਜ਼ਨ ਨੂੰ ਪੂਰਾ ਕਰਨ ਲਈ ਅਜਿਹੇ ਸੰਮੇਲਨ ਬਹੁਤ ਜ਼ਰੂਰੀ ਹਨ। ਇਸ ਵਿਕਸਤ ਭਾਰਤ ਦੀ ਯਾਤਰਾ ਨੂੰ ਪੂਰਾ ਕਰਨ ਵਿੱਚ ਕਿਸਾਨਾਂ ਦੀ ਅਹਿਮ ਭੂਮਿਕਾ ਹੈ। ਖੇਤੀ ਪ੍ਰਧਾਨ ਹਰਿਆਣਾ ਨੇ ਦੇਸ਼ ਦੇ ਅੰਨ ਭੰਡਾਰਾਂ ਨੂੰ ਭਰਨ ਅਤੇ ਦੇਸ਼ ਨੂੰ ਅਨਾਜ ਵਿੱਚ ਆਤਮਨਿਰਭਰ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਹਰਿਆਣਾ ਲਈ ÷ਏਕੀਕ੍ਰਿਤ ਕੁਦਰਤੀ ਖੇਤੀ ਅਤੇ ਜਲ ਸੁਰੱਖਿਆ ਫੰਡਿੰਗ ਪੈਕੇਜ÷ ਦੇਣ ਦੀ ਮੰਗ ਰੱਖੀ। ਮੀਟਿੰਗ ਉਪਰੰਤ ਮੀਡੀਆ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਸ ਸੰਮੇਲਨ ਵਿੱਚ ਰਾਜਾਂ ਅਤੇ ਦੇਸ਼ ਦੀ ਅਰਥਵਿਵਸਥਾ ਨੂੰ ਹੋਰ ਬਿਹਤਰ ਬਣਾਉਣ ਅਤੇ ਵਿਕਸਤ ਭਾਰਤ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਬਾਰੇ ਸਾਰਥਕ ਚਰਚਾ ਕੀਤੀ ਗਈ। ਇਸ ਤੋਂ ਇਲਾਵਾ, ਆਉਣ ਵਾਲੇ ਸਮੇਂ ਵਿੱਚ ਖੇਤੀ ਅਤੇ ਊਰਜਾ ਦੇ ਖੇਤਰ ਨੂੰ ਕਿਵੇਂ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ, ਇਸ ਸਬੰਧ ਵਿੱਚ ਵੀ ਭਵਿੱਖ ਦੀਆਂ ਯੋਜਨਾਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਹੈ। ਇਸ ਸੰਮੇਲਨ ਵਿੱਚ ਹਰਿਆਣਾ ਵੱਲੋਂ ਖੇਤੀਬਾੜੀ ਅਤੇ ਬਾਗ਼ਬਾਨੀ ਖੇਤਰ ਲਈ ਕੀਤੇ ਜਾ ਰਹੇ ਬਿਹਤਰ ਕੰਮਾਂ ਨੂੰ ਦਿਖਾਇਆ ਗਿਆ, ਅਤੇ ਹੋਰ ਰਾਜਾਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਵਿੱਚ ਸਾਲ 2026-27 ਵਿੱਚ ਕੁਦਰਤੀ ਅਤੇ ਜੈਵਿਕ ਖੇਤੀ ਦਾ ਦਾਇਰਾ ਪਿਛਲੇ ਸਾਲ ਨਾਲੋਂ ਚਾਰ ਗੁਣਾ ਵਧ ਕੇ ਲਗਭਗ 50 ਹਜ਼ਾਰ ਏਕੜ ਤੱਕ ਪਹੁੰਚ ਜਾਵੇਗਾ ਅਤੇ ਸਾਲ 2030-31 ਤੱਕ ਇਸ ਨੂੰ 1 ਲੱਖ 50 ਹਜ਼ਾਰ ਏਕੜ ਤੱਕ ਪਹੁੰਚਾਉਣ ਦਾ ਟੀਚਾ ਹੈ। ਕੁਰੂਕਸ਼ੇਤਰ ਵਿੱਚ 2 ਹਜ਼ਾਰ ਏਕੜ ਦਾ ਕੁਦਰਤੀ ਮਾਡਲ ਕਲੱਸਟਰ ਵਿਕਸਤ ਕੀਤਾ ਜਾ ਰਿਹਾ ਹੈ। ਸਰਕਾਰ ਨੇ ਮੋਰਨੀ ਬਲਾਕ ਨੂੰ ਕੁਦਰਤੀ ਸਬਜ਼ੀਆਂ ਦੇ ਖੇਤਰ ਵਿੱਚ ਮਾਡਲ ਵਜੋਂ ਵਿਕਸਤ ਕਰਨ ਦਾ ਫ਼ੈਸਲਾ ਕੀਤਾ ਹੈ। ਇਸ ਲਈ ਕੇਂਦਰ ਸਰਕਾਰ ਤੋਂ ਹਰਿਆਣਾ ਦੀਆਂ ਖ਼ਾਸ ਸਥਿਤੀਆਂ ਅਤੇ ਪਹਿਲਕਦਮੀਆਂ ਦੇ ਮੱਦੇਨਜ਼ਰ ਇੱਕ ÷ਏਕੀਕ੍ਰਿਤ ਕੁਦਰਤੀ ਖੇਤੀ ਅਤੇ ਜਲ ਸੁਰੱਖਿਆ ਫੰਡਿੰਗ ਪੈਕੇਜ÷ ਦੇਣ ਦੀ ਮੰਗ ਕੀਤੀ ਗਈ ਹੈ। ਇਸ ਪੈਕੇਜ ਵਿੱਚ ਧਰਤੀ ਹੇਠਲੇ

ਬਾਕੀ ਸਫ਼ਾ 7 'ਤੇ

ਸੀਐਮ ਮਾਨ ਦੇ ਕਾਫ਼ਲੇ ਦੇ ਸਾਹਮਣੇ ਵਿਰੋਧ ਪ੍ਰਦਰਸ਼ਨ ਤੋਂ ਬਾਅਦ ਰਵਨੀਤ ਬਿੱਟੂ ਨੂੰ ਪੰਜਾਬ ਪੁਲਿਸ ਨੇ ਲਿਆ ਹਿਰਾਸਤ 'ਚ

ਦੇਸ਼ ਪ੍ਰਦੇਸ਼

ਲੁਧਿਆਣਾ,19 ਸਤੰਬਰ (ਸੂਰਜ):-: ਸਾਬਕਾ ਕੇਂਦਰੀ ਮੰਤਰੀ ਅਤੇ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਨੂੰ ਅੱਜ ਪੰਜਾਬ ਪੁਲਿਸ ਨੇ ਉਸ ਸਮੇਂ ਹਿਰਾਸਤ ਵਿੱਚ ਲੈ ਲਿਆ, ਜਦੋਂ ਉਨ੍ਹਾਂ ਨੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਗੇਟ ਨੇੜੇ ਮੁੱਖ ਮੰਤਰੀ ਭਗਵੰਤ ਮਾਨ ਦੇ ਕਾਫ਼ਲੇ ਦੇ ਲੰਘਣ ਸਮੇਂ ਵਿਰੋਧ ਪ੍ਰਦਰਸ਼ਨ ਕੀਤਾ। ਬਿੱਟੂ ਨੇ ਮੁੱਖ ਮੰਤਰੀ ਦੇ ਕਾਫ਼ਲੇ ਵੱਲ ਸ਼ਰਾਬ ਦੀ ਇੱਕ ਬੋਤਲ ਦਿਖਾਉਂਦਿਆਂ ਕਿਹਾ ਕਿ ਉਹ ਇਹ ਬੋਤਲ ਮੁੱਖ ਮੰਤਰੀ ਨੂੰ "ਵਾਪਸ"ਕਰ ਰਹੇ ਹਨ ਅਤੇ ਉਨ੍ਹਾਂ ਨੂੰ ਕਿਹਾ ਕਿ ਉਹ ਆਪਣੀ ਸ਼ਰਾਬ ਦਾ ਆਨੰਦ ਮਾਣਨ ਅਤੇ ਅਰਵਿੰਦ ਕੇਜਰੀਵਾਲ ਨੂੰ ਦਿੱਲੀ ਤੋਂ ਪੰਜਾਬ "ਲੁੱਟਣ"ਦੇਣ। ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਮੁੱਖ ਮੰਤਰੀ ਭਗਵੰਤ ਮਾਨ ਕਿਸਾਨ ਮੇਲੇ ਵਿੱਚ ਸ਼ਾਮਲ ਹੋਣ ਲਈ ਪੀਏਯੂ ਪਹੁੰਚੇ ਸਨ। ਬਿੱਟੂ ਨੇ ਕੱਲ੍ਹ ਬਟਾਲਾ ਨੇੜੇ ਉਨ੍ਹਾਂ ਦੀ ਗੱਡੀ 'ਤੇ ਕਥਿਤ ਤੌਰ 'ਤੇ ਸੁੱਟੇ ਗਏ ਅੰਡੇ ਅਤੇ ਟਮਾਟਰ ਵੀ ਵਾਪਸ ਕੀਤੇ। ਉਹ ਭਾਜਪਾ ਦੀ ਨਸ਼ਾ ਮੁਕਤ ਪੰਜਾਬ ਯਾਤਰਾ ਵਿੱਚ ਸ਼ਾਮਲ ਹੋਣ ਲਈ ਪਠਾਨਕੋਟ ਜਾ ਰਹੇ ਸਨ, ਜਦੋਂ ਉਨ੍ਹਾਂ ਦੇ ਕਾਫ਼ਲੇ 'ਤੇ ਕਥਿਤ ਤੌਰ 'ਤੇ ਹਮਲਾ ਕੀਤਾ ਗਿਆ ਸੀ। ਬਿੱਟੂ ਨੇ ਦੋਸ਼ ਲਗਾਇਆ ਸੀ ਕਿ ਉਨ੍ਹਾਂ ਦੇ ਕਾਫ਼ਲੇ 'ਤੇ ਹਮਲਾ ਕੀਤਾ ਗਿਆ ਅਤੇ ਵਾਹਨਾਂ ਨੂੰ ਵੀ ਨੁਕਸਾਨ ਪਹੁੰਚਾਇਆ ਗਿਆ। "ਕੱਲ੍ਹ ਮੇਰੇ ਕਾਫ਼ਲੇ 'ਤੇ ਅੰਡੇ ਅਤੇ ਟਮਾਟਰ ਸੁੱਟੇ ਗਏ ਸਨ। ਅੱਜ ਮੈਂ ਉਹੀ ਅੰਡੇ ਅਤੇ ਟਮਾਟਰ ਵਾਪਸ ਕੀਤੇ ਹਨ। ਜੇ ਆਮ ਆਦਮੀ ਪਾਰਟੀ ਦੇ ਵਰਕਰ ਭਾਜਪਾ ਆਗੂਆਂ, ਉਨ੍ਹਾਂ ਦੀਆਂ ਰੈਲੀਆਂ ਅਤੇ ਯਾਤਰਾਵਾਂ ਵਿੱਚ ਵਿਰੋਧ ਪ੍ਰਦਰਸ਼ਨ ਕਰਨਗੇ, ਤਾਂ ਭਾਜਪਾ ਵਰਕਰ ਵੀ ਪੰਜਾਬ ਸਰਕਾਰ ਅਤੇ ਇਸ ਦੇ ਆਗੂਆਂ ਖ਼ਿਲਾਫ਼ ਲੋਕਤੰਤਰਿਕ ਤਰੀਕੇ

ਬਾਕੀ ਸਫ਼ਾ 7 'ਤੇ

ਨਸ਼ਾ ਖ਼ਤਮ ਕਰਨ ਦੀਆਂ ਡੈੱਡਲਾਈਨਾਂ 6 ਵਾਰ ਬਦਲੀਆਂ, ਹੁਣ 'ਆਪ' ਸਰਕਾਰ ਤੋਂ ਕੋਈ ਉਮੀਦ ਨਹੀਂ' : ਰੇਖਾ ਗੁਪਤਾ

ਭਾਜਪਾ ਆਗੂਆਂ ਨੇ ਨਸ਼ਿਆਂ ਦੇ ਮੁੱਦੇ 'ਤੇ ਪੰਜਾਬ ਸਰਕਾਰ ਨੂੰ ਘੇਰਿਆ

ਦੇਸ਼ ਪ੍ਰਦੇਸ਼

ਫ਼ਤਹਿਗੜ੍ਹ ਸਾਹਿਬ, 10 ਸਤੰਬਰ (ਅਭਿਸ਼ੇਕ ਮਲਹੋਤਰਾ)- ਪੰਜਾਬ ਭਾਜਪਾ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਗਈ ਦੂਜੀ 'ਨਸ਼ਾ ਮੁਕਤ ਪੰਜਾਬ ਯਾਤਰਾ' ਫ਼ਤਹਿਗੜ੍ਹ ਸਾਹਿਬ ਤੋਂ ਰਵਾਨਾ ਕੀਤੀ ਗਈ। ਇਸ ਮੌਕੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਸਮੇਤ ਭਾਜਪਾ ਦੇ ਸੀਨੀਅਰ ਆਗੂਆਂ ਨੇ ਪੰਜਾਬ ਸਰਕਾਰ ਨੂੰ ਨਸ਼ਿਆਂ ਦੇ ਮੁੱਦੇ 'ਤੇ ਘੇਰਦਿਆਂ ਸਰਕਾਰ ਦੀ ਕਾਰਗੁਜ਼ਾਰੀ 'ਤੇ ਤਿੱਖੇ ਸਵਾਲ ਉਠਾਏ। ਰੇਖਾ ਗੁਪਤਾ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਨੇ ਪੰਜਾਬ ਦੀ ਸੱਤਾ ਸੰਭਾਲਣ ਸਮੇਂ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦਾ ਵਾਅਦਾ ਕੀਤਾ ਸੀ, ਪਰ ਉਨ੍ਹਾਂ ਅਨੁਸਾਰ ਇਹ ਸਮਾਂ-ਸੀਮਾ ਵਾਰ-ਵਾਰ ਅੱਗੇ ਵਧਾਈ ਗਈ ਅਤੇ ਹੁਣ ਤੱਕ ਛੇ ਵਾਰ ਡੈੱਡਲਾਈਨ ਬਦਲੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਅਜਿਹੀ ਸਰਕਾਰ ਤੋਂ ਨਸ਼ਾ ਖ਼ਤਮ ਕਰਨ ਦੀ ਉਮੀਦ ਕਰਨਾ ਮੁਸ਼ਕਲ ਹੈ। ਉਨ੍ਹਾਂ ਕਿਹਾ ਕਿ 13 ਦਿਨਾਂ ਦੀ ਇਹ ਯਾਤਰਾ ਸਿਰਫ਼ ਸਿਆਸੀ ਪ੍ਰੋਗਰਾਮ ਨਹੀਂ, ਸਗੋਂ ਪੰਜਾਬ ਨੂੰ ਨਸ਼ਿਆ, ਅਪਰਾਧ ਅਤੇ ਡਰ ਤੋਂ ਮੁਕਤ ਕਰਵਾਉਣ ਲਈ ਲੋਕਾਂ ਨੂੰ ਇਕਜੁੱਟ ਕਰਨ ਦੀ ਮੁਹਿੰਮ ਹੈ। ਗੁਪਤਾ ਨੇ ਅਰਵਿੰਦ ਕੇਜਰੀਵਾਲ 'ਤੇ ਪੰਜਾਬ ਦੀ ਸਰਕਾਰ ਵਿੱਚ ਕਥਿਤ ਦਖ਼ਲਅੰਦਾਜ਼ੀ ਦਾ ਦੋਸ਼ ਲਾਉਂਦਿਆਂ ਪੰਜਾਬ ਦੇ ਸਰੋਤਾਂ ਅਤੇ ਕਰਜ਼ੇ ਸਬੰਧੀ ਵੀ

ਬਾਕੀ ਸਫ਼ਾ 7 'ਤੇ

ਟਰੰਪ ਵੱਲੋਂ ਰੂਸ-ਈਰਾਨ ਪਾਬੰਦੀ ਕਾਨੂੰਨ 'ਤੇ ਦਸਤਖ਼ਤ ਹੋਣ ਨਾਲ ਭਾਰਤ 'ਤੇ 100 ਫ਼ੀਸਦੀ ਟੈਰਿਫ਼ ਦਾ ਖ਼ਦਸ਼ਾ ਵਧਿਆ

ਦੇਸ਼ ਪ੍ਰਦੇਸ਼

ਵਾਸ਼ਿੰਗਟਨ/ਨਵੀਂ ਦਿੱਲੀ,19 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ):- ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ੁੱਕਰਵਾਰ ਨੂੰ ਰੂਸ ਅਤੇ ਈਰਾਨ ਵਿਰੁੱਧ ਪਾਬੰਦੀਆਂ ਨੂੰ ਵਧਾਉਣ ਵਾਲੇ 'ਲਿੰਡਸੇ ਓ. ਗ੍ਰਾਹਮ ਸੈਂਕਸ਼ਨਿੰਗ ਰਸ਼ੀਆ ਐਂਡ ਇਰਾਨ ਐਕਟ ਆਫ਼ 2026' 'ਤੇ ਦਸਤਖ਼ਤ ਕਰਕੇ ਇਸ ਨੂੰ ਕਾਨੂੰਨ ਬਣਾ ਦਿੱਤਾ ਹੈ। ਇਸ ਕਾਨੂੰਨ ਨਾਲ ਅਮਰੀਕੀ ਰਾਸ਼ਟਰਪਤੀ ਨੂੰ ਰੂਸੀ ਤੇਲ ਅਤੇ ਗੈਸ ਖਰੀਦਣ ਵਾਲੇ ਕੁਝ ਦੇਸ਼ਾਂ 'ਤੇ 100 ਫ਼ੀਸਦੀ ਤੱਕ ਵਾਧੂ ਟੈਰਿਫ਼ ਲਗਾਉਣ ਦਾ ਅਧਿਕਾਰ ਮਿਲ ਗਿਆ ਹੈ। ਭਾਰਤ ਅਤੇ ਚੀਨ ਦੁਨੀਆ ਦੇ ਵੱਡੇ ਰੂਸੀ ਕੱਚੇ ਤੇਲ ਖਰੀਦਦਾਰ ਹੋਣ ਕਾਰਨ ਇਸ ਨਵੀਂ ਵਿਵਸਥਾ ਦੇ ਦਾਇਰੇ ਵਿੱਚ ਆ ਸਕਦੇ ਹਨ। ਹਾਲਾਂਕਿ, ਟਰੰਪ ਦੇ ਦਸਤਖ਼ਤ ਨਾਲ ਭਾਰਤ 'ਤੇ ਤੁਰੰਤ 100 ਫ਼ੀਸਦੀ ਟੈਰਿਫ਼ ਲਾਗੂ ਨਹੀਂ ਹੋਇਆ। ਕਾਨੂੰਨ ਅਜਿਹੇ ਟੈਰਿਫ਼ ਲਗਾਉਣ ਲਈ ਰਾਹ ਖੋਲ੍ਹਦਾ ਹੈ ਅਤੇ ਅੰਤਿਮ ਫ਼ੈਸਲਾ ਅਮਰੀਕੀ ਪ੍ਰਸ਼ਾਸਨ ਵੱਲੋਂ ਕੀਤਾ ਜਾਣਾ ਹੈ। ਕਾਨੂੰਨ ਮੁਤਾਬਕ ਰੂਸੀ ਕੱਚੇ ਤੇਲ ਜਾਂ ਕੁਦਰਤੀ ਗੈਸ ਦੇ ਸਭ ਤੋਂ ਵੱਡੇ ਪੰਜ ਖਰੀਦਦਾਰਾਂ ਵਿੱਚ ਸ਼ਾਮਲ ਦੇਸ਼ਾਂ ਦੇ ਅਮਰੀਕਾ ਨੂੰ ਹੋਣ ਵਾਲੇ ਸਮਾਨ 'ਤੇ 100 ਫ਼ੀਸਦੀ ਤੱਕ ਡਿਊਟੀ ਲਗਾਈ

2027 ਦੀਆਂ ਚੋਣਾਂ ਲਈ ਅਕਾਲੀ ਦਲ ਵੱਲੋਂ ਸਰਗਰਮੀਆਂ ਤੇਜ਼ : ਰਜਿੰਦਰ ਭੱਲਾ

ਕੋਟ ਇਸੇ ਖਾਂ 19 ਸਤੰਬਰ (ਸੰਜੀਵ ਸੂਦ) 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਦੀਆਂ ਸਰਗਰਮੀਆਂ ਤੇਜ਼ ਕੀਤੀਆਂ ਜਾ ਰਹੀਆਂ ਹਨ। ਪਾਰਟੀ ਵੱਲੋਂ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਲੋਕਾਂ ਨਾਲ ਸੰਪਰਕ ਵਧਾਉਣ ਅਤੇ ਵੱਖ-ਵੱਖ ਵਰਗਾਂ ਦੇ ਸੁਝਾਅ ਲੈਣ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਹਾਲ ਹੀ ਵਿੱਚ ਪਾਰਟੀ ਨੇ 2027 ਦੀਆਂ ਚੋਣਾਂ ਲਈ ਚੋਣ ਮਨੋਰਥ ਪੱਤਰ ਤਿਆਰ ਕਰਨ ਵਾਸਤੇ ਕਮੇਟੀ ਦਾ ਵੀ ਗਠਨ ਕੀਤਾ ਹੈ, ਜੋ ਪੰਜਾਬ ਦੇ ਵੱਖ-ਵੱਖ ਵਰਗਾਂ ਨਾਲ ਵਿਚਾਰ-ਵਟਾਂਦਰਾ ਕਰੇਗੀ। ਪ੍ਰੈੱਸ ਨਾਲ ਸਾਂਝੇ ਬਿਆਨ ਰਾਹੀਂ ਗੱਲਬਾਤ ਕਰਦੇ ਹੋਏ ਸੀਨੀਅਰ ਅਕਾਲੀ ਆਗੂ ਰਜਿੰਦਰ ਭੱਲਾ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਪਾਰਟੀ ਵੱਲੋਂ ਜ਼ਮੀਨੀ ਪੱਧਰ 'ਤੇ ਸਰਗਰਮੀਆਂ ਨੂੰ ਹੋਰ ਤੇਜ਼ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਮਜ਼ਬੂਤੀ ਇਸ ਦੇ ਮਿਹਨਤੀ ਵਰਕਰਾਂ ਨਾਲ ਹੈ ਅਤੇ ਪਾਰਟੀ ਦੇ ਵਰਕਰ ਪਿੰਡ-ਪਿੰਡ ਤੇ ਘਰ-ਘਰ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕਰਨ ਲਈ ਤਿਆਰ ਹਨ। ਰਜਿੰਦਰ ਭੱਲਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਸਮਝਣ ਲਈ ਲੋਕਾਂ ਦੀ ਰਾਏ ਨੂੰ ਮਹੱਤਵ ਦੇਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ 2027 ਦੇ ਚੋਣ ਮਨੋਰਥ ਪੱਤਰ ਲਈ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ, ਉਦਯੋਗਪਤੀਆਂ, ਨੌਜਵਾਨਾਂ, ਔਰਤਾਂ, ਮੁਲਾਜ਼ਮਾਂ, ਸਾਬਕਾ ਫੌਜੀਆਂ ਅਤੇ ਹੋਰ ਵਰਗਾਂ ਤੋਂ ਸੁਝਾਅ ਲੈਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਖੇਤੀਬਾੜੀ, ਨੌਜਵਾਨਾਂ ਲਈ ਰੁਜ਼ਗਾਰ, ਵਪਾਰ ਅਤੇ ਉਦਯੋਗ ਨੂੰ ਉਤਸ਼ਾਹਿਤ ਕਰਨਾ, ਮੁਲਾਜ਼ਮਾਂ ਦੀਆਂ ਸਮੱਸਿਆਵਾਂ ਅਤੇ ਪੰਜਾਬ ਦੇ ਸਮਾਜਿਕ ਤੇ ਆਰਥਿਕ ਮੁੱਦੇ ਅਜਿਹੇ ਵਿਸ਼ੇ ਹਨ, ਜਿਨ੍ਹਾਂ ਬਾਰੇ ਲੋਕਾਂ ਦੀ ਰਾਏ ਨੂੰ ਅੱਗੇ ਲਿਆਉਣਾ ਜ਼ਰੂਰੀ ਹੈ। ਉਨ੍ਹਾਂ ਅਨੁਸਾਰ ਪਾਰਟੀ ਵੱਲੋਂ ਲੋਕਾਂ ਤੋਂ ਮਿਲਣ ਵਾਲੇ ਸੁਝਾਵਾਂ ਨੂੰ ਚੋਣ ਮਨੋਰਥ ਪੱਤਰ ਦਾ ਆਧਾਰ ਬਣਾਉਣ ਦੀ ਗੱਲ ਕਹੀ ਗਈ ਹੈ। ਕੈਪਸ਼ਨ ਸਾਂਝੇ ਬਿਆਨ ਰਾਹੀਂ ਗੱਲਬਾਤ ਕਰਦੇ ਹੋਏ ਰਾਜਿੰਦਰ ਭੱਲਾ ।

ਮੁਸਲਿਮ ਭਾਈਚਾਰੇ ਵੱਲੋਂ ਜੁਮੇ ਦੀ ਨਮਾਜ਼ ਦਾ ਆਯੋਜਨ, ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕੀਤੀ ਸ਼ਿਰਕਤ

ਮੋਗਾ, 19 ਸਤੰਬਰ (ਜੁਗਰਾਜ ਸੰਘਾ): ਮੋਗਾ ਵਿਖੇ ਜੁਮੇ ਦੀ ਨਮਾਜ਼ ਦੇ ਮੌਕੇ 'ਤੇ ਮੁਸਲਿਮ ਭਾਈਚਾਰੇ ਵੱਲੋਂ ਕਰਵਾਏ ਗਏ ਸਮਾਗਮ ਵਿੱਚ ਹਲਕਾ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਮੁਸਲਿਮ ਭਾਈਚਾਰੇ ਵੱਲੋਂ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੂੰ ਸਿਰੋਪਾ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਮੁਸਲਿਮ ਭਾਈਚਾਰੇ ਦੇ ਮੈਂਬਰਾਂ ਨਾਲ ਮੁਲਾਕਾਤ ਕਰਦਿਆਂ ਆਪਸੀ ਪਿਆਰ, ਸਤਿਕਾਰ ਅਤੇ ਸਦਭਾਵਨਾ ਦਾ ਸੰਦੇਸ਼ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਮੋਗਾ ਸ਼ਹਿਰ ਦੀ ਖੂਬਸੂਰਤੀ ਇੱਥੋਂ ਦੇ ਲੋਕਾਂ ਦੀ ਆਪਸੀ ਭਾਈਚਾਰਕ ਸਾਂਝ ਅਤੇ ਸਾਂਝੀ ਸੱਭਿਆਚਾਰਕ ਵਿਰਾਸਤ ਵਿੱਚ ਹੈ। ਵੱਖ-ਵੱਖ ਧਰਮਾਂ ਅਤੇ ਭਾਈਚਾਰਿਆਂ ਦੇ ਲੋਕ ਇੱਕ-ਦੂਜੇ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੋ ਕੇ ਸਮਾਜ ਵਿੱਚ ਆਪਸੀ ਵਿਸ਼ਵਾਸ ਅਤੇ ਏਕਤਾ ਨੂੰ ਮਜ਼ਬੂਤ ਕਰਦੇ ਹਨ। ਵਿਧਾਇਕਾ ਨੇ ਕਿਹਾ ਕਿ ਸਮਾਜ ਵਿੱਚ ਆਪਸੀ ਪਿਆਰ, ਸਤਿਕਾਰ ਅਤੇ ਭਾਈਚਾਰਕ ਸਾਂਝ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਸਾਰੇ ਭਾਈਚਾਰਿਆਂ ਦੇ ਲੋਕਾਂ ਨੂੰ ਮਿਲ-ਜੁਲ ਕੇ ਸ਼ਾਂਤੀ, ਸਦਭਾਵਨਾ ਅਤੇ ਸਮਾਜਿਕ ਏਕਤਾ ਨੂੰ ਅੱਗੇ ਵਧਾਉਣ ਲਈ ਯਤਨ ਕਰਦੇ ਰਹਿਣਾ ਚਾਹੀਦਾ ਹੈ। ਉਨ੍ਹਾਂ ਮੁਸਲਿਮ ਭਾਈਚਾਰੇ ਵੱਲੋਂ ਦਿੱਤੇ ਸਨਮਾਨ ਲਈ ਧੰਨਵਾਦ ਵੀ ਪ੍ਰਗਟ ਕੀਤਾ। ਇਸ ਮੌਕੇ ਇਮਾਮ ਅਬਦੁਲ ਰਹਿਮਾਨ, ਮੁਸਲਿਮ ਬੋਰਡ ਦੇ ਮੈਂਬਰ ਮੁਹੰਮਦ ਅਸਲਮ, ਮੀਆਂ ਜੀ ਸਮੇਤ ਮੁਸਲਿਮ ਭਾਈਚਾਰੇ ਦੇ ਕਈ ਪਤਵੰਤੇ ਅਤੇ ਸਮਾਜ ਦੇ ਆਗੂ ਹਾਜ਼ਰ ਸਨ।

ਐਸ ਐਸ ਪੀ ਮੋਗਾ ਨੇ ਦਿੱਤੀ ਮੋਗਾ ਪੁਲਿਸ ਦੀ ਇੱਕ ਹਫਤੇ ਕਾਰਗੁਜ਼ਾਰੀ ਦੀ ਜਾਣਕਾਰੀ

ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ 30 ਮੁਕੱਦਮੇ ਦਰਜ, 42 ਦੋਸ਼ੀ ਗ੍ਰਿਫਤਾਰ ਅਤੇ 895 ਗ੍ਰਾਮ ਹੈਰੋਇਨ, 526 ਨਸ਼ੀਲੀਆਂ ਗੋਲੀਆਂ, 04 ਲੱਖ ਡਰੱਗ ਮਨੀ, 279 ਲੀਟਰ ਨਜਾਇਜ ਸਰਾਬ, 100 ਲੀਟਰ ਲਾਹਣ, 05 ਪਿਸਟਲ, 05 ਰਾਈਫਲ, 10 ਮੈਗਜੀਨ ਅਤੇ 120 ਰੌਂਦ ਬਰਾਮਦ

ਮੋਗਾ, 19 ਸਤੰਬਰ (ਜੁਗਰਾਜ ਸਿੰਘ ਸੰਘਾ) 9ਸ੍ਰੀ ਸਰਤਾਜ ਸਿੰਘ ਚਾਹਲ IPS, ਸੀਨੀਅਰ ਕਪਤਾਨ ਪੁਲਿਸ ਮੋਗਾ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਮੋਗਾ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਇਸ ਹਫਤੇ ਦੌਰਾਨ ਐਨ.ਡੀ.ਪੀ.ਐਸ ਐਕਟ ਦੇ ਕੁੱਲ 25 ਮੁਕੱਦਮੇ ਦਰਜ ਕਰਕੇ 34 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਹਨਾ ਪਾਸੋਂ 895 ਗ੍ਰਾਮ ਹੈਰੋਇਨ, 526 ਨਸ਼ੀਲੀਆਂ ਗੋਲੀਆਂ, 04 ਲੱਖ ਡਰੱਗ ਮਨੀ ਅਤੇ 02 ਵਹੀਕਲ ਬਰਾਮਦ ਕਰਵਾਈ। ਸ਼ਰਾਬ ਦਾ ਧੰਦਾ ਕਰਨ ਵਾਲਿਆ ਖਿਲਾਫ 03 ਮੁਕੱਦਮੇ ਦਰਜ ਕਰਕੇ, 03 ਦੋਸ਼ੀਆ ਨੂੰ ਗ੍ਰਿਫਤਾਰ ਕੀਤਾ ਤੇ ਉਹਨਾ ਪਾਸੋਂ 279 ਲੀਟਰ ਸ਼ਰਾਬ ਠੇਕਾਅਤੇ 100 ਲੀਟਰ ਲਾਹਣ ਬਰਾਮਦ ਕਰਵਾਈ। ਇਸ ਤੋਂ ਇਲਾਵਾ ਮਾੜੇ ਅਨਸਰਾ ਖਿਲਾਫ ਕਾਰਵਾਈ ਕਰਦੇ ਹੋਏ 02 ਮੁਕੱਦਮਾ ਦਰਜ ਕਰਕੇ 05 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਤੇ ਉਨ੍ਹਾਂ ਪਾਸੋਂ 05 ਪਿਸਟਲ, 05 ਰਾਈਫਲਾਂ, 10 ਮੈਗਜਿਨ, 10 ਰੌਂਦ ਅਤੇ 02 ਵਹੀਕਲ ਬਰਾਮਦ ਕਰਵਾਏ ਹਨ। ਇਸ ਅਰਸੇ ਦੌਰਾਨ 05 ਭਗੌੜੇ (ਪੀ.ਓ) ਗ੍ਰਿਫਤਾਰ ਕੀਤੇ ਹਨ। ਇਸੇ ਤਰ੍ਹਾਂ ਲੁੱਟ-ਖੋਹ/ਚੋਰੀਆਂ ਕਰਨ ਵਾਲੇ 15 ਦੋਸ਼ੀਆ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 04 ਮੋਟਰਸਾਈਲ, 01 ਸੋਨੇ ਦੀ ਮੁੰਦਰੀ, 01 ਗੰਡਾਸੀ, 02 ਕਾਪੇ ਅਤੇ 01 ਮੋਬਾਇਲ ਫੋਨ ਬਰਾਮਦ ਕੀਤਾ। ਪਬਲਿਕ ਨੂੰ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਬਰ ਵਿਅਕਤੀਆਂ ਨਾਲ ਮੀਟਿੰਗਾਂ/ਸੰਪਰਕ ਮੀਟਿੰਗਾਂ ਕਰਕੇ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਅਰਸੇ ਦੌਰਾਨ ਵੱਖ-ਵੱਖ ਗਜਟਿਡ ਅਫਸਰ/ਮੁੱਖ ਅਫਸਰਾਨ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਆਮ ਪਬਲਿਕ ਨਾਲ 40 ਸੈਮੀਨਾਰ/ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂੰ ਕਰਵਾਇਆ ਗਿਆ ਅਤੇ ਆਮ ਪਬਲਿਕ ਨੂੰ ਨਸ਼ੇ ਦਾ ਧੰਦਾ ਕਰਨ ਵਾਲੇ ਸਮੱਲਗਰਾਂ ਸਬੰਧੀ ਪੁਲਿਸ ਨੂੰ ਇਤਲਾਹ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ

ਐਸਪੀਐਸ ਹਸਪਤਾਲਜ਼ ਵੱਲੋਂ ਬੇਬੀਜੋਏ ਆਈਵੀਐਫ ਸੈਂਟਰ ਦੀ ਸ਼ੁਰੂਆਤ

ਸਰਬਜੀਤ ਸੂਫ਼ੀ ਲੁਧਿਆਣਾ, ਐਸਪੀਐਸ ਹਸਪਤਾਲਜ਼, ਲੁਧਿਆਣਾ ਵਿਖੇ ਬੇਬੀਜੋਏ ਆਈਵੀਐਫ ਫਰਟੀਲਿਟੀ ਸੈਂਟਰ ਦਾ ਉਦਘਾਟਨ ਪਰਮ ਪੂਜਨੀਕ ਐਚ.ਐਚ. ਸ੍ਰੀ ਸਤਿਗੁਰੂ ਉਦੈ ਸਿੰਘ ਜੀ ਦੀ ਪਾਵਨ ਹਾਜ਼ਰੀ ਵਿੱਚ ਕੀਤਾ ਗਿਆ। ਇਹ ਸੈਂਟਰ ਪ੍ਰਜਨਨ ਚਿਕਿਤਸਾ ਅਤੇ ਆਧੁਨਿਕ ਜਣਨ ਸਮਰੱਥਾ ਸੰਬੰਧੀ ਇਲਾਜ ਸੇਵਾਵਾਂ ਦਾ ਵਿਸਤਾਰ ਕਰੇਗਾ। ਸੈਂਟਰ ਵਿੱਚ ਆਈਵੀਐਫ, ਆਈਸੀਐਸਆਈ, ਆਈਯੂਆਈ, ਪੁਰਸ਼ ਅਤੇ ਮਹਿਲਾ ਬਾਂਝਪਨ ਦਾ ਇਲਾਜ, ਅੰਡਾਣੂ ਅਤੇ ਭ੍ਰੂਣ ਸੰਭਾਲ ਕੇ ਰੱਖਣ, ਜਣਨ ਸਮਰੱਥਾ ਦੀ ਜਾਂਚ ਅਤੇ ਸਲਾਹ-ਮਸ਼ਵਰੇ ਦੀਆਂ ਸਹੂਲਤਾਂ ਉਪਲਬਧ ਹੋਣਗੀਆਂ। ਬੇਬੀਜੋਏ ਆਈਵੀਐਫ ਦੇ ਡਾਇਰੈਕਟਰ ਸ੍ਰੀ ਵਿਵੇਕ ਕੌਹਲੀ ਅਤੇ ਸ੍ਰੀ ਜਗਤਜੀਤ ਸਿੰਘ ਨੇ ਲੈਬ ਡਾਇਰੈਕਟਰ ਡਾ. ਗੁਰਪ੍ਰੀਤ ਕੌਰ ਕੋਹਲੀ ਦੇ ਨਾਲ ਕਿਹਾ ਕਿ ਹਰ ਦੰਪਤੀ ਦੀ ਜਣਨ ਸਮਰੱਥਾ ਸੰਬੰਧੀ ਯਾਤਰਾ ਵੱਖਰੀ ਹੁੰਦੀ ਹੈ। ਸੈਂਟਰ ਵੱਲੋਂ ਵਿਅਕਤੀਗਤ, ਨੈਤਿਕ ਅਤੇ ਵਿਗਿਆਨਕ ਸਬੂਤਾਂ 'ਤੇ ਆਧਾਰਿਤ ਇਲਾਜ ਦੇ ਨਾਲ ਮਰੀਜ਼ਾਂ ਨੂੰ ਸਹੀ ਜਾਣਕਾਰੀ ਅਤੇ ਸਲਾਹ-ਮਸ਼ਵਰਾ ਦਿੱਤਾ ਜਾਵੇਗਾ। ਐਸਪੀਐਸ ਹਸਪਤਾਲਜ਼ ਦੇ ਮੁੱਖ ਸੰਚਾਲਨ ਅਧਿਕਾਰੀ ਸ੍ਰੀ ਯੋਗੇਂਦਰ ਨਾਥ ਅਵਧੀਆ ਨੇ ਕਿਹਾ ਕਿ ਜਣਨ ਸਮਰੱਥਾ ਦੇ ਇਲਾਜ ਵਿੱਚ ਵੱਖ-ਵੱਖ ਵਿਸ਼ੇਸ਼ ਸੇਵਾਵਾਂ ਵਿਚਕਾਰ ਬਿਹਤਰ ਤਾਲਮੇਲ ਦੀ ਲੋੜ ਹੁੰਦੀ ਹੈ। ਇਹ ਸੈਂਟਰ ਮਰੀਜ਼ਾਂ ਨੂੰ ਇੱਕੋ ਛੱਤ ਹੇਠ ਸਮੂਹਿਕ ਦੇਖਭਾਲ ਪ੍ਰਦਾਨ ਕਰਨ ਵਿੱਚ ਮਦਦਗਾਰ ਹੋਵੇਗਾ। ਪ੍ਰਬੰਧ ਨਿਰਦੇਸ਼ਕ ਸ੍ਰੀ ਜੈ ਸਿੰਘ ਸੰਧੂ ਨੇ ਕਿਹਾ ਕਿ ਬੇਬੀਜੋਏ ਆਈਵੀਐਫ ਦੀ ਸ਼ੁਰੂਆਤ ਹਸਪਤਾਲ ਦੀਆਂ ਵਿਸ਼ੇਸ਼ ਸਿਹਤ ਸੇਵਾਵਾਂ ਵਿੱਚ ਮਹੱਤਵਪੂਰਨ ਵਾਧਾ ਹੈ। ਇਸ ਦਾ ਉਦੇਸ਼ ਦੰਪਤੀਆਂ ਨੂੰ ਤਜਰਬੇਕਾਰ ਮਾਹਿਰਾਂ, ਆਧੁਨਿਕ ਤਕਨਾਲੋਜੀ ਅਤੇ ਭਰੋਸੇਯੋਗ ਹਸਪਤਾਲੀ ਮਾਹੌਲ ਵਿੱਚ ਉੱਚ ਪੱਧਰੀ ਇਲਾਜ ਮੁਹੱਈਆ ਕਰਵਾਉਣਾ ਹੈ। ਐਸਪੀਐਸ ਹਸਪਤਾਲਜ਼ 350 ਬਿਸਤਰਿਆਂ ਵਾਲਾ ਸੁਪਰ ਸਪੈਸ਼ਲਿਟੀ ਹਸਪਤਾਲ ਹੈ, ਜਿੱਥੇ 150 ਤੋਂ ਵੱਧ ਡਾਕਟਰ ਅਤੇ 100 ਤੋਂ ਵੱਧ ਆਈਸੀਯੂ ਬਿਸਤਰੇ ਹਨ। ਇੱਥੇ ਮੈਡੀਕਲ, ਸਰਜੀਕਲ, ਨਿਊਰੋ, ਦਿਲ ਦੇ ਰੋਗ, ਬਾਲ ਆਈਸੀਯੂ ਅਤੇ ਨਵਜਾਤ ਬੱਚਿਆਂ ਲਈ ਆਈਸੀਯੂ ਸਮੇਤ 24 ਘੰਟੇ ਐਮਰਜੈਂਸੀ ਅਤੇ ਗੰਭੀਰ ਮਰੀਜ਼ਾਂ ਦੀ ਦੇਖਭਾਲ ਦੀਆਂ ਸੇਵਾਵਾਂ ਉਪਲਬਧ ਹਨ।

ਕਿਸਾਨ ਮੋਰਚੇ ਦੇ ਸੀਨੀਅਰ ਆਗੂ ਬੂਟਾ ਸਿੰਘ ਸ਼ਾਦੀਪੁਰ ਦਾ ਸਨਮਾਨ

• ਕਿਸਾਨਾਂ ਦੀ ਏਕਤਾ ਅਤੇ ਜਥੇਬੰਦਕ ਤਾਕਤ ਹੀ ਸੰਘਰਸ਼ ਦੀ ਮੁੱਖ ਤਾਕਤ : ਸ਼ਾਦੀਪੁਰ

ਭੁਨਰਹੇੜੀ /ਸਨੌਰ , 19 ਸਤੰਬਰ (ਰਾਜਿੰਦਰ ਸਿੰਘ ਥਿੰਦ): ਪਿੰਡ ਕਾਠਗੜ੍ਹ ਵਿਖੇ ਸੰਯੁਕਤ ਕਿਸਾਨ ਮੋਰਚੇ ਦੀ ਹੋਈ ਜਿੱਤ ਦੀ ਖੁਸ਼ੀ ਵਿਚ ਭਾਰਤੀ ਕਿਸਾਨ ਯੂਨੀਅਨ (ਸ਼ਾਦੀਪੁਰ) ਵੱਲੋਂ ਜਿੱਤੇ ਸਮਾਗਮ ਕਰਵਾਇਆ ਗਿਆ। ਇਸ ਮੌਕੇ ਯੂਨੀਅਨ ਦੇ ਕੌਮੀ ਪ੍ਰਧਾਨ ਬੂਟਾ ਸਿੰਘ ਸ਼ਾਦੀਪੁਰ ਦਾ ਪਿੰਡ ਵਾਸੀਆਂ ਅਤੇ ਕਿਸਾਨ ਆਗੂਆਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਕਿਸਾਨੀ ਸੰਘਰਸ਼ ਵਿੱਚ ਨਿਭਾਈ ਭੂਮਿਕਾ ਦੀ ਸ਼ਲਾਘਾ ਕੀਤੀ ਗਈ।ਸਮਾਗਮ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ (ਸ਼ਾਦੀਪੁਰ) ਦੇ ਕੌਮੀ ਪ੍ਰਧਾਨ ਬੂਟਾ ਸਿੰਘ ਸ਼ਾਦੀਪੁਰ ਨੇ ਕਿਹਾ ਕਿ ਕਿਸਾਨੀ ਹੱਕਾਂ ਅਤੇ ਮੰਗਾਂ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਵੱਲੋਂ ਲੰਮੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਕਿਸਾਨਾਂ ਨੇ ਇਕਜੁੱਟ ਹੋ ਕੇ ਆਪਣੀ ਆਵਾਜ਼ ਬੁਲੰਦ ਕੀਤੀ ਅਤੇ ਕਿਸਾਨੀ ਮਸਲਿਆਂ ਨੂੰ ਮਜ਼ਬੂਤੀ ਨਾਲ ਉਠਾਇਆ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਏਕਤਾ ਅਤੇ ਜਥੇਬੰਦਕ ਤਾਕਤ ਹੀ ਸੰਘਰਸ਼ ਦੀ ਮੁੱਖ ਤਾਕਤ ਹੈ।ਸ਼ਾਦੀਪੁਰ ਨੇ ਅੱਗੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੀ ਜਿੱਤ ਕਿਸਾਨਾਂ ਦੀ ਏਕਤਾ, ਸਬਰ ਅਤੇ ਲੰਮੇ ਸੰਘਰਸ਼ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਜਥੇਬੰਦੀਆਂ ਨੂੰ ਆਪਣੇ ਹੱਕਾਂ ਦੀ ਰਾਖੀ ਲਈ ਆਪਸੀ ਏਕਤਾ ਨੂੰ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਕਿਸਾਨਾਂ ਦੇ ਹੱਕਾਂ ਅਤੇ ਮੰਗਾਂ ਲਈ ਭਾਰਤੀ ਕਿਸਾਨ ਯੂਨੀਅਨ (ਸ਼ਾਦੀਪੁਰ) ਵੱਲੋਂ ਭਵਿੱਖ ਵਿੱਚ ਵੀ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਾਠਗੜ੍ਹ ਦੇ ਪਿੰਡ ਵਾਸੀਆਂ ਵੱਲੋਂ ਕੀਤੇ ਗਏ ਸਨਮਾਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਕਿਸਾਨਾਂ ਵਿੱਚ ਹੌਸਲਾ ਅਤੇ ਏਕਤਾ ਪੈਦਾ ਕਰਦੇ ਹਨ। ਇਸ ਮੌਕੇ ਕਿਸਾਨ ਆਗੂਆਂ ਅਤੇ ਪਿੰਡ ਵਾਸੀਆਂ ਨੇ ਕਿਸਾਨੀ ਮਸਲਿਆਂ ਸਬੰਧੀ ਵਿਚਾਰ-ਵਟਾਂਦਰਾ ਵੀ ਕੀਤਾ। ਇਸ ਮੌਕੇ ਹੈਪੀ ਕਠਗੜ੍ਹ, ਗੁਰਮੀਤ ਕਾਲਾ, ਜਸਵਿੰਦਰ ਮਾਨ, ਮਨਿੰਦਰ ਮਾਡੂ, ਗੁਰਵਿੰਦਰ ਸਿੰਘ, ਹਰਬੰਸ ਸਿੰਘ ਦਦਹੇੜਾ, ਭੁਪਿੰਦਰ ਸ਼ੰਕਰਪੁਰ, ਗੁਰਲਾਲ ਖੇੜੀ, ਜਿੰਮਾ ਖਰੌੜ , ਸੀਨੀਅਰ ਆਗੂ ਸੁਬੇਗ ਸਿੰਘ, ਬਲਦੇਵ ਸਿੰਘ, ਸੁੱਖਾ ਘੁੰਮਣ, ਸੁਖਮਨ ਸਿੰਘ ਸੰਧੂ, ਬਲਵਿੰਦਰ ਸਿੰਘ ਲਹੌਰੀਆ, ਸਾਹਿਬ ਸਿੰਘ ਬਾਜਵਾ, ਜਗੀਰ ਸਿੰਘ ਅਲੀਪੁਰ, ਗੁਲਾਬ ਸਿੰਘ ਖਤੌਲੀ, ਗੁਰਜਿੰਦਰ ਕਾਲਾ, ਬੰਟੀ, ਸੁਰਜੀਤ ਗੱਜੂ ਮਾਜਰਾ, ਸ

ਸੈਦਪੁਰ ਦੇ ਨਵੇਂ ਬਣੇ ਖੇਡ ਸਟੇਡੀਅਮ ਦੀ ਹਾਲਤ ਵੇਖ ਕੇ ਸਾਬਕਾ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਸਰਕਾਰ ਨੂੰ ਘੇਰਿਆ

ਸ਼ਸ਼ੀ ਪਾਲ ਜੈਨ

ਮੋਹਾਲੀ, 19 ਸਤੰਬਰ : ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਪਿੰਡ ਪੱਧਰ 'ਤੇ ਖੇਡਾਂ ਦਾ ਬੁਨਿਆਦੀ ਢਾਂਚਾ ਮਜ਼ਬੂਤ ਕਰਨ ਦੇ ਦਾਅਵਿਆਂ ਦਰਮਿਆਨ ਮੋਹਾਲੀ ਹਲਕੇ ਦੇ ਪਿੰਡ ਸੈਦਪੁਰ ਵਿੱਚ ਬਣਾਇਆ ਗਿਆ ਨਵਾਂ ਖੇਡ ਸਟੇਡੀਅਮ ਸਵਾਲਾਂ ਦੇ ਘੇਰੇ ਵਿੱਚ ਆ ਗਿਆ ਹੈ। ਮੋਹਾਲੀ ਨਗਰ ਨਿਗਮ ਦੇ ਸਾਬਕਾ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਸਟੇਡੀਅਮ ਦਾ ਮੌਕੇ 'ਤੇ ਦੌਰਾ ਕਰਕੇ ਇਸ ਦੀ ਹਾਲਤ ਦਿਖਾਈ ਅਤੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਤਿੱਖੇ ਸਵਾਲ ਚੁੱਕੇ। ਬੇਦੀ ਨੇ ਦੋਸ਼ ਲਾਇਆ ਕਿ ਸਰਕਾਰੀ ਪੈਸੇ ਨਾਲ ਸਟੇਡੀਅਮ ਦਾ ਢਾਂਚਾ ਤਾਂ ਖੜ੍ਹਾ ਕਰ ਦਿੱਤਾ ਗਿਆ, ਪਰ ਇਸ ਨੂੰ ਆਮ ਲੋਕਾਂ ਅਤੇ ਖਿਡਾਰੀਆਂ ਤੱਕ ਪਹੁੰਚਯੋਗ ਬਣਾਉਣ ਲਈ ਸਭ ਤੋਂ ਜ਼ਰੂਰੀ ਚੀਜ਼—ਰਸਤਾ—ਹੀ ਨਹੀਂ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਜੇਕਰ ਖਿਡਾਰੀ ਮੈਦਾਨ ਤੱਕ ਆਸਾਨੀ ਨਾਲ ਪਹੁੰਚ ਹੀ ਨਹੀਂ ਸਕਦਾ ਤਾਂ ਫਿਰ ਅਜਿਹਾ ਸਟੇਡੀਅਮ ਬਣਾਉਣ ਦਾ ਮਕਸਦ ਕੀ ਹੈ? ਸਟੇਡੀਅਮ ਵੱਲ ਜਾਂਦੇ ਰਸਤੇ ਦੀ ਹਾਲਤ ਦਿਖਾਉਂਦਿਆਂ ਬੇਦੀ ਨੇ ਕਿਹਾ ਕਿ ਇਹ ਕੋਈ ਆਮ ਖੇਡ ਮੈਦਾਨ ਨਹੀਂ, ਸਗੋਂ ਸਰਕਾਰੀ ਖ਼ਰਚੇ ਨਾਲ ਤਿਆਰ ਕੀਤਾ ਗਿਆ ਪ੍ਰਾਜੈਕਟ ਹੈ। ਇਸ ਦੇ ਬਾਵਜੂਦ ਇੱਥੇ ਪਹੁੰਚਣ ਲਈ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਸਵਾਲ ਕੀਤਾ ਕਿ ਪ੍ਰਾਜੈਕਟ ਤਿਆਰ ਕਰਨ ਵਾਲਿਆਂ ਨੇ ਕੀ ਸਿਰਫ਼ ਸਟੇਡੀਅਮ ਦੀਆਂ ਚਾਰ ਦੀਵਾਰਾਂ ਅਤੇ ਫੈਂਸਿੰਗ ਦੇਖੀ ਜਾਂ ਇਸ ਤੱਕ ਪਹੁੰਚਣ ਵਾਲਾ ਰਸਤਾ ਵੀ ਕਦੇ ਮੌਕੇ 'ਤੇ ਜਾ ਕੇ ਦੇਖਿਆ? ਬੇਦੀ ਮੁਤਾਬਕ ਸਟੇਡੀਅਮ ਦੇ ਆਲੇ-ਦੁਆਲੇ ਫੈਂਸਿੰਗ ਸਮੇਤ ਹੋਰ ਕੰਮਾਂ 'ਤੇ ਲੱਖਾਂ ਰੁਪਏ ਖਰਚ ਕੀਤੇ ਗਏ ਹਨ ਅਤੇ ਕਮਰੇ ਵੀ ਬਣਾਏ ਗਏ ਹਨ, ਜਿਨ

ਦਾ ਰੰਗ ਵੀ ਆਮ ਆਦਮੀ ਪਾਰਟੀ ਦਾ ਰੰਗ ਹੈ। ਪਰ ਬੁਨਿਆਦੀ ਸਹੂਲਤਾਂ ਦੀ ਹਾਲਤ ਤਸੱਲੀਬਖਸ਼ ਨਹੀਂ ਹੈ। ਉਨ੍ਹਾਂ ਬਾਥਰੂਮਾਂ ਦੀ ਮਾੜੀ ਹਾਲਤ ਵੱਲ ਵੀ ਧਿਆਨ ਦਿਵਾਇਆ ਅਤੇ ਕਿਹਾ ਕਿ ਜੇਕਰ ਇੱਥੇ ਖੇਡ ਮੁਕਾਬਲੇ ਕਰਵਾਉਣੇ ਹਨ ਤਾਂ ਖਿਡਾਰੀਆਂ ਅਤੇ ਦਰਸ਼ਕਾਂ ਲਈ ਮੁੱਢਲੀਆਂ ਸਹੂਲਤਾਂ ਵੀ ਲਾਜ਼ਮੀ ਹਨ। ਬੇਦੀ ਨੇ ਸਟੇਡੀਅਮ ਦੇ ਨੇੜੇ ਲੰਘਦੇ ਨਾਲੇ ਦਾ ਮੁੱਦਾ ਵੀ ਉਠਾਇਆ। ਉਨ੍ਹਾਂ ਕਿਹਾ ਕਿ ਲਖਨੌਰ ਵੱਲੋਂ ਆਉਣ ਵਾਲੇ ਨਾਲੇ ਦਾ ਪਾਣੀ ਵੱਧ ਜਾਣ 'ਤੇ ਆਲੇ-ਦੁਆਲੇ ਦਾ ਇਲਾਕਾ ਪ੍ਰਭਾਵਿਤ ਹੁੰਦਾ ਹੈ ਅਤੇ ਖੇਤੀਬਾੜੀ ਵਾਲੀ ਜ਼ਮੀਨ ਵਿੱਚ ਪਾਣੀ ਦਾਖਲ ਹੋਣ ਕਾਰਨ ਫਸਲਾਂ ਨੂੰ ਵੀ ਨੁਕਸਾਨ ਪਹੁੰਚਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਟੇਡੀਅਮ ਨਾਲ ਆਮ ਆਦਮੀ ਪਾਰਟੀ ਦੇ ਝੰਡੇ ਲਗਾ ਕੇ ਫੋਟੋਆਂ ਖਿੱਚੀਆਂ ਗਈਆਂ ਅਤੇ ਇਸ ਨੂੰ ਸਰਕਾਰ ਦੀ ਉਪਲਬਧੀ ਵਜੋਂ ਪ੍ਰਚਾਰਿਤ ਕੀਤਾ ਗਿਆ, ਪਰ ਅੱਜ ਸਵਾਲ ਇਹ ਹੈ ਕਿ ਇੱਥੇ ਖੇਡਣ ਲਈ ਖਿਡਾਰੀ ਕਿਵੇਂ ਪਹੁੰਚੇਗਾ? ਉਨ੍ਹਾਂ ਤਨਜ਼ ਕਰਦਿਆਂ ਕਿਹਾ ਕਿ "ਫੋਟੋ ਖਿੱਚਣ ਲਈ ਰਸਤਾ ਲੱਭ ਲਿਆ ਗਿਆ, ਪਰ ਖਿਡਾਰੀਆਂ ਲਈ ਰਸਤਾ ਨਹੀਂ ਬਣਾਇਆ ਗਿਆ।"ਬੇਦੀ ਨੇ ਕਿਹਾ ਕਿ ਸਰਕਾਰ ਜੇਕਰ ਸੱਚਮੁੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡਾਂ ਵੱਲ ਲਿਆਉਣਾ ਚਾਹੁੰਦੀ ਹੈ ਤਾਂ ਸਿਰਫ਼ ਸਟੇਡੀਅਮ ਦਾ ਬੋਰਡ ਲਗਾਉਣ ਨਾਲ ਕੰਮ ਨਹੀਂ ਚੱਲੇਗਾ; ਮੈਦਾਨ ਤੱਕ ਪਹੁੰਚ, ਸੁਰੱਖਿਆ, ਪਾਣੀ, ਬਾਥਰੂਮ, ਰੌਸ਼ਨੀ ਅਤੇ ਹੋਰ ਬੁਨਿਆਦੀ ਸਹੂਲਤਾਂ ਵੀ ਦੇਣੀਆਂ ਪੈਣਗੀਆਂ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਪੰਜਾਬ ਦੇ ਹਰ ਪਿੰਡ ਵਿੱਚ ਖਿਡਾਰੀਆਂ ਨੂੰ ਖੇਡ ਸਹੂਲਤਾਂ ਦੇਣ ਦੀ ਗੱਲ ਕਰਦੀ ਹੈ ਤਾਂ ਸੈਦਪੁਰ ਵਰਗੇ ਸਥਾਨਾਂ 'ਤੇ ਬਣਾਏ ਗਏ ਸਟੇਡੀਅਮਾਂ ਦੀ ਅਸਲ ਵਰਤੋਂ ਯਕੀਨੀ ਬਣਾਉਣਾ ਵੀ ਸਰਕਾਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਪੱਧਰ 'ਤੇ ਮੈਡਲ ਜਿੱਤਣ ਦੇ ਸੁਪਨੇ ਦੇਖਣ ਤੋਂ ਪਹਿਲਾਂ ਪਿੰਡ ਦੇ ਬੱਚੇ ਨੂੰ ਆਪਣੇ ਨੇੜੇ ਇੱਕ ਅਜਿਹਾ ਮੈਦਾਨ ਮਿਲਣਾ ਚਾਹੀਦਾ ਹੈ ਜਿੱਥੇ ਉਹ ਸੁਰੱਖਿਅਤ ਢੰਗ ਨਾਲ ਪਹੁੰਚ ਕੇ ਖੇਡ ਸਕੇ। ਬੇਦੀ ਨੇ ਸਰਕਾਰ ਤੋਂ ਮੰਗ ਕੀਤੀ ਕਿ ਸੈਦਪੁਰ ਸਟੇਡੀਅਮ ਦੀ ਉਸਾਰੀ 'ਤੇ ਹੋਏ ਖਰਚੇ, ਇਸ ਦੇ ਨਕਸ਼ੇ, ਸਥਾਨ ਦੀ ਚੋਣ, ਨਿਰਮਾਣ ਦੀ ਗੁਣਵੱਤਾ ਅਤੇ ਸਟੇਡੀਅਮ ਤੱਕ ਪਹੁੰਚ ਲਈ ਰਸਤੇ ਦੀ ਵਿਵਸਥਾ ਦੀ ਜਾਂਚ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਲੋਕਾਂ ਦੇ ਪੈਸੇ ਨਾਲ ਬਣਿਆ ਕੋਈ ਵੀ ਪ੍ਰਾਜੈਕਟ ਸਿਰਫ਼ ਉਦਘਾਟਨ, ਫੋਟੋਆਂ ਅਤੇ ਇਸ਼ਤਿਹਾਰਾਂ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ। ਉਨ੍ਹਾਂ ਦੇ ਸ਼ਬਦਾਂ ਵਿੱਚ, "ਸਟੇਡੀਅਮ ਉਹ ਹੁੰਦਾ ਹੈ ਜਿੱਥੇ ਖਿਡਾਰੀ ਪਹੁੰਚਣ, ਖੇਡਣ ਅਤੇ ਅੱਗੇ ਵਧਣ; ਸਿਰਫ਼ ਉਹ ਜਗ ਹਾ ਨਹੀਂ ਜਿੱਥੇ ਸਰਕਾਰ ਆਪਣੀ ਤਸਵੀਰ ਖਿੱਚਵਾ ਕੇ ਉਪਲਬਧੀ ਗਿਣਾਏ। ਬੇਦੀ ਨੇ ਕਿਹਾ ਕਿ ਉਹ ਸੈਦਪੁਰ ਦੇ ਇਸ ਸਟੇਡੀਅਮ ਦੀ ਜ਼ਮੀਨੀ ਹਕੀਕਤ ਲੋਕਾਂ ਸਾਹਮਣੇ ਲਿਆਉਣ ਲਈ ਇੱਥੇ ਪਹੁੰਚੇ ਹਨ ਅਤੇ ਸਰਕਾਰ ਨੂੰ ਦੱਸਣਾ ਚਾਹੁੰਦੇ ਹਨ ਕਿ ਕਾਗਜ਼ਾਂ 'ਤੇ ਬਣੇ ਖੇਡ ਢਾਂਚੇ ਅਤੇ ਜ਼ਮੀਨ 'ਤੇ ਲੋਕਾਂ ਦੇ ਕੰਮ ਆਉਣ ਵਾਲੇ ਖੇਡ ਢਾਂਚੇ ਵਿੱਚ ਵੱਡਾ ਫ਼ਰਕ ਹੁੰਦਾ ਹੈ। ਉਨ੍ਹਾਂ ਮੰਗ ਕੀਤੀ ਕਿ ਸਟੇਡੀਅਮ ਨੂੰ ਤੁਰੰਤ ਵਰਤੋਂਯੋਗ ਬਣਾਉਣ ਲਈ ਪਹੁੰਚ ਦਾ ਪੱਕਾ ਰਸਤਾ, ਪਾਣੀ ਦੀ ਨਿਕਾਸੀ, ਬਾਥਰੂਮਾਂ ਦੀ ਮੁਰੰਮਤ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ, ਤਾਂ ਜੋ ਸੈਦਪੁਰ ਦਾ ਇਹ ਖੇਡ ਮੈਦਾਨ ਸਿਰਫ਼ ਸਰਕਾਰੀ ਪ੍ਰਚਾਰ ਦਾ ਹਿੱਸਾ ਨਾ ਰਹਿ ਕੇ ਅਸਲ ਵਿੱਚ ਪਿੰਡ ਦੇ ਨੌਜਵਾਨਾਂ ਲਈ ਖੇਡਾਂ ਦਾ ਕੇਂਦਰ ਬਣ ਸਕੇ।

ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ ਮੋਹਾਲੀ ਤੋਂ 3 ਬੱਸਾਂ ਰਵਾਨਾ

ਮੋਹਾਲੀ, 19 ਸਿਤੰਬਰ (ਬਿਊਰੋ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ -ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ- ਦੇ ਤਹਿਤ ਅੱਜ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਕੁਲਵੰਤ ਸਿੰਘ ਵਿਧਾਇਕ ਦੀ ਦੇਖ-ਰੇਖ ਹੇਠ 3 ਬੱਸਾਂ ਨੂੰ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ ਕੀਤਾ ਗਿਆ। ਸੀਨੀਅਰ ਸਿਟੀਜਨ ਸ਼ਰਧਾਲੂਆਂ ਨਾਲ ਭਰੀ ਪਿੰਡ ਗੁਡਾਣਾ ਤੋਂ ਪਿੰਡ ਦੇ ਸਰਪੰਚ ਗੁਰਜੰਟ ਸਿੰਘ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ, ਜਦਕਿ ਜੁਝਾਰ ਨਗਰ ਤੋਂ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਜਾਣ ਵਾਲੀ ਬੱਸ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਕੋਆਰਡੀਨੇਟਰ - ਫੂਲਰਾਜ ਸਿੰਘ, ਮੋਹਾਲੀ ਨਗਰ ਨਿਗਮ ਦੇ ਸੀਨੀਅਰ ਡਿਪਟੀ ਮੇਅਰ-ਰਜਿੰਦਰ ਪ੍ਰਸਾਦ ਸ਼ਰਮਾ ਅਤੇ ਡਿਪਟੀ ਮੇਅਰ- ਹਰਪਾਲ ਸਿੰਘ ਚੰਨਾ ਦੇ ਵੱਲੋਂ ਸਾਂਝੇ ਤੌਰ ਤੇ ਹਰੀ ਝੰਡੀ ਦਿੱਤੀ ਗਈ , ਜਦਕਿ ਤੀਸਰੀ ਬੱਸ ਪਿੰਡ ਧਰਮਗੜ੍ਹ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਦਰਸ਼ਨਾਂ ਲਈ ਰਵਾਨਾ ਕੀਤੀ ਗਈ, ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਕੋਆਰਡੀਨੇਟਰ - ਫੂਲਰਾਜ ਸਿੰਘ ,ਮੋਹਾਲੀ ਨਗਰ ਨਿਗਮ ਦੇ ਸੀਨੀਅਰ ਡਿਪਟੀ ਮੇਅਰ- ਰਜਿੰਦਰ ਪ੍ਰਸਾਦ ਸ਼ਰਮਾ ਅਤੇ ਡਿਪਟੀ ਮੇਅਰ ਮੋਹਾਲੀ ਨਗਰ ਨਿਗਮ - ਹਰਪਾਲ ਸਿੰਘ ਚੰਨਾਂ ਨੇ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਜਿੱਥੇ ਪਹਿਲਾਂ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਹੀ ਬੱਸਾਂ ਰਵਾਨਾ ਹੁੰਦੀਆਂ ਸਨ, ਹੁਣ ਉਸ ਦੇ ਨਾਲ ਹੀ ਇਸੇ ਯਾਤਰਾ ਯੋਜਨਾ ਦੇ ਤਹਿਤ ਖਾਟੂ ਸ਼ਾਮ, ਬਾਲਾ ਸਰ, ਵਰਿੰਦਾਵਨ ,ਹਰਿਦੁਆਰ ਦੇ ਦਰਸ਼ਨਾਂ ਲਈ ਵੀ ਮੋਹਾਲੀ ਵਿਧਾਨ ਸਭਾ ਹਲਕੇ ਤੋਂ ਬੱਸਾਂ ਜਾਣੀਆਂ ਸ਼ੁਰੂ ਹੋ ਗਈਆਂ ਹਨ, ਇਸ ਮੌਕੇ ਤੇ ਸਟੇਟ ਅਵਾਰਡੀ - ਫੂਲਰਾਜ ਸਿੰਘ ਤੋਂ ਇਲਾਵਾ ਨਗਰ ਨਿਗਮ ਮੋਹਾਲੀ ਦੇ ਸੀਨੀਅਰ ਡਿਪਟੀ ਮੇਅਰ - ਰਜਿੰਦਰ ਪ੍ਰਸਾਦ ਸ਼ਰਮਾ , ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਗੁਰਜੰਟ ਸਿੰਘ ਸਰਪੰਚ ਗਡਾਣਾ, ਸਤਪਾਲ ਸਿੰਘ ਮੈਂਬਰ ਪੰਚਾਇਤ ਜਗਤਾਰ ਸਿੰਘ- ਸਾਬਕਾ ਮੈਂਬਰ ਪੰਚਾਇਤ, ਮਨਿੰਦਰ ਸਿੰਘ, ਗੁਰਸੇਵਕ ਸਿੰਘ, ਗੁਰਵਿੰਦਰ ਸਿੰਘ, ਈਸ਼ਰ ਸਿੰਘ, ਸੁਖ ਇੰਦਰ ਸਿੰਘ- (ਸਾਰੇ ਮੈਂਬਰ ਪੰਚਾਇਤ), ਪ੍ਰਗਟ ਸਿੰਘ, ਨਿਰਵੈਰ ਸਿੰਘ, ਗੁਰਿੰਦਰ ਪਾਲ ਸਿੰਘ, ਬਲਜੀਤ ਸਿੰਘ ਹੈਪੀ, ਪ੍ਰਗਟ ਸਿੰਘ ਰਾਏਪੁਰ ਕਲਾਂ ,ਹਰਵਿੰਦਰ ਪਾਲ ਸਿੰਘ, ਗੋਰਾ ਮੋਹਾਲੀ ,ਲਵਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਮੋਹਤਰਮ ਵਿਅਕਤੀ ਵੀ ਮੌਜੂਦ ਰਹੇ।

ਮੰਤਰੀ ਤੀਰਥ ਯਾਤਰਾ ਯੋਜਨਾ ਨੂੰ ਲੈ ਕੇ ਸੀਨੀਅਰ ਸਿਟੀਜਨ ਸ਼ਰਧਾਲੂਆਂ ਦੇ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ ਅਤੇ ਜਿਉਂ ਜਿਉਂ ਲੋਕੀ ਇਸ ਯਾਤਰਾ ਤੇ ਵੱਖ-ਵੱਖ ਤੀਰਥ ਅਸਥਾਨਾਂ ਦੇ ਦਰਸ਼ਨ ਕਰਕੇ ਵਾਪਸ ਆਪਣੇ ਘਰ ਪਰਤਦੇ ਹਨ, ਤਾਂ ਤਿਉਂ ਹੀ ਇਸ ਯਾਤਰਾ ਦੇ ਆਪਣੇ ਅਨੁਭਵ ਨੂੰ ਆਪਣੇ ਸਕੇ -ਸਬੰਧੀਆਂ ਨਾਲ ਸਾਂਝਾ ਕਰਦੇ ਹਨ, ਤਾਂ ਅਗਲੇ ਹੀ ਦਿਨ ਰਜਿਸਟਰੇਸ਼ਨ ਕਰਵਾਉਣ ਵਾਲਿਆਂ ਦੀ ਗਿਣਤੀ ਪਹਿਲਾਂ ਦੇ ਮੁਕਾਬਲਤਨ ਹੋਰ ਵਧ ਜਾਂਦੀ ਹੈ। ਫੂਲਰਾਜ ਸਿੰਘ- ਸਟੇਟ ਅਵਾਰਡੀ ਨੇ ਗੱਲਬਾਤ ਦੌਰਾਨ ਦੱਸਿਆ ਕਿ ਯਾਤਰਾ ਤੇ ਸ੍ਰੀ ਅੰਮ੍ਰਿਤਸਰ ਸਾਹਿਬ ਜਾਣ ਵੇਲੇ ਸੀਨੀਅਰ ਸਿਟੀਜਨ ਸ਼ਰਧਾਲੂ -ਸ਼੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਿਰ, ਰਾਮ ਤੀਰਥ ਬਾਲਮੀਕੀ ਮੰਦਰ ,ਵਾਗਾ ਬਾਰਡਰ ਅਤੇ ਜਲਿਆਂ ਵਾਲੇ ਬਾਗ ਦੇ ਦਰਸ਼ਨ ਕਰਦੇ ਹਨ। ਡਿਪਟੀ ਮੇਅਰ - ਹਰਪਾਲ ਸਿੰਘ ਚੰਨਾ ਨੇ ਗੱਲਬਾਤ ਦੌਰਾਨ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਜਿੱਥੇ ਪਹਿਲਾਂ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਬੱਸਾਂ ਰਵਾਨਾ ਕੀਤਾ ਗਿਆ। ਸੀਨੀਅਰ ਸਿਟੀਜਨ ਸ਼ਰਧਾਲੂਆਂ ਨਾਲ ਭਰੀ ਪਿੰਡ ਗੁਡਾਣਾ ਤੋਂ ਪਿੰਡ ਦੇ ਸਰਪੰਚ ਗੁਰਜੰਟ ਸਿੰਘ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ, ਜਦਕਿ ਜੁਝਾਰ ਨਗਰ ਤੋਂ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਜਾਣ ਵਾਲੀ ਬੱਸ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਕੋਆਰਡੀਨੇਟਰ - ਫੂਲਰਾਜ ਸਿੰਘ, ਮੋਹਾਲੀ ਨਗਰ ਨਿਗਮ ਦੇ ਸੀਨੀਅਰ ਡਿਪਟੀ ਮੇਅਰ- ਰਜਿੰਦਰ ਪ੍ਰਸਾਦ ਸ਼ਰਮਾ ਅਤੇ ਡਿਪਟੀ ਮੇਅਰ ਮੋਹਾਲੀ ਨਗਰ ਨਿਗਮ - ਹਰਪਾਲ ਸਿੰਘ ਚੰਨਾਂ ਨੇ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਜਿੱਥੇ ਪਹਿਲਾਂ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਹੀ ਬੱਸਾਂ ਰਵਾਨਾ ਹੁੰਦੀਆਂ ਸਨ, ਹੁਣ ਉਸ ਦੇ ਨਾਲ ਹੀ ਇਸੇ ਯਾਤਰਾ ਯੋਜਨਾ ਦੇ ਤਹਿਤ ਖਾਟੂ ਸ਼ਾਮ, ਬਾਲਾ ਸਰ, ਵਰਿੰਦਾਵਨ ,ਹਰਿਦੁਆਰ ਦੇ ਦਰਸ਼ਨਾਂ ਲਈ ਵੀ ਮੋਹਾਲੀ ਵਿਧਾਨ ਸਭਾ ਹਲਕੇ ਤੋਂ ਬੱਸਾਂ ਜਾਣੀਆਂ ਸ਼ੁਰੂ ਹੋ ਗਈਆਂ ਹਨ, ਇਸ ਮੌਕੇ ਤੇ ਸਟੇਟ ਅਵਾਰਡੀ - ਫੂਲਰਾਜ ਸਿੰਘ ਤੋਂ ਇਲਾਵਾ ਨਗਰ ਨਿਗਮ ਮੋਹਾਲੀ ਦੇ ਸੀਨੀਅਰ ਡਿਪਟੀ ਮੇਅਰ - ਰਜਿੰਦਰ ਪ੍ਰਸਾਦ ਸ਼ਰਮਾ , ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਗੁਰਜੰਟ ਸਿੰਘ ਸਰਪੰਚ ਗਡਾਣਾ, ਸਤਪਾਲ ਸਿੰਘ ਮੈਂਬਰ ਪੰਚਾਇਤ ਜਗਤਾਰ ਸਿੰਘ- ਸਾਬਕਾ ਮੈਂਬਰ ਪੰਚਾਇਤ, ਮਨਿੰਦਰ ਸਿੰਘ, ਗੁਰਸੇਵਕ ਸਿੰਘ, ਗੁਰਵਿੰਦਰ ਸਿੰਘ, ਈਸ਼ਰ ਸਿੰਘ, ਸੁਖ ਇੰਦਰ ਸਿੰਘ- (ਸਾਰੇ ਮੈਂਬਰ ਪੰਚਾਇਤ), ਪ੍ਰਗਟ ਸਿੰਘ, ਨਿਰਵੈਰ ਸਿੰਘ, ਗੁਰਿੰਦਰ ਪਾਲ ਸਿੰਘ, ਬਲਜੀਤ ਸਿੰਘ ਹੈਪੀ, ਪ੍ਰਗਟ ਸਿੰਘ ਰਾਏਪੁਰ ਕਲਾਂ ,ਹਰਵਿੰਦਰ ਪਾਲ ਸਿੰਘ, ਗੋਰਾ ਮੋਹਾਲੀ ,ਲਵਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਮੋਹਤਰਮ ਵਿਅਕਤੀ ਵੀ ਮੌਜੂਦ ਰਹੇ।

ਇੱਕ ਨਜ਼ਰ...

'ਹਰ ਦਿਨ ਹਰ ਘਰ ਆਯੁਰਵੇਦ' ਤਹਿਤ ਗੁਰਦੁਆਰਾ ਸ਼੍ਰੀ ਗੁਪਤਸਰ ਸਾਹਿਬ ਮੋਰਿੰਡ ਵਿਖੇ ਮੁਫ਼ਤ ਆਯੁਰਵੇਦ ਕੈਂਪ ਲਗਾਇਆ

ਮੋਰਿੰਡਾ, 19 ਸਤੰਬਰ (ਬਲਵੀਰ ਸਿੰਘ ਚਲਾਕੀ) : ਕੇਂਦਰੀ ਆਯੁਰਵੇਦ ਖੋਜ ਸੰਸਥਾ ਮੋਤੀ ਬਾਗ ਰੋਡ, ਪਟਿਆਲਾ ਵਲੋਂ ਆਈ ਡਾਕਟਰਾਂ ਦੀ ਟੀਮ ਵਲੋਂ 7ਵਾਂ ਆਯੁਰਵੇਦ ਦਿਵਸ 'ਹਰ ਦਿਨ ਹਰ ਘਰ ਆਯੁਰਵੇਦ' ਤਹਿਤ ਗੁਰਦੁਆਰਾ ਸ਼੍ਰੀ ਗੁਪਤਸਰ ਸਾਹਿਬ ਮੋਰਿੰਡਾ ਵਿਖੇ ਮੁਫ਼ਤ ਆਯੁਰਵੇਦ ਕੈਂਪ ਲਗਾਇਆ ਗਿਆ! ਇਸ ਕੈਂਪ ਸਬੰਧੀ ਜਾਣਕਾਰੀ ਦਿੰਦਿਆਂ ਸਾਬਕਾ ਕੌਂਸਲਰ ਰਾਜਪ੍ਰੀਤ ਸਿੰਘ ਰਾਜੀ ਨੇ ਦੱਸਿਆ ਕਿ ਕੇਂਦਰੀ ਆਯੁਰਵੇਦ ਖੋਜ ਸੰਸਥਾ ਪਟਿਆਲਾ ਵਲੋਂ ਗੁਰਦੁਆਰਾ ਗੁਪਤਸਰ ਸਾਹਿਬ ਵਿਖੇ 15ਦਿਨਾਂ ਬਾਅਦ ਇਹ ਆਯੁਰਵੇਦ ਕੈਂਪ ਲਗਾਇਆ ਜਾਂਦਾ ਹੈ, ਅੱਜ ਇਹਨਾਂ ਵਲੋਂ 6ਵਾਂ ਕੈਂਪ ਲਗਾਇਆ ਗਿਆ ਹੈ! ਇਸ ਕੈਂਪ ਦੌਰਾਨ ਡਾਕਟਰਾਂ ਦੀ ਟੀਮ ਵਲੋਂ 85ਮਰੀਜਾਂ ਦਾ ਚੈੱਕਅਪ ਕਰਕੇ ਉਹਨਾਂ ਨੂੰ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ। ਇਸ ਮੌਕੇ ਡਾਕਟਰ ਰਵੀ ਨੇ ਦੱਸਿਆ ਕਿ ਕੇਂਦਰੀ ਆਯੁਰਵੇਦ ਖੋਜ ਸੰਸਥਾ ਮੋਤੀ ਬਾਗ ਰੋਡ, ਪਟਿਆਲਾ ਵਲੋਂ ਲੋਕਾਂ ਨੂੰ ਜਾਗਰੂਕ ਕਰਨ ਲ

ਸੰਪਾਦਕੀ

ਚੰਦਰਮਾ ਵੱਲ ਵਹੀਰਾਂ

ਪੁਲਾੜ 'ਚ ਸ਼ੁਰੂ ਤੋਂ ਹੀ ਮਨੁੱਖ ਦੀ ਦਿਲਚਸਪੀ ਰਹੀ ਹੈ। ਮਨੁੱਖ ਗਾਹੇ-ਬੇ-ਗਾਹੇ ਪੁਲਾੜ ਦੀ ਖੋਜ ਖਬਰ ਲਈ ਯਤਨਸ਼ੀਲ ਰਿਹਾ ਹੈ। ਇਸੇ ਮਕਸਦ ਦੀ ਪੂਰਤੀ ਲਈ ਉਸ ਵੇਲੇ ਦੇ ਯੂਐੱਸਐੱਸਆਰ ਨੇ 1959 ਤੋਂ 1968 ਤੱਕ ਚੰਦਰਮਾ ਵੱਲ ਮਿਸ਼ਨ ਭੇਜੇ ਸਨ ਤਾਂ ਕਿ ਬੱਚਿਆਂ ਦੇ ਚੰਦੇ ਮਾਮੇ ਦੀ ਕੋਈ ਖੋਜ ਖ਼ਬਰ ਸਹੀ ਤਰੀਕੇ ਨਾਲ ਲੱਗ ਸਕੇ। ਅਮਰੀਕਾ ਨੇ 1968 ਤੋਂ 1972 ਤੱਕ ਚੰਦਰਮਾ ਵੱਲ ਕਈ ਮਿਸ਼ਨ ਭੇਜੇ। ਨੀਲ ਆਰਮ ਸਟਰਾਂਗ ਅਤੇ ਬੱਜ ਐਲਡਰਿਨ ਸਮੇਤ ਕਈ ਮਨੁੱਖਾਂ ਨੂੰ ਇਸ ਸਮੇਂ ਦੌਰਾਨ ਚੰਦਰਮਾ ਦੀ ਧਰਤੀ ਤੇ ਕਦਮ ਰੱਖਣ ਦਾ ਮੌਕਾ ਮਿਲਿਆ। ਭਾਰਤ ਨੇ ਵੀ ਪਿੱਛੇ ਜਿਹੇ ਚੰਦਰਯਾਨ-3 ਰਾਹੀਂ ਉੱਥੇ ਪੁੱਜਣ 'ਚ ਸਫ਼ਲਤਾ ਪ੍ਰਾਪਤ ਕੀਤੀ ਹੈ। ਕੁਝ ਹੋਰ ਦੇਸ਼ ਵੀ ਹਨ, ਜਿਹੜੇ ਚੰਦਰਮਾ ਵੱਲ ਨੂੰ ਵਹੀਰਾਂ ਘੱਤ ਰਹੇ ਹਨ ਜਾਂ ਘੱਤਣ ਵਾਲੇ ਹਨ। ਕਹਿੰਦੇ ਨੇੜਲੇ ਭਵਿੱਖ 'ਚ ਉਥੇ ਮਨੁੱਖੀ ਬਸਤੀ ਵਸਾਉਣੀ ਹੈ ਪਰ ਸਵਾਲ ਇਹ ਉੱਠਦਾ ਹੈ ਕਿ ਜਿੱਥੇ ਚੱਜ ਨਾਲ ਸਾਹ ਵੀ ਨਹੀਂ ਲਿਆ ਜਾ ਸਕਦਾ, ਚੱਜ ਨਾਲ ਕੀ, ਲਿਆ ਹੀ ਨਹੀਂ ਜਾ ਸਕਦਾ ਕਿਉਂਕਿ ਉੱਥੇ ਵਾਤਾਵਰਨ ਹੈ ਹੀ ਨਹੀਂ। ਤਾਂ ਫਿਰ ਉਥੇ ਮਨੁੱਖੀ ਬਸਤੀ ਬਣਾਉਣ ਦੀ ਤੁੱਕ ਕੀ ਹੈ? ਚੰਦਰਯਾਨ-2 ਨੂੰ ਚੰਦ 'ਤੇ ਪਹੁੰਚਣ ਲਈ 48 ਦਿਨ ਅਤੇ ਚੰਦਰਯਾਨ-3 ਨੂੰ ਉਥੇ ਪਹੁੰਚਣ ਲਈ 40 ਦਿਨ ਦਾ ਸਮਾਂ ਲੱਗਿਆ ਸੀ। ਹੁਣ ਕਈ ਦੇਸ਼ਾਂ ਦਾ ਧਿਆਨ ਮੰਗਲ ਵੱਲ ਹੈ। ਉਹ ਮੰਗਲ ਵੱਲ ਖੋਜ ਖ਼ਬਰ ਲਈ ਪੁੱਜਣ ਲਈ ਯਤਨਸ਼ੀਲ ਹਨ। ਭਾਰਤ ਵੀ ਮੰਗਲਯਾਨ ਦੀ ਤਿਆਰੀ ਕਰ ਰਿਹਾ ਹੈ। ਕਈ ਹੋਰ ਦੇਸ਼ ਵੀ ਇਸ ਲਾਈਨ 'ਚ ਹਨ। ਨਾਸਾ ਨੇ ਵਾਈਜ਼ਰ-1 ਅਤੇ ਵਾਈਜ਼ਰ-2, 1977 'ਚ ਲਾਂਚ ਕੀਤੇ ਸਨ। ਜਿਨ੍ਹਾਂ ਨੇ ਸੋਲਰ ਮੰਡਲ ਬਾਰੇ ਜਾਣਕਾਰੀ ਇਕੱਠੀ ਕਰਨੀ ਸੀ। ਹੁਣ ਉਹ 50 ਸਾਲ ਲਗਾਤਾਰ ਸਫ਼ਰ ਕਰ ਕੇ ਤੇ ਜਾਣਕਾਰੀ ਦਿੰਦੇ ਹੋਏ ਧਰਤੀ ਤੋਂ ਕਰਮਵਾਰ 25 ਅਰਬ 70 ਲੱਖ ਕਿਲੋਮੀਟਰ ਅਤੇ 21 ਲੱਖ 50 ਹਜਾਰ ਕਿਲੋਮੀਟਰ ਦੂਰ ਹਨ। ਵਾਈਜ਼ਰ-1 ਦੀ ਇਹ ਦੂਰੀ ਲਗਪਗ ਇਕ ਪ੍ਰਕਾਸ਼ ਸਾਲ ਬਣਦੀ ਹੈ। ਇਕ ਪ੍ਰਕਾਸ਼ ਸਾਲ ਦਾ ਮਤਲਬ ਹੈ ਕਿ ਪ੍ਰਕਾਸ਼ ਦੁਆਰਾ ਇਕ ਸਾਲ 'ਚ ਤੈਅ ਕੀਤੀ ਗਈ ਦੂਰੀ। ਭਾਵ ਪ੍ਰਕਾਸ਼ ਜੋ ਤਿੰਨ ਲੱਖ ਕਿਲੋਮੀਟਰ ਪ੍ਰਤੀ ਸੈਕਿੰਡ ਦੀ ਰਫ਼ਤਾਰ ਨਾਲ ਚੱਲਦਾ ਹੈ, ਇਕ ਸਾਲ 'ਚ ਉਸ ਥਾਂ 'ਤੇ ਪਹੁੰਚ ਸਕਦਾ ਹੈ, ਜਿਸ ਥਾਂ 'ਤੇ ਵਾਈਜ਼ਰ ਵਨ ਨੂੰ ਪਹੁੰਚਣ ਲਈ 49-50 ਸਾਲ ਦਾ ਸਮਾਂ ਲੱਗਿਆ ਹੈ। ਵਿਗਿਆਨੀ ਸੂਰਜੀ ਪਰਿਵਾਰ ਤੋਂ ਬਾਹਰ ਕਈ ਗ੍ਰਹਿ ਲੱਭਣ 'ਚ ਕਾਮਯਾਬ ਹੋਏ ਹਨ। ਇਹ ਗ੍ਰਹਿ ਸਾਡੇ ਤੋਂ ਕਈ-ਕਈ ਪ੍ਰਕਾਸ਼ ਵਰ੍ਹੇ ਦੂਰ ਹਨ। ਜਦੋਂ ਅਸੀਂ ਉਥੇ ਪਹੁੰਚ ਹੀ ਨਹੀਂ ਸਕਦੇ ਤਾਂ ਉਹਨਾਂ ਗ੍ਰਹਿਆਂ ਦੀ ਖੋਜ 'ਚ ਕਿਉਂ ਸਮਾਂ ਅਤੇ ਧਨ ਬਰਬਾਦ ਕੀਤਾ ਜਾ ਰਿਹਾ ਹੈ? ਹਾਲੇ ਤੱਕ ਕੋਈ ਵੀ ਅਜਿਹੀ ਵਸਤੂ ਜਾਂ ਵਾਹਨ ਨਹੀਂ ਬਣਿਆ ਜਿਹੜਾ ਪ੍ਰਕਾਸ਼ ਦੀ ਚਾਲ ਦੇ ਬਰਾਬਰ ਭਾਵ ਇਕ ਸੈਕਿੰਡ 'ਚ 3 ਲੱਖ ਕਿਲੋਮੀਟਰ ਚੱਲ ਸਕੇ। ਨੇੜਲੇ ਭਵਿੱਖ ਵਿੱਚ ਵੀ ਇਹ ਲੱਭਣਾ ਨਾ ਅੰਖਾ ਜਾਪ ਰਿਹਾ ਹੈ। ਇਸ ਲਈ ਦੂਰ ਦੁਰੇਡੇ ਦੇ ਬ੍ਰਹਿਮੰਡ ਦੀ ਖੋਜ 'ਚ ਸਮਾਂ ਤੇ ਊਰਜਾ ਖਪਤ ਕਰਨੀ, ਬਰਬਾਦ ਕਰਨ ਦੇ ਬਰਾਬਰ ਹੀ ਜਾਪ ਰਹੀ ਹੈ। ਹਾਂ ਅਸੀਂ ਸੂਰਜੀ ਪਰਿਵਾਰ, ਇਸ ਦੇ ਗ੍ਰਹਿਆਂ, ਉਹਨਾਂ ਦਾ ਸਾਡੇ ਵਾਤਾਵਰਨ, ਆਲੇ ਦੁਆਲੇ ਜਾਂ ਧਰਤੀ 'ਤੇ ਕੀ ਅਸਰ ਪੈਂਦਾ ਹੈ। ਇਹੀ ਅਸੀਂ ਖੋਜ ਕਰ ਲਈਏ ਤਾਂ ਬਹੁਤ ਹੈ। ਚੰਦਰਯਾਨ ਨਾਲ ਅਸੀਂ, ਜਾਂ ਹੋਰ ਮਿਸ਼ਨਾਂ ਨਾਲ ਰੂਸ, ਅਮਰੀਕਾ, ਚੀਨ ਆਦਿ ਨੂੰ ਕੁਝ ਮਿਲਿਆ ਹੋਵੇ ਤਾਂ ਦੱਸਣਾ? ਸਿਵਾਏ ਪੁਲਾੜ ਤਕਨੀਕ 'ਚ ਥੋੜ ਉਚੀ ਹੋਣ ਤੋਂ? ਵਾਈਜ਼ਰ ਨੂੰ ਇਕ ਪ੍ਰਕਾਸ਼ ਸਾਲ ਦੀ ਦੂਰੀ ਤੈਅ ਕਰਨ ਲਈ 50 ਸਾਲ ਲੱਗ ਗਏ ਹਨ ਤੇ 43, 74 ਜਾਂ 223 ਪ੍ਰਕਾਸ਼ ਵਰ੍ਹੇ ਦੂਰ ਸਥਿਤ ਗ੍ਰਹਿ, ਜਿਨ੍ਹਾਂ ਨੂੰ ਅਸੀਂ ਧਰਤੀ ਵਰਗੇ ਗ੍ਰਹਿ ਕਹਿ ਰਹੇ ਹਾਂ, ਤੱਕ ਪਹੁੰਚਣ 'ਤੇ ਕਿੰਨਾ ਸਮਾਂ ਲੱਗੇਗਾ? ਇਸ ਦਾ ਅੰਦਾਜ਼ਾ ਤੁਸੀਂ ਖੁਦ ਹੀ ਲਾ ਸਕਦੇ ਹੋ। ਇਹ ਸਿਰਫ ਉਥੇ ਪਹੁੰਚਣ ਦਾ ਸਮਾਂ ਹੈ। ਉਥੋਂ ਵਾਪਸ ਆਉਣ 'ਤੇ ਵੀ ਇੰਨਾ ਹੀ ਸਮਾਂ ਲੱਗਣਾ ਹੈ।

ਸੇਵਾ ਦੇ ਪੁੰਜ ਭਾਈ ਘਨ੍ਹੱਈਆ ਜੀ

ਸੇਵਾ ਦੇ ਪੁੰਜ ਭਾਈ ਘਨ੍ਹੱਈਆ ਜੀ ਦਾ ਜਨਮ 1648 ਈ: ਨੂੰ ਮਾਤਾ ਸੁੰਦਰੀ ਜੀ ਅਤੇ ਪਿਤਾ ਸ੍ਰੀ ਨੱਥੂ ਰਾਮ ਦੇ ਗ੍ਰਹਿ ਪਿੰਡ ਸੋਦਰਾ ਜਿਲ੍ਹਾ ਸਿਆਲਕੋਟ ਪਾਕਿਸਤਾਨ ਵਿੱਚ ਹੋਇਆ। ਇਹ ਪਿੰਡ ਦਰਿਆ ਅਟਕ ਤੋਂ ਥੋੜ੍ਹੀ ਦੂਰੀ ਤੇ ਵੱਸਿਆ ਹੋਇਆ ਹੈ। ਇਤਿਹਾਸ ਵਿੱਚ ਆਉਂਦਾ ਹੈ ਕਿ ਇਸ ਕਸਬੇ ਦੇ ਸੌ ਦਰਵਾਜੇ ਹੋਣ ਕਰਕੇ ਇਸ ਦਾ ਨਾਂਅ ਸੌਦਰਾ ਪੈ ਗਿਆ। ਇਸ ਪਿੰਡ ਦੀ ਇੱਕ ਗੱਲ ਜੋ ਬਹੁਤ ਮਸ਼ਹੂਰ ਸੀ, ਉਹ ਇਹ ਕਿ ਇਸ ਪਿੰਡ ਵਿੱਚ ਇੱਕ ਨੌ ਲੱਖਾ ਖੂਬਸੂਰਤ ਬਾਗ ਸੀ , ਜਿਸ ਤੇ ਉਸ ਸਮੇਂ ਨੌ ਲੱਖ ਰੁਪਏ ਖਰਚ ਆਏ ਸਨ।

ਆਪ ਦੇ ਪਿਤਾ ਇੱਕ ਵੱਡੇ ਸੋਦਾਗਰ ਸਨ ਤੇ ਸ਼ਾਹੀ ਫੌਜਾਂ ਨੂੰ ਰਸਦ ਪਹੁੰਚਾਉਣ ਦਾ ਕੰਮ ਕਰਦੇ ਸਨ। ਆਪ ਬਚਪਨ ਸਮੇਂ ਤੋਂ ਹੀ ਪਰਉਪਕਾਰੀ ਤੇ ਦਇਆਵਾਨ ਸੁਭਾਅ ਦੇ ਮਾਲਕ ਸਨ। ਆਪ ਆਪਣੇ ਘਰੋਂ ਜੇਬ ਵਿੱਚ ਕੌਡੀਆਂ, ਰੁਪੈ ਤੇ ਪੈਸੇ ਭਰ ਕੇ ਲਿਜਾਂਦੇ ਸਨ ਤੇ ਬਾਹਰ ਲੋੜਵੰਦਾਂ ਵਿੱਚ ਵੰਡ ਦਿੰਦੇ ਸਨ। ਕਿਸੇ ਦਾ ਦੁੱਖ ਨਹੀ ਸਹਾਰ ਸਕਦੇ ਸਨ। ਪਿੰਡੋਂ ਬਾਹਰ ਵੱਡੀ ਸੜ੍ਹਕ ਕਿਨਾਰੇ ਜਾ ਕੇ ਆਪ ਰਾਹਗੀਰਾਂ ਦਾ ਸਮਾਨ ਆਪਣੇ ਸਿਰ ਤੇ ਚੁੱਕ ਲੈਂਦੇ ਸਨ, ਟਿਕਾਣੇ ਪਹੁੰਚਾ ਕੇ ਤੇ ਆਪਣੇ ਕੋਲੋਂ ਰੁਪੈ ਪੈਸੇ ਦੇ ਕੇ ਆਉਂਦੇ ਸਨ। ਆਪ ਦੇ ਮਾਤਾ ਪਿਤਾ ਇਸ ਗੱਲ ਦਾ ਬੁਰਾ ਮਨਾਉਂਦੇ ਸਨ ਕਿ ਲੋਕ ਕੀ ਕਹਿਣਗੇ। ਆਪ ਆਪਣੇ ਮਾਤਾ ਪਿਤਾ ਨੂੰ ਬੜੇ ਹੀ ਪਿਆਰ ਨਾਲ ਜਵਾਬ ਦਿੰਦੇ ਸਨ ਕਿ 'ਮਾਂ, ਘਰਾਂ ਵਿੱਚ ਕਮਲੇ ਪੁੱਤਰ ਵੀ ਤਾਂ ਹੁੰਦੇ ਹਨ, ਤੁਸੀ ਮੈਨੂੰ ਕਮਲਾ ਹੀ ਸਮਝ ਛੱਡੋ।' ਭਾਈ ਘਨ੍ਹੱਈਆ ਜੀ ਦੇ ਮਨ ਵਿੱਚ ਪ੍ਰਭੂ ਪਤੀ ਦੇ ਚਰਨਾਂ ਦੀ ਤਾਂਘ ਉੱਠੀ। ਕਿਸੇ ਨੇ ਲਾਹੌਰ ਜਾਣ ਲਈ ਕਿਹਾ। ਆਪ ਅਜੇ ਲਾਹੌਰ ਪੁੱਜੇ ਹੀ ਸਨ ਕਿ ਪਿੱਛੋਂ ਆਪ ਦੇ ਪਿਤਾ ਅਕਾਲ ਚਲਾਣਾ ਕਰ ਗਏ। ਵੱਡੇ ਹੋਣ ਕਰਕੇ ਸਾਰੀ ਜ਼ਿੰਮ ਹੋਵਾਰੀ ਆਪ ਦੇ ਸਿਰ ਆਣ ਪਈ। ਆਪ ਆਪਣਾ ਪਿਤਾ ਪੁਰਖੀ ਕਿੱਤਾ ਸ਼ਾਹੀ ਫੌਜਾਂ ਨੂੰ ਰਸਦ ਪਾਣੀ ਪਹੁੰਚਾਉਣ ਦੇ ਕੰਮ ਵਿੱਚ ਜੁੱਟ ਗਏ। ਉਸ ਸਮੇਂ ਔਰੰਗਜ਼ੇਬ ਦੇ ਕਾਫਲੇ ਵਿੱਚ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਅਨਿੰਨ ਸੇਵਕ ਭਾਈ ਨੰਨੂਆ ਜੀ ਰਹਿੰਦੇ ਸਨ। ਉਹਨਾਂ ਕੋਲੋਂ ਨਾਵੇਂ ਗੁਰੂ ਜੀ ਦੀ ਬਾਣੀ ਸੁਣੀ। ਸੀਨੇ ਵਿੱਚ ਖਿੱਚ ਪਈ।

ਆਪ ਆਪਣਾ ਸਾਰਾ ਕਾਰੋਬਾਰ ਛੱਡ ਕੇ ਜੰਗਲਾਂ ਵੱਲ ਤੁਰ ਪਏ। ਆਪ ਭੁੱਖੇ ਪਿਆਸੇ ਜੰਗਲ-ਜੰਗਲ ਫਿਰ ਰਹੇ ਸਨ। ਆਪ ਨੂੰ ਇੱਕ ਸਿੱਖ ਮਿਲਿਆ ਤੇ ਆਪ ਨੇ ਉਸ ਨੂੰ ਗੋਬਿੰਦ ਪਾਉਣ ਦੀ ਵਿਧੀ ਪੁੱਛੀ, ਉਸ ਸਿੱਖ ਨੇ ਆਨੰਦਪੁਰ ਦੇ ਰਸਤੇ ਪਾ ਦਿੱਤਾ। ਭਾਈ ਘਨ੍ਹੱਈਆ ਜੀ ਸੰਗਤਾਂ ਨਾਲ ਆਨੰਦਪੁਰ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਕੋਲ ਪਹੁੰਚ ਗਏ। ਆਪ ਨੂੰ ਆਉਂਦਿਆਂ ਵੇਖ ਕੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਪਾਣੀ ਦਾ ਘੜਾ ਲਿਆਉਣ ਦਾ ਹੁਕਮ ਕੀਤਾ। ਜਦ ਆਪ ਪਾਣੀ ਦਾ ਘੜਾ ਲਿਆਏ ਤਾਂ ਗੁਰੂ ਜੀ ਨੇ ਥੋੜ੍ਹੇ ਜਿਹੇ ਪਾਣੀ ਨਾਲ ਹੱਥ ਧੋ ਕੇ ਬਾਕੀ ਬਚਿਆ ਸਾਰਾ ਪਾਣੀ ਡੋਲ ਦਿੱਤਾ ਅਤੇ ਹੋਰ ਪਾਣੀ ਦਾ ਘੜਾ ਲਿਆਉਣ ਲਈ ਕਿਹਾ। ਆਪ ਜਦ ਫਿਰ ਪਾਣੀ ਦਾ ਘੜਾ ਲਿਆਏ ਤਾਂ ਗੁਰੂ ਜੀ ਨੇ ਥੋੜ੍ਹੇ ਜਿਹੇ ਪਾਣੀ ਨਾਲ ਪੈਰ ਧੋ ਕੇ ਫਿਰ ਸਾਰਾ ਪਾਣੀ ਡੋਲ ਦਿੱਤਾ। ਇਸ ਤਰ੍ਹਾਂ ਤਿੰਨ ਮਹੀਨੇ ਸੇਵਾ ਚੱਲਦੀ ਰਹੀ। ਆਪ ਸੱਤ ਬਚਨ ਕਹਿ ਕੇ ਬੜੀ ਖੁਸ਼ੀ-ਖੁਸ਼ੀ ਸੇਵਾ ਨਿਭਾਉਂਦੇ ਰਹੇ। ਤਿੰਨ ਮਹੀਨੇ ਬਾਅਦ ਗੁਰੂ ਜੀ ਨੇ ਆਖਰੀ ਪ੍ਰੀਖਿਆ ਲਈ ਕਿ ਜੇ ਅੱਜ ਪਾਣੀ ਡੋਲਣਾ ਇਸਨੂੰ ਚੁਭਿਆ ਤਾਂ ਇਹ ਆਉਣ ਵਾਲੇ ਸਮੇਂ ਵਿੱਚ ਸਭ ਨੂੰ ਇੱਕ ਜਾਣ ਕੇ ਪਾਣੀ ਨਹੀ ਪਿਲਾਏਗਾ, ਪਰ ਭਾਈ ਘਨ੍ਹੱਈਆ ਜੀ ਇਸ ਇਮਤਿਹਾਨ ਵਿੱਚੋਂ ਚੰਗੇ ਨੰਬਰ ਲੈ ਕੇ ਪਾਸ ਹੋ ਗਏ। ਆਪ ਗੁਰੂ ਸਾਹਬ, ਸਿੱਖ ਸੰਗਤਾਂ ਤੇ ਗੁਰੂ ਘਰ ਦੇ ਘੋੜਿਆਂ ਦੀ ਸੇਵਾ ਕਰਦੇ ਰਹੇ। ਆਪ ਦੀ ਸੇਵਾ ਗੁਰੂ ਘਰ ਵਿੱਚ ਪ੍ਰਵਾਨ ਹੋਈ ਤੇ ਗੁਰੂ ਜੀ ਨੇ ਕਿਹਾ ਕਿ ' ਇਹ ਦਾਤ ਹੋਰਨਾਂ ਨੂੰ ਵੀ ਵੰਡੋ।' ਆਪ ਨੇ ਜ਼ਿਲ੍ਹਾ ਅਟਕ ਤੋਂ ਕੋਈ ਵੀਹ ਕੋਹ ਦੂਰ ਉਰਾਂ ਕਵੇ ਹ ਪਿੰਡ ਧਰਮਸਾਲਾਂ ਉਸਾਰੀਆਂ ਤੇ ਗੁਰਾਂ ਦੀ ਪਵਿੱਤਰ ਬਾਣੀ ਦਾ ਪ੍ਰਵਾਹ ਚਲਾਇਆ।

ਜਦ 11 ਨਵੰਬਰ 1675 ਈ: ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਦਿੱਲੀ ਦੇ ਚਾਂਦਨੀ ਚੌਕ ਵਿੱਚ ਸ਼ਹੀਦ ਕੀਤਾ ਗਿਆ ਤੇ ਜਦ ਆਪ ਨੂੰ ਗੁਰੂ ਜੀ ਦੀ ਸ਼ਹਾਦਤ ਬਾਰੇ ਪਤਾ ਲੱਗਾ ਤਾਂ ਗੁਰੂ ਜੀ ਦੇ ਵਿਛੋੜੇ ਵਿੱਚ ਆਪ ਨੇ ਕਈ ਦਿਨਾਂ ਤੱਕ ਚੁੱਪ ਧਾਰੀ ਰੱਖੀ। ਜਦ ਗੁਰੂ ਗੋਬਿੰਦ ਸਿੰਘ ਜੀ ਨੇ ਪਿਤਾ ਜੀ ਦੀ ਸ਼ਹਾਦਤ ਤੋਂ ਬਾਅਦ ਸਾਰੇ ਸਿੱਖਾਂ ਨੂੰ ਆਪਣੇ ਪਾਸ ਬੁਲਾਇਆ ਤਾਂ ਆਪ ਵੀ ਗੁਰੂ ਜੀ ਕੋਲ ਪਹੁੰਚ ਗਏ ਤੇ ਗੁਰੂ ਜੀ ਦੇ ਕਹਿਣ ਤੇ ਪਾਣੀ ਦੀਆਂ ਮਸ਼ਕਾਂ ਭਰ-ਭਰ ਕੇ ਪਿਆਸਿਆਂ ਦੀ ਪਿਆਸ ਬੁਝਾਉਂਦੇ ਰਹੇ। ਆਪ ਆਨੰਦਪੁਰ ਸਾਹਿਬ ਤੋਂ ਪਾਉਂਟਾ ਸਾਹਬ ਗੁਰੂ ਜੀ ਦੇ ਨਾਲ ਹੀ ਗਏ। ਉੱਥੇ ਜਦ ਜੰਗਾਂ ਜੁੱਧਾਂ ਦਾ ਚੱਕਰ ਚੱਲ ਪਿਆ ਤਾਂ ਆਪ ਨੇ ਪਾਣੀ ਪਿਲਾਉਣ ਦੀ ਅਤਿ ਕਠਿਨ ਸੇਵਾ ਸੰਭਾਲ ਲਈ। ਆਪ ਆਪਣੇ ਖੱਬੇ ਹੱਥ ਵਿੱਚ ਚਿੱਟਾ ਝੰਡਾ ਤੇ ਚਿੱਟੇ ਬਸਤਰ ਪਹਿਨ ਕੇ ਬਿਨ੍ਹਾਂ ਵਿਤਕਰੇ ਦੇ ਪਾਣੀ ਪਿਲਾਈ ਜਾਂਦੇ। ਜਦ ਸਿੱਖਾਂ ਨੇ ਦੇਖਿਆ ਕਿ ਭਾਈ ਘਨ੍ਹੱਈਆ ਸਾਡੇ ਨਾਲ ਨਾਲ ਵੈਰੀਆਂ ਨੂੰ ਵੀ ਪਾਣੀ ਪਿਲਾਈ ਜਾਂਦੇ ਹਨ ਤਾਂ ਇੱਥੋਂ ਤੱਕ ਕਹਿ ਦਿੱਤਾ ਕਿ ਲੱਗਦਾ ਹੈ ਕਿ ਇਨ੍ਹਾਂ ਨੂੰ ਵੈਰੀਆਂ ਨੇ ਖਰੀਦ ਲਿਆ ਹੈ। ਇਸ ਦੀ ਸ਼ਿਕਾਇਤ ਸਿੱਖਾਂ ਨੇ ਗੁਰੂ ਗੋਬਿੰਦ ਸਿੰਘ ਜੀ ਕੋਲ ਕੀਤੀ। ਗੁਰੂ ਜੀ ਦੇ ਪੁੱਛਣ ਤੇ ਭਾਈ ਘਨ੍ਹੱਈਆ ਜੀ ਨੇ ਹੱਥ ਜੋੜ ਕੇ ਨਿਮਰਤਾ ਸਹਿਤ ਬੇਨਤੀ ਕੀਤੀ ਕਿ 'ਹੇ ਪਾਤਸ਼ਾਹ, ਮੈਂ ਕਿਸੇ ਹਿੰਦੂ ਜਾਂ ਮੁਸਲਮਾਨ ਨੂੰ ਪਾਣੀ ਨਹੀ ਪਿਲਾਉਂਦਾ , ਮੈਂ ਤਾਂ ਹਰ ਥਾਵੇਂ ਆਪ ਜੀ ਦਾ ਹੀ ਰੂਪ ਵੇਖਦਾ ਹਾਂ' ਤਾਂ ਗੁਰੂ ਗੋਬਿੰਦ ਸਿੰਘ ਜੀ ਨੇ ਖੁਸ਼ ਹੋ ਕੇ ਮਲ੍ਹਮ ਦੀ ਡੱਬੀ ਤੇ ਪੱਟੀ ਵੀ ਨਾਲ ਦੇ ਦਿੱਤੀ ਤੇ ਹੁਕਮ ਕੀਤਾ ਕਿ ਭਾਈ ਘਨ੍ਹੱਈਆ ਜੀ ਅੱਜ ਤੋਂ ਮਲ੍ਹਮ ਪੱਟੀ ਦੀ ਸੇਵਾ ਵੀ ਸੰਭਾਲ ਲਉ ਤੇ ਪਾਣੀ ਪਿਲਾਉਣ ਦੇ ਨਾਲ ਜਖ਼ਮੀਆਂ ਦੇ ਮਲ੍ਹਮ ਪੱਟੀ ਵੀ ਕਰ ਦਿਆ ਕਰੋ।

ਸੰਨ 1704 ਈ: ਵਿੱਚ ਜਦ ਗੁਰੂ ਜੀ ਨੇ ਅਨੰਦਪੁਰ ਛੱਡਿਆ ਤਾਂ ਆਪ ਫਿਰ ਉਰਾਂ ਕਵੇ ਪਿੰਡ ਆ ਗਏ। ਇੱਥੇ ਹੀ ਭਾਈ ਸੇਵਾ ਰਾਮ ਵੀ ਆਪ ਨਾਲ ਆ ਗਏ। ਭਾਈ ਸੇਵਾ ਰਾਮ ਜੀ ਦੇ ਅੱਗੋਂ ਅੰਡਣ ਸ਼ਾਹ ਜੀ ਸੇਵਕ ਬਣੇ। ਭਾਈ ਘਨ੍ਹੱਈਆ ਜੀ ਗੁਰੂ ਜੀ ਦੇ ਬਹੁਤ ਹੀ ਪਿਆਰੇ ਸਿੱਖ ਬਣ ਗਏ ਸਨ। ਗੁਰੂ ਜੀ ਆਪਣੇ ਪਿਆਰੇ ਸਿੱਖਾਂ ਦੀ ਆਪ ਰੱਖਿਆ ਕਰਦੇ ਸਨ। ਸੰਨ 1712 ਈ: ਦੀ ਗੱਲ ਹੈ ਕਿ ਭਾਈ ਘਨ੍ਹੱਈਆ ਜੀ ਵੈਰੀਆਂ ਦੇ ਝੁੰਗਲ ਵਿੱਚ ਫਸ ਗਏ। ਇੱਕ ਸੈਨਿਕ ਭਾਈ ਸਾਹਬ ਤੇ ਹੱਥ ਚੁੱਕਣ ਲੱਗਾ ਤਾਂ ਉਸ ਦਾ ਹੱਥ ਉੱਥੇ ਹੀ ਰੁੱਕ ਗਿਆ ਤੇ ਉਨ੍ਹਾਂ ਨੂੰ ਭਾਈ ਘਨ੍ਹੱਈਆ ਜੀ ਇੱਕਲੇ ਨਹੀ ਸਗੋਂ ਭਾਈ ਸਾਹਬ ਦੇ ਪਿੱਛੇ ਫੌਜਾਂ ਦਾ ਲਸ਼ਕਰ ਦਿਖਾਈ ਦਿੱਤਾ ਤੇ ਉਹ ਉੱਥੋਂ ਡਰਦੇ ਨੱਸ ਗਏ।

ਸੇਵਾ ਤੇ ਸਿਮਰਨ ਦੀ ਮੂਰਤ ਭਾਈ ਘਨ੍ਹੱਈਆ ਜੀ ਨਾਮ ਬਾਣੀ ਦੇ ਰਸੀਏ ਸਨ। ਆਪ ਅੰਤ ਸਮਾਂ ਨੇੜੇ ਆਇਆ ਜਾਣ ਕੇ 1718 ਈ: ਵਿੱਚ ਉਰਾਂ ਕਵੇ ਵਿੱਚੋਂ ਜ਼ਾਨਾਂ ਹੀ ਕੀਰਤਨ ਸੁਣਦੇ ਰਹਿੰਦੇ ਸਨ। ਅੰਤਲੇ ਸਮੇਂ ਵੀ ਆਪ ਥੰਮ ਹੋ ਨਾਲ ਢੋਅ ਲਾ ਕੇ ਕੀਰਤਨ ਸੁਣ ਰਹੇ ਸਨ। 20 ਸਤੰਬਰ ਸੰਨ 1718 ਈ: ਨੂੰ ਕੀਰਤਨ ਦੀ ਸਮਾਪਤੀ ਤੇ ਵੀ ਜਦ ਆਪ ਦੀ ਸਮਾਧੀ ਨਾ ਖੁੱਲੀ ਤਾਂ ਸੰਗਤਾਂ ਦੇ ਹਿਲਾਉਣ ਤੇ ਪਤਾ ਲੱਗਾ ਕਿ ਆਪ ਸੱਚਖੰਡ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ। ਵੱਖ-ਵੱਖ ਸੰਸਥਾਵਾਂ ਵੱਲੋਂ 20 ਸਤੰਬਰ ਨੂੰ ਭਾਈ ਘਨ੍ਹੱਈਆ ਜੀ ਦੀ ਬਰਸੀ ਬੜੀ ਹੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ ਆਉ ਮਹਾਂਪੁਰਸ਼ ਭਾਈ ਘਨ੍ਹੱਈਆ ਜੀ ਦੀ ਬਰਸੀ ਤੇ ਆਪਾਂ ਵੀ ਸਾਰੇ ਪ੍ਰਣ ਕਰੀਏ ਕਿ ਉਨ੍ਹਾਂ ਦੇ ਪਾਏ ਹੋਏ ਪੂਰਨਿਆਂ ਤੇ ਚੱਲਦੇ ਹੋਏ ਨਿਮਰਤਾ ਭਾਵ ਨਾਲ ਸਹਿਜ ਵਿੱਚ ਵਿਚਰਦੇ ਹੋਏ ਗੁਰੂ ਦਰ ਘਰ ਦੇ ਸੱਚੇ ਸੇਵਾਦਾਰ ਬਣੀਏ ਤੇ ਭਾਈ ਘਨ੍ਹੱਈਆ ਜੀ ਵਾਂਗ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ।

ਧਰਮਿੰਦਰ ਸਿੰਘ (ਚੱਬਾ),
ਪਿੰਡ ਤੇ ਡਾਕ:ਚੱਬਾ,
ਤਰਨ ਤਾਰਨ ਰੋਡ,
ਅੰਮ੍ਰਿਤਸਰ- 143022

ਇੱਕ ਨਜ਼ਰ...

ਨਸ਼ਾ ਮੁੱਕਤ ਪੰਜਾਬ ਯਾਤਰਾ 28 ਸਤੰਬਰ ਨੂੰ ਨਾਭਾ ਪਹੁੰਚੇਗੀ : ਬਰਿੰਦਰ ਬਿੱਟੂ

ਨਾਭਾ, 19 ਸਤੰਬਰ (ਰਾਕੇਸ਼ ਜਿੰਦਲ) : ਵਿਧਾਨ ਸਭਾ ਹਲਕਾ ਨਾਭਾ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਸ਼ੁਰੂ ਹੋਣ ਵਾਲੀ ਨਸ਼ਾ ਮੁੱਕਤ ਯਾਤਰਾ ਬੂਹੀ ਪਿੰਡ ਤੋਂ ਹੁੰਦੇ ਹੋਏ ਨਾਭਾ ਸ਼

ਵਿਧਾਇਕ ਸ਼ੈਰੀ ਕਲਸੀ ਨੇ ਵਿਆਹ ਪੁਰਬ ਸਮਾਗਮ, ਉਤਸ਼ਾਹ ਤੇ ਜਾਹੋ ਜਲਾਲ ਨਾਲ ਸੰਪੰਨ ਹੋਣ 'ਤੇ ਸਮੂਹ ਸੰਗਤਾਂ ਦਾ ਕੀਤਾ ਧੰਨਵਾਦ

ਬਟਾਲਾ, 19 ਸਤੰਬਰ (ਸੰਜੀਵ ਨਈਅਰ) ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਸਮਾਗਮ ਪੂਰੇ ਉਤਸ਼ਾਹ ਅਤੇ ਜਾਹੋ ਜਲਾਲ ਨਾਲ ਮਨਾਏ ਗਏ ਅਤੇ ਸਮੁੱਚੇ ਸਮਾਗਮ ਸਫਲਤਾਪੂਰਵਕ ਸੰਪੰਨ ਹੋਣ 'ਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਤੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ, ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸੰਗਤਾਂ ਵਲੋਂ ਦਿੱਤੇ ਅਥਾਹ ਪਿਆਰ ਅਤੇ ਸਹਿਯੋਗ ਲਈ ਹਮੇਸ਼ਾ ਰਿਣੀ ਰਹਿਣਗੇ। ਪਰਮਾਤਮਾ ਦੀ ਕਿਰਪਾ ਅਤੇ ਤੁਹਾਡੇ ਸਾਰਿਆਂ ਦੇ ਦਿੱਤੇ ਸਹਿਯੋਗ ਨਾਲ ਇਸ ਪਾਵਨ ਵਿਆਹ ਪੁਰਬ ਮੌਕੇ ਸਮਾਗਮ ਬਹੁਤ ਵਧੀਆਂ ਤਰੀਕੇ ਨਾਲ ਸੰਪੰਨ ਹੋਏ ਹਨ। ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ, ਐਸ.ਐਸ.ਪੀ ਬਟਾਲਾ ਡਾ. ਮਹਿਤਾਬ ਸਿੰਘ, ਕਮਿਸ਼ਨਰ ਨਗਰ ਨਿਗਮ ਗੁਰਸਿਮਰਨ ਸਿੰਘ ਢਿੱਲੋਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵਲੋਂ ਵਿਆਹ ਪੁਰਬ ਸਮਾਗਮ ਸੁਚਾਰੂ ਢੰਗ ਨੇਪਰੇ ਚਾੜ੍ਹਣ ਵਿੱਚ ਦਿਨ ਰਾਤ ਸੇਵਾਵਾਂ ਕੀਤੀਆਂ ਗਈਆਂ ਹਨ। ਗੁਰਦੁਆਰਾ ਸਾਹਿਬ ਸ੍ਰੀ ਕੰਧ ਸਾਹਿਬ, ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਅਤੇ ਗੁਰਦੁਆਰਾ ਸ੍ਰੀ ਬੇਰ ਸਾਹਿਬ, ਸੁਲਤਾਨਪੁਰ ਲੋਧੀ ਦੀ ਸਮੁੱਚੀ ਪ੍ਰਬੰਧਕ ਕਮੇਟੀ ਦਾ ਵੀ ਧੰਨਵਾਦ ਕੀਤਾ ਜਿਨਾਂ ਵਲੋਂ ਪੂਰਨ ਸਹਿਯੋਗ ਕੀਤਾ ਗਿਆ। ਉਹ ਵੱਖ-ਵੱਖ ਅਧਿਕਾਰੀਆਂ, ਕਰਮਚਾਰੀਆਂ, ਸਫਾਈ ਕਰਮੀਆਂ ਸਮੇਤ ਸਾਰਿਆਂ ਦਾ ਧੰਨਵਾਦ ਕਰਦੇ ਹਨ, ਜਿਨਾਂ ਵਲੋਂ ਵਿਆਹ ਪੁਰਬ ਸਮਾਗਮਾਂ ਲਈ ਦਿਨ ਰਾਤ ਮਿਹਨਤ ਤੇ ਸ਼ਰਧਾ ਭਾਵਨਾ ਨਾਲ ਆਪਣੀ ਡਿਊਟੀ ਬਾਖੂਬੀ ਨਿਭਾਈ ਗਈ। ਨਾਲ ਹੀ ਉਨ੍ਹਾਂ ਸਮੂਹ ਸਮਾਜ ਸੇਵੀ ਸੰਸਥਾਵਾਂ ਦਾ ਵੀ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਉਨਾਂ ਦੇਸ਼-ਵਿਦੇਸ਼ ਤੋਂ ਬਟਾਲਾ ਦੀ ਪਵਿੱਤਰ ਧਰਤੀ ਤੇ ਨਤਮਸਤਕ ਹੋਣ ਲਈ ਲੱਖਾਂ ਦੀ ਤਦਾਦ ਵਿੱਚ ਆਈਆਂ ਸੰਗਤਾਂ ਸਮੇਤ ਮੀਡੀਆ ਦੇ ਸਾਰੇ ਸਾਥੀਆਂ ਦਾ ਵੀ ਧੰਨਵਾਦ ਕੀਤਾ। ਉਨਾਂ ਪਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਉਹ ਇਸੇ ਤਰ੍ਹਾਂ ਆਪ ਸਭ ਦੀ ਸੇਵਾ ਕਰਨ ਦਾ ਬੱਲ ਬਖਸ਼ਣ ਅਤੇ ਉਹ ਸੰਗਤਾਂ ਦੀ ਸੇਵਾ ਕਰਦੇ ਰਹਿਣ।

ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਮੌਕੇ ਵਰਲਡ ਖਾਲਸਾ ਕੈਂਪ ਵੱਲੋਂ ਵਿਸ਼ਾਲ ਲੰਗਰ ਸੇਵਾ, ਸੰਗਤ ਦੀ ਸੇਵਾ ਵਿੱਚ ਜੁਟੇ ਸੇਵਾਦਾਰ

ਬਟਾਲਾ, 19 ਸਤੰਬਰ: (ਸੰਜੀਵ ਨਈਅਰ) ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਪਾਵਨ ਵਿਆਹ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮਾਂ ਦੌਰਾਨ ਬਟਾਲਾ ਵਿੱਚ ਸੰਗਤ ਦੀ ਸੇਵਾ ਲਈ ਵਰਲਡ ਖਾਲਸਾ ਕੈਂਪ ਵੱਲੋਂ ਵਿਸ਼ਾਲ ਲੰਗਰ ਸੇਵਾ ਲਗਾਈ ਗਈ। ਗੁਰੂ ਸਾਹਿਬ ਦੇ ਪਾਵਨ ਵਿਆਹ ਪੁਰਬ ਮੌਕੇ ਸ਼ਹਿਰ ਵਿੱਚ ਪਹੁੰਚ ਰਹੀਆਂ ਸੰਗਤਾਂ ਦੀ ਸੇਵਾ ਕਰਨ ਲਈ ਵਰਲਡ ਖਾਲਸਾ ਕੈਂਪ ਦੇ ਸੇਵਾਦਾਰਾਂ ਵੱਲੋਂ ਪੂਰੀ ਸ਼ਰਧਾ, ਨਿਮਰਤਾ ਅਤੇ ਸੇਵਾ ਭਾਵਨਾ ਨਾਲ ਲੰਗਰ ਦੀ ਵਿਵਸਥਾ ਕੀਤੀ ਗਈ। ਇਸ ਮੌਕੇ ਸਵੇਰ ਤੋਂ ਹੀ ਸੇਵਾਦਾਰ ਲੰਗਰ ਦੀ ਤਿਆਰੀ ਅਤੇ ਸੰਗਤ ਦੀ ਸੇਵਾ ਵਿੱਚ ਜੁਟੇ ਰਹੇ। ਕੈਂਪ ਵਿੱਚੋਂ ਲੰਘਣ ਵਾਲੀਆਂ ਸੰਗਤਾਂ ਨੂੰ ਬੜੇ ਪਿਆਰ ਅਤੇ ਸਤਿਕਾਰ ਨਾਲ ਲੰਗਰ ਛਕਾਇਆ ਗਿਆ। ਵੱਡੀ ਗਿਣਤੀ ਵਿੱਚ ਸੰਗਤ ਨੇ ਲੰਗਰ ਛਕ ਕੇ ਸੇਵਾਦਾਰਾਂ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਸੇਵਾ ਨੂੰ ਸਮਰਪਿਤ ਰਹੇ ਸੇਵਾਦਾਰ ਵਰਲਡ ਖਾਲਸਾ ਕੈਂਪ ਦੇ ਸੇਵਾਦਾਰਾਂ ਨੇ ਲੰਗਰ ਦੀ ਸੇਵਾ ਨੂੰ ਸੁਚੱਜੇ ਢੰਗ ਨਾਲ ਚਲਾਉਣ ਲਈ ਵੱਖ-ਵੱਖ ਜ਼ਿੰਮੇਵਾਰੀਆਂ ਸੰਭਾਲੀਆਂ। ਕੋਈ ਲੰਗਰ ਤਿਆਰ ਕਰਨ ਵਿੱਚ ਜੁਟਿਆ ਰਿਹਾ, ਕੋਈ ਸੰਗਤ ਨੂੰ ਲੰਗਰ ਛਕਾਉਂਦਾ ਰਿਹਾ ਅਤੇ ਕੋਈ ਸਫਾਈ ਸਮੇਤ ਹੋਰ ਪ੍ਰਬੰਧਾਂ ਨੂੰ ਸੰਭਾਲਦਾ ਰਿਹਾ। ਇਸ ਦੌਰਾਨ ਸੇਵਾਦਾਰਾਂ ਵਿੱਚ ਸੇਵਾ ਪ੍ਰਤੀ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸੇਵਾਦਾਰਾਂ ਨੇ ਕਿਹਾ ਕਿ ਗੁਰੂ ਸਾਹਿਬ ਦੇ ਪਾਵਨ ਵਿਆਹ ਪੁਰਬ ਮੌਕੇ ਸੰਗਤ ਦੀ ਸੇਵਾ ਕਰਨ ਦਾ ਮੌਕਾ ਮਿਲਣਾ ਆਪਣੇ ਆਪ ਵਿੱਚ ਵੱਡਾ ਸੁਭਾਗ ਹੈ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਸਮੁੱਚੀ ਮਨੁੱਖਤਾ ਨੂੰ ਬਰਾਬਰੀ, ਨਿਮਰਤਾ, ਵੰਡ ਛਕਣ ਅਤੇ ਸੇਵਾ ਦਾ ਸੰਦੇਸ਼ ਦਿੱਤਾ ਹੈ ਅਤੇ ਲੰਗਰ ਦੀ ਪਰੰਪਰਾ ਇਸੇ ਮਹਾਨ ਵਿਚਾਰਧਾਰਾ ਦਾ ਪ੍ਰਤੀਕ ਹੈ। ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡੀ ਸੇਵਾ ਵਰਲਡ ਖਾਲਸਾ ਕੈਂਪ ਦੇ ਪ੍ਰਬੰਧਕਾਂ ਨੇ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਪ੍ਰੇਰਣਾ ਲੈ ਕੇ ਮਨੁੱਖਤਾ ਦੀ ਸੇਵਾ ਦੇ ਕਾਰਜ ਅੱਗੇ ਵੀ ਇਸੇ ਤਰ੍ਹਾਂ ਜਾਰੀ ਰੱਖੇ ਜਾਣਗੇ। ਉਨ੍ਹਾਂ ਕਿਹਾ ਕਿ ਲੰਗਰ ਸਿਰਫ਼ ਭੋਜਨ ਛਕਾਉਣ ਦਾ ਕਾਰਜ ਨਹੀਂ, ਸਗੋਂ ਇਹ ਸਾਨੂੰ ਬਰਾਬਰੀ, ਭਾਈਚਾਰੇ ਅਤੇ ਨਿਸ਼ਕਾਮ ਸੇਵਾ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ ਪਾਵਨ ਵਿਆਹ ਪੁਰਬ ਮੌਕੇ ਦੇਸ਼-ਵਿਦੇਸ਼ ਤੋਂ ਬਟਾਲਾ ਪਹੁੰਚ ਰਹੀ ਸੰਗਤ ਦੀ ਸੇਵਾ ਕਰਨਾ ਵਰਲਡ ਖਾਲਸਾ ਕੈਂਪ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਸਮੂਹ ਸੰਗਤਾਂ ਨੂੰ ਵਿਆਹ ਪੁਰਬ ਦੀਆਂ ਵਧਾਈਆਂ ਦਿੰਦਿਆਂ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦੀ ਅਪੀਲ ਵੀ ਕੀਤੀ। ਇਸ ਮੌਕੇ ਲੰਗਰ ਸੇਵਾ ਦੌਰਾਨ ਸੇਵਾਦਾਰਾਂ ਵੱਲੋਂ ਦਿਖਾਈ ਗਈ ਨਿਸ਼ਕਾਮ ਸੇਵਾ ਅਤੇ ਸੰਗਤ ਪ੍ਰਤੀ ਪਿਆਰ ਨੇ ਗੁਰੂ ਸਾਹਿਬ ਦੇ ਵਿਆਹ ਪੁਰਬ ਦੀਆਂ ਖੁਸ਼ੀਆਂ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ। ਇਸ ਮੌਕੇ ਡਾਕਟਰ ਹਰਪਾਲ ਸਿੰਘ ਕੌਮੀ ਪ੍ਰਧਾਨ, ਡਾਕਟਰ ਲਵਲੀਨ ਸਿੰਘ ਸੈਕਟਰੀ, ਡਾਕਟਰ ਕਮਲਜੀਤ ਕੌਰ ਚੇਅਰ ਪਰਸਨ, ਡਾਕਟਰ ਮਨਪ੍ਰੀਤ ਕੌਰ ਕੋਆਰਡੀਨੇਟਰ, ਰਜਿੰਦਰ ਸਿੰਘ ਖਜਾਨਚੀ, ਅਸ਼ਵਨੀ ਕੁਮਾਰ ਸੀ ਏ ਮੌਜੂਦ ਸਨ।

ਅਕਾਲੀ ਆਗੂ ਦਿਲਬਾਗ ਭੋਜੋਵਾਲੀ ਨੇ ਕਾਂਗਰਸ ' ਚ ਕੀਤੀ ਸ਼ਮੂਲੀਅਤ

ਖਡੂਰ ਸਾਹਿਬ, 19 ਸਤੰਬਰ (ਨਰਿੰਦਰ ਪਾਲ ਸਿੰਘ ਕਾਲੜਾ) ਵਿਧਾਨ ਸਭਾ ਹਲਕਾ ਖਡੂਰ ਸਾਹਿਬ ਅਧੀਨ ਆਉਂਦੇ ਪਿੰਡ ਖੇਲਾ ਭੋਜੋਵਾਲੀ ਵਿਖੇ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡਾ ਬਲ ਮਿਲਿਆ, ਜਦੋਂ ਅਕਾਲੀ ਦਲ ਛੱਡ ਕੇ ਸਾਬਕਾ ਪੰਚਾਇਤ ਮੈਂਬਰ ਦਿਲਬਾਗ ਸਿੰਘ, ਰਸ਼ਪਾਲ ਸਿੰਘ ਅਤੇ ਗੁਪਾਲ ਸਿੰਘ (ਕੈਨੇਡਾ) ਨੇ ਆਪਣੇ ਪਰਿਵਾਰਾਂ ਸਮੇਤ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਰਮਨਜੀਤ ਸਿੰਘ ਸਿੱਕੀ ਵਿਸ਼ੇਸ਼ ਤੌਰ ਤੇ ਦਿਲਬਾਗ ਸਿੰਘ ਦੇ ਗ੍ਰਹਿ ਵਿਖੇ ਪਹੁੰਚੇ, ਜਿੱਥੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਆਗਾਮੀ ਚੋਣਾਂ ਦੇ ਮੱਦੇਨਜ਼ਰ ਪ੍ਰਚਾਰ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਸਿੱਕੀ ਨੇ ਕਿਹਾ ਕਿ ਦਿਲਬਾਗ ਸਿੰਘ ਵਰਗੇ ਸੂਝਵਾਨ ਅਤੇ ਸੂਝਬੂਝ ਵਾਲੇ ਆਗੂਆਂ ਦੀ ਪਾਰਟੀ ਨੂੰ ਬਹੁਤ ਲੋੜ ਹੈ, ਜੋ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਨੂੰ ਹੋਰ ਮਜ਼ਬੂਤ ਕਰਨਗੇ। ਉਨ੍ਹਾਂ ਭਰੋਸਾ ਦਿਵਾਇਆ ਕਿ ਕਾਂਗਰਸ ਸਰਕਾਰ ਬਣਨ ਤੇ ਹਲਕੇ ਦੇ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ।' ਨਵੇਂ ਸ਼ਾਮਲ ਹੋਏ ਆਗੂਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਦਿਲਬਾਗ ਸਿੰਘ ਭੋਜੋਵਾਲੀ ਨੇ ਸਾਬਕਾ ਵਿਧਾਇਕ ਸਿੱਕੀ ਦਾ ਸਵਾਗਤ ਕਰਦਿਆਂ ਕਿਹਾ ਕਿ ਉਹ ਪੂਰੀ ਮਿਹਨਤ ਨਾਲ ਚੋਣ ਪ੍ਰਚਾਰ ਕਰਨਗੇ ਅਤੇ ਪਿੰਡ ਖੇਲਾ ਭੋਜੋਵਾਲੀ ਤੋਂ ਸਿੱਕੀ ਨੂੰ ਵੱਡੀ ਲੀਡ ਨਾਲ ਜਿਤਾ ਕੇ ਵਿਧਾਨ ਸਭਾ ਭੇਜਣਗੇ। ਸਰਪੰਚ ਪ੍ਰਕਾਸ਼ ਸਿੰਘ ਭੋਜੋਵਾਲੀ, ਬਲਰਾਜ ਸਿੰਘ ਭੈਲ, ਮੈਂਬਰ ਪੰਚਾਇਤ ਬਲਵਿੰਦਰ ਸਿੰਘ ਪਵਾਰ, ਜਗਰੂਪ ਸਿੰਘ ਜੱਗੂ ਪਵਾਰ, ਜਸਪਾਲ ਸਿੰਘ ਪਾਲਾ, ਹਰਪਿੰਦਰ ਸਿੰਘ ਭਿੰਦਾ, ਬਾਬਾ ਸਮੁੰਦ ਸਿੰਘ, ਮੁਖਤਾਰ ਸਿੰਘ ਪਵਾਰ ਸਮੇਤ ਵੱਡੀ ਗਿਣਤੀ ਚ ਇਲਾਕਾ ਨਿਵਾਸੀ ਅਤੇ ਬੀਬੀਆਂ ਹਾਜ਼ਰ ਸਨ।

ਸਰਕਾਰੀ ਹਾਈ ਸਕੂਲ ਕੋਟ ਟੋਡਰਮਲ ਅਤੇ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਸਮੇਤ ਵੱਖ-ਵੱਖ ਸਕੂਲਾਂ ਵਿੱਚ ਗਾਈਡੈਂਸ ਗਤੀਵਿਧੀਆਂ ਦਾ ਨਿਰੀਖਣ

ਕਾਹਨੂੰਵਾਨ/ਗੁਰਦਾਸਪੁਰ, 19 ਸਤੰਬਰ (ਗੁਲਸ਼ਨ ਕੁਮਾਰ ਰਣੀਆਂ) ਜ਼ਿਲ੍ਹਾ ਸਿੱਖਿਆ ਅਫ਼ਸਰ ਗੁਰਦਾਸਪੁਰ ਰਾਜੇਸ਼ ਕੁਮਾਰ ਸ਼ਰਮਾ ਦੇ ਦਿਸ਼ਾ- ਨਿਰਦੇਸ਼ਾਂ ਤਹਿਤ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਵੱਲੋਂ ਅੱਜ ਬਲਾਕ ਕਾਹਨੂੰਵਾਨ-2 ਦੇ ਵੱਖ-ਵੱਖ ਸਕੂਲਾਂ ਦਾ ਦੌਰਾ ਕਰਕੇ ਵਿਦਿਆਰਥੀਆਂ ਲਈ ਚਲਾਈਆਂ ਜਾ ਰਹੀਆਂ ਗਾਈਡੈਂਸ ਅਤੇ ਕੌਂਸਲਿੰਗ ਗਤੀਵਿਧੀਆਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਲੈਕਚਰਾਰ ਦਿਨੇਸ਼ ਅਬਰੋਲ ਅਤੇ ਬਲਾਕ ਗਾਈਡੈਂਸ ਕੌਂਸਲਰ ਕਾਹਨੂੰਵਾਨ-2 ਜਸਵਿੰਦਰ ਸਿੰਘ ਵੀ ਮੌਜੂਦ ਸਨ।ਦੌਰੇ ਦੌਰਾਨ ਸਰਕਾਰੀ ਹਾਈ ਸਕੂਲ ਕੋਟ ਟੋਡਰਮਲ ਅਤੇ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਸਮੇਤ ਵੱਖ-ਵੱਖ ਸਕੂਲਾਂ ਵਿੱਚ ਗਾਈਡੈਂਸ ਗਤੀਵਿਧੀਆਂ ਦਾ ਨਿਰੀਖਣ ਕੀਤਾ ਗਿਆ। ਸਰਕਾਰੀ ਹਾਈ ਸਕੂਲ ਕੋਟ ਟੋਡਰਮਲ ਵਿਖੇ ਮੁੱਖ ਅਧਿਆਪਕਾ-ਕਮ-ਬਲਾਕ ਨੋਡਲ ਅਫ਼ਸਰ ਦਿਵਜੋਤ ਕੌਰ ਨੇ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਕੂਲ ਵੱਲੋਂ ਬਲਜੀਤ ਸਿੰਘ, ਸਾਇੰਸ ਮਾਸਟਰ ਨੂੰ ਐਮ-ਸਟਾਰ ਪੋਰਟਲ 'ਤੇ ਗਾਈਡੈਂਸ ਕੌਂਸਲਰ ਵਜੋਂ ਅਪਡੇਟ ਕਰ ਦਿੱਤਾ ਗਿਆ ਹੈ। ਇਸ ਮੌਕੇ ਵਿਦਿਆਰਥੀਆਂ ਨੂੰ ਵੱਖ-ਵੱਖ ਕਿੱਤਾ-ਮੁਖੀ ਕੋਰਸਾਂ, ਉੱਚ ਸਿੱਖਿਆ ਦੇ ਮੌਕਿਆਂ ਅਤੇ ਕਰੀਅਰ ਚੋਣ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਂਦਿਆਂ ਨਸ਼ਾ-ਮੁਕਤ ਜੀਵਨ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।ਦੌਰੇ ਦੌਰਾਨ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨਾਲ ਸਬੰਧਤ ਸਕੂਲ ਵਿੱਚ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਦੇ ਰਜਿਸਟਰ ਵੀ ਚੈੱਕ ਕੀਤੇ ਗਏ। ਇਸ ਤੋਂ ਇਲਾਵਾ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰਸ਼ੰਸਾ ਪੱਤਰ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਰੁਚੀ, ਯੋਗਤਾ ਅਤੇ ਸਮਰੱਥਾ ਅਨੁਸਾਰ ਸਹੀ ਕਰੀਅਰ ਦੀ ਚੋਣ ਕਰਨ ਲਈ ਸਮੇਂ ਸਿਰ ਅਤੇ ਨਿਰੰਤਰ ਮਾਰਗਦਰਸ਼ਨ ਮਿਲਣਾ ਬਹੁਤ ਜ਼ਰੂਰੀ ਹੈ।

ਹਰਿਆਵਲ ਮੰਚ ਵਲੋਂ ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਤੇ ਟੈਕਨੌਲੋਜੀ, ਰਣਜੀਤ ਐਵੀਨਿਊ ਅੰਮ੍ਰਿਤਸਰ ਵਿੱਚ ਲਗਾਏ ਗਏ ਫ਼ਲਦਾਰ ਬੂਟੇ

ਅੰਮ੍ਰਿਤਸਰ 19 ਸਿਤੰਬਰ (ਰਾਜੇਸ਼ ਡੈਨੀ) ਨੌਜਵਾਨ ਵਿਦਿਆਰਥੀਆਂ ਨੂੰ ਰੁੱਖਾਂ ਦੀ ਸੰਭਾਲ ਕਰਕੇ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਨਿਭਾਉਣ ਦਾ ਸੱਦਾ ਦਿੰਦਿਆਂ, ਅੰਮ੍ਰਿਤਸਰ ਹਰਿਆਵਲ ਮੰਚ ਵਲੋਂ, ਖਾਲਸਾ ਕਾਲਜ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਕੇਸੀਈਟੀ), ਰਣਜੀਤ ਐਵਨਿਊ ਵਿਖੇ ਡਾਇਰੈਕਟਰ ਮੈਡਮ ਮੰਜੂ ਬਾਲਾ ਜੀ ਦੀ ਚੋਣ ਮੁਤਾਬਿਕ ਫ਼ਲਦਾਰ ਰੁੱਖ ਲਗਾਓ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਸ ਮੁਹਿੰਮ ਦਾ ਉਦੇਸ਼ ਵਾਤਾਵਰਨ ਸੰਭਾਲ ਨੂੰ ਉਤਸ਼ਾਹਿਤ ਕਰਨਾ, ਹਰਿਆਵਲੀ ਵਧਾਉਣਾ ਅਤੇ ਵਿਦਿਆਰਥੀਆਂ ਨੂੰ ਕੁਦਰਤ ਦੀ ਰੱਖਿਆ ਲਈ ਪ੍ਰੇਰਿਤ ਕਰਨਾ ਸੀ। ਕੇਸੀਈਟੀ ਦੀ ਡਾਇਰੈਕਟਰ ਡਾ. ਮੰਜੂ ਬਾਲਾ ਨੇ ਪੌਦਿਆਂ ਦੀ ਵਾਤਾਵਰਨਕ ਸੰਤੁਲਨ ਬਣਾਈ ਰੱਖਣ ਅਤੇ ਵਧ ਰਹੀਆਂ ਆਲਮੀ ਜਲਵਾਯੂ ਤਬਦੀਲੀਆਂ ਦੀਆਂ ਚੁਣੌਤੀਆਂ ਨਾਲ ਨਜਿੱਠਣ ਵਿੱਚ ਮਹੱਤਵਪੂਰਨ ਭੂਮਿਕਾ ਬਾਰੇ ਚਾਨਣਾ ਪਾਇਆ। ਸਿੱਖਿਆ ਸੰਸਥਾਵਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਨੌਜਵਾਨ ਪੀੜ੍ਹੀ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਅਤੇ ਟਿਕਾਊ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ। ਉਨ੍ਹਾਂ ਅੰਮ੍ਰਿਤਸਰ ਹਰਿਆਵਲ ਮੰਚ ਵੱਲੋਂ ਕੀਤੀਆਂ ਜਾ ਰਹੀਆਂ ਵਾਤਾਵਰਨ ਸੰਭਾਲ ਦੀਆਂ ਕੋਸ਼ਿਸ਼ਾਂ ਦੀ ਵੀ ਸ਼ਲਾਘਾ ਕੀਤੀ। ਰੁੱਖ ਲਗਾਉਣਾ ਹੀ ਕਾਫ਼ੀ ਨਹੀਂ, ਸਗੋਂ ਉਨ੍ਹਾਂ ਦੀ ਨਿਯਮਿਤ ਸੰਭਾਲ ਅਤੇ ਸੁਰੱਖਿਆ ਵੀ ਉਤਨੀ ਹੀ ਜ਼ਰੂਰੀ ਹੈ। ਕਾਲਜ਼ ਦੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਅਪੀਲ ਕੀਤੀ ਕਿ ਕੈਂਪਸ ਵਿੱਚ ਲਗਾਏ ਗਏ ਬੂਟਿਆਂ ਦੀ ਜ਼ਿੰਮੇਵਾਰੀ ਆਪਣੇ ਸਿਰ ਲੈਣ ਅਤੇ ਉਨ੍ਹਾਂ ਨੂੰ ਵੱਡੇ ਰੁੱਖ ਬਣਾਉਣ ਲਈ ਯਤਨਸ਼ੀਲ ਰਹਿਣ। ਇਸ ਮੌਕੇ ਫਲਦਾਰ, ਔਸ਼ਧੀ, ਸਜਾਵਟੀ ਅਤੇ ਵਾਤਾਵਰਨ ਲਈ ਲਾਭਕਾਰੀ ਬੂਟਿਆਂ ਦੀਆਂ ਵੱਖ-ਵੱਖ ਕਿਸਮਾਂ ਦੇ 200 ਦੇ ਕਰੀਬ ਪੌਦੇ ਲਗਾਏ ਗਏ। ਸ੍ਰ ਕਿਰਪ

ਥਾਈਲੈਂਡ 'ਚ ਬਜ਼ੁਰਗ ਸਿੱਖ ਵਿਅਕਤੀ ਦੀ ਦਸਤਾਰ ਉਤਾਰਨ ਦੀ ਐਡਵੋਕੇਟ ਧਾਮੀ ਨੇ ਕੀਤੀ ਨਿਖੇਧੀ

ਅੰਮ੍ਰਿਤਸਰ, 19 ਸਤੰਬਰ (ਮੋਹਕਮ ਸਿੰਘ) ਥਾਈਲੈਂਡ ਵਿਚ ਇੱਕ ਬਜ਼ੁਰਗ ਵਿਅਕਤੀ ਨਾਲ ਕੁੱਟਮਾਰ ਕੀਤੇ ਜਾਣ ਅਤੇ ਉਸ ਦੀ ਦਸਤਾਰ ਉਤਾਰੇ ਜਾਣ ਸਬੰਧੀ ਸੋਸ਼ਲ ਮੀਡੀਆ 'ਤੇ ਸਾਹਮਣੇ ਆ ਰਹੀ ਵੀਡੀਓ 'ਤੇ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਘਟਨਾ ਨੂੰ ਬੇਹੱਦ ਮੰਦਭਾਗਾ ਅਤੇ ਚਿੰਤਾਜਨਕ ਆਖਿਆ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬਜ਼ੁਰਗ ਸਿੱਖ ਦੀ ਦਸਤਾਰ ਦੀ ਜਾਣਬੁੱਝ ਕੇ ਬੇਅਦਬੀ ਕਰਨਾ ਅਤੇ ਉਸ ਨਾਲ ਮਾਰਕੁਟਾਈ ਕੀਤੇ ਜਾਣ ਦੀ ਘਟਨਾ ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਵਾਲੀ ਹੈ। ਉਨ੍ਹਾਂ ਕਿਹਾ ਕਿ ਦਸਤਾਰ ਸਿੱਖ ਦੀ ਪਛਾਣ ਅਤੇ ਸਤਿਕਾਰ ਦਾ ਪ੍ਰਤੀਕ ਹੈ, ਇਸ ਲਈ ਇਸ ਨਾਲ ਕਿਸੇ ਵੀ ਤਰ੍ਹਾਂ ਦੀ ਅਪਮਾਨਜਨਕ ਹਰਕਤ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀ ਹੈ। ਉਨ੍ਹਾਂ ਜਿਥੇ ਭਾਰਤ ਦੇ ਵਿਦੇਸ਼ ਮੰਤਰੀ ਨੂੰ ਇਹ ਮਾਮਲਾ ਕੂਟਨੀਤਕ ਤੌਰ 'ਤੇ ਥਾਈਲੈਂਡ ਸਰਕਾਰ ਕੋਲ ਉਠਾਉਣ ਲਈ ਆਖਿਆ, ਉਥੇ ਹੀ ਥਾਈਲੈਂਡ ਦੇ ਸਬੰਧਤ ਅਧਿਕਾਰੀਆਂ ਨੂੰ ਵੀ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕਰਨ ਦੀ ਅਪੀਲ ਕੀਤੀ। ਐਡਵੋਕੇਟ ਧਾਮੀ ਨੇ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਨੂੰ ਅਪੀਲ ਕੀਤੀ ਕਿ ਥਾਈਲੈਂਡ ਸਥਿਤ ਭਾਰਤੀ ਦੂਤਾਵਾਸ ਰਾਹੀਂ ਮਾਮਲੇ ਦੀ ਜਾਣਕਾਰੀ ਲੈ ਕੇ ਪੀੜਤ ਨੂੰ ਲੋੜੀਂਦੀ ਕਾਨੂੰਨੀ ਅਤੇ ਕੌਂਸਲਰ ਸਹਾਇਤਾ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਅਤੇ ਯਾਤਰਾ ਕਰਦੇ ਸਿੱਖਾਂ ਦੀ ਸੁਰੱਖਿਆ, ਧਾਰਮਿਕ ਪਛਾਣ ਅਤੇ ਸਨਮਾਨ ਨੂੰ ਯਕੀਨੀ ਬਣਾਉਣਾ ਸਬੰਧਤ ਸਰਕਾਰਾਂ ਦੀ ਜ਼ਿੰਮੇਵਾਰੀ ਹੈ। ਦਿੱਲੀ ਦੇ ਇਕ ਸਟੇਡੀਅਮ 'ਚ ਸਿੱਖ ਬੱਚਿਆਂ ਨੂੰ ਕੜਾ ਪਹਿਨਣ ਕਾਰਨ ਰੋਕਣ ਦੀ ਵੀ ਕੀਤੀ ਨਿੰਦਾ, ਇਸੇ ਦੌਰਾਨ ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਵਿਖੇ ਕ੍ਰਿਕਟ ਮੈਚ ਦੇਖਣ ਗਏ ਸਿੱਖ ਬੱਚਿਆਂ ਨੂੰ ਕੜਾ ਪਾਇਆ ਹੋਣ ਕਾਰਨ ਅੰਦਰ ਜਾਣ ਤੋਂ ਰੋਕਣ ਦੇ ਮਾਮਲੇ ਦੀ ਵੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਆਖਿਆ ਕਿ ਕੜਾ ਸਿੱਖ ਕਕਾਰਾਂ ਦਾ ਅਹਿਮ ਹਿੱਸਾ ਅਤੇ ਸਿੱਖ ਦੀ ਧਾਰਮਿਕ ਪਛਾਣ ਦਾ ਅਟੁੱਟ ਅੰਗ ਹੈ। ਕਿਸੇ ਸਿੱਖ ਬੱਚੇ ਨੂੰ ਸਿਰਫ਼ ਕੜਾ ਪਾਉਣ ਕਰਕੇ ਕਿਸੇ ਜਨਤਕ ਸਥਾਨ ਜਾਂ ਖੇਡ ਮੈਦਾਨ ਵਿੱਚ ਦਾਖ਼ਲ ਹੋਣ ਤੋਂ ਰੋਕਣਾ ਕਦੇ ਵੀ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸੁਰੱਖਿਆ ਪ੍ਰਬੰਧਾਂ ਦੇ ਨਾਮ 'ਤੇ ਕਿਸੇ ਵੀ ਵਿਅਕਤੀ ਨਾਲ ਅਜਿਹਾ ਵਤੀਰਾ ਨਹੀਂ ਹੋਣਾ ਚਾਹੀਦਾ, ਜਿਸ ਨਾਲ ਕਿਸੇ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੇ। ਉਨ੍ਹਾਂ ਕਿਹਾ ਕਿ ਭਾਰਤ ਦਾ ਸੰਵਿਧਾਨ ਹਰੇਕ ਨਾਗਰਿਕ ਨੂੰ ਆਪਣੇ ਧਰਮ ਦੀ ਪਾਲਣਾ ਕਰਨ ਅਤੇ ਧਾਰਮਿਕ ਪਛਾਣ ਕਾਇਮ ਰੱਖਣ ਦੀ ਆਜ਼ਾਦੀ ਦਿੰਦਾ ਹੈ ਅਤੇ ਦੇਸ਼ ਦੀ ਰਾਜਧਾਨੀ ਵਿਚ ਵਿਚ ਅਜਿਹਾ ਹੋਣਾ ਹੋਰ ਵੀ ਚਿੰਤਾ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸਬੰਧਤ ਅਧਿਕਾਰੀਆਂ ਨੂੰ ਇਸ ਘਟਨਾ ਦਾ ਤੁਰੰਤ ਨੋਟਿਸ ਲੈਂਦਿਆਂ ਮਾਮਲੇ ਦੀ ਜਾਂਚ ਕਰਨੀ ਚਾਹੀਦੀ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਭਵਿੱਖ ਵਿੱਚ ਸਿੱਖਾਂ ਨੂੰ ਕਕਾਰਾਂ ਸਮੇਤ ਕਿਤੇ ਜਾਣ ਸਮੇਂ ਵਿਤਕਰੇ ਜਾਂ ਰੋਕ ਦਾ ਸਾਹਮਣਾ ਨਾ ਕਰਨਾ ਪਵੇ। ਐਡਵੋਕੇਟ ਧਾਮੀ ਨੇ ਸਬੰਧਤ ਅਧਿਕਾਰੀਆਂ ਤੋਂ ਸਿੱਖ ਬੱਚਿਆਂ ਨਾਲ ਹੋਏ ਇਸ ਵਤੀਰੇ ਲਈ ਜ਼ਿੰਮੇਵਾਰੀ ਤੈਅ ਕਰਨ ਅਤੇ ਦੋਸ਼ੀ ਮੁਲਾਜ਼ਮ ਖਿਲਾਫ ਕਾਰਵਾਈ ਲਈ ਵੀ ਆਖਿਆ।

ਅੰਮ੍ਰਿਤਸਰ ਸਮੇਤ ਪੰਜਾਬ ਵਿੱਚ ਕਾਨੂੰਨ ਵਿਵਸਥਾ ਢਹਿ-ਢੇਰੀ, ਅਪਰਾਧੀ ਬੇਖੌਫ ਅਤੇ ਪੁਲਿਸ ਦੀ ਨੱਕ ਹੇਠ ਅਪਰਾਧ ਦੇ ਰਹੇ ਅੰਜਾਮ

ਅੰਮ੍ਰਿਤਸਰ, 19 ਸਤੰਬਰ (ਰਾਜੇਸ਼ ਡੈਨੀ) ਅੰਮ੍ਰਿਤਸਰ ਦੇ ਇੱਕ ਪੁਲਿਸ ਸਟੇਸ਼ਨ ਤੋਂ ਸਿਰਫ਼ 50 ਗਜ਼ ਦੀ ਦੂਰੀ ਤੇ ਦਿਨ-ਦਿਹਾੜੇ ਦੋ ਪੁਲਿਸ ਅਧਿਕਾਰੀਆਂ ਅਤੇ ਇੱਕ ਨੌਜਵਾਨ ਦੇ ਕਤਲ ਦੇ ਸਬੰਧ ਵਿੱਚ, ਭਾਜਪਾ ਪੰਜਾਬ ਦੇ ਸਾਬਕਾ ਜਨਰਲ ਸਕੱਤਰ ਡਾ. ਜਗਮੋਹਨ ਸਿੰਘ ਰਾਜੂ (ਸੇਵਾਮੁਕਤ ਆਈਏਐਸ) ਨੇ ਪੰਜਾਬ ਦੇ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨ੍ਹਾਂ ਦੀ ਸਰਕਾਰ ਦੀ ਕਾਰਜਸ਼ੈਲੀ ਤੇ ਸਵਾਲ ਚੁੱਕਦੇ ਹੋਏ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਵਿੱਚ ਆਈ ਹੈ, ਪੰਜਾਬ ਵਿੱਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ-ਢੇਰੀ ਹੋ ਗਈ ਹੈ। ਅਪਰਾਧੀ, ਮਾਫੀਆ ਅਤੇ ਗੈਂਗਸਟਰ ਬੇਖੌਫ ਅਤੇ ਬੇਲਗਾਮ ਹੋ ਗਏ ਹਨ। ਜਗਮੋਹਨ ਰਾਜੂ ਨੇ ਕਿਹਾ ਕਿ ਕੱਲ੍ਹ ਭਗਤਵਾਲਾ ਦਾਣਾ ਮੰਡੀ ਨੇੜੇ ਗੇਟ ਹਕੀਮਾ ਥਾਣੇ ਅਧੀਨ ਪੀਸੀਆਰ ਵਿੱਚ ਤਾਇਨਾਤ ਏਐਸਆਈ ਹਰਜੀਤ ਸਿੰਘ ਦੀ ਮੋਟਰਸਾਈਕਲ ਤੇ ਸਵਾਰ ਦੋ ਨੌਜਵਾਨਾਂ ਨੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਸੀ ਅਤੇ ਇਸ ਤੋਂ ਪਹਿਲਾਂ ਅਜਨਾਲਾ ਨੇੜੇ ਰਾਤ ਨੂੰ ਇੱਕ ਪੁਲਿਸ ਅਧਿਕਾਰੀ ਦੀ ਗੋਲੀ ਮਾਰ ਦਿੱਤੀ ਗਈ ਸੀ। ਬੀਤੀ ਰਾਤ ਕੋਟ ਖਾਲਸਾ ਪੁਲਿਸ ਚੌਕੀ ਤੋਂ ਸਿਰਫ਼ 50 ਮੀਟਰ ਦੀ ਦੂਰੀ ਤੇ, 25 ਸਾਲਾ ਸਾਹਿਲ ਗਿੱਲ, ਜੋ ਕਿ ਜ਼ੋਮੈਟੋ ਡਿਲੀਵਰੀ ਮੈਨ ਸੀ, ਨੂੰ ਅਣਪਛਾਤੇ ਸਕੂਟਰ ਸਵਾਰਾਂ ਨੇ ਛਾਤੀ ਵਿੱਚ ਗੋਲੀ ਮਾਰ ਕੇ ਮਾਰ ਦਿੱਤਾ, ਜਦੋਂ ਉਹ ਆਪਣੇ ਘਰ ਤੋਂ ਸਿਰਫ਼ 40 ਕਦਮ ਦੀ ਦੂਰੀ ਤੇ ਸੀ। ਇਸ ਤੋਂ ਇਲਾਵਾ, ਤਰਨਤਾਰਨ ਦੇ ਕਿਡ-ਜੀ ਸਕੂਲ ਦੇ ਬਾਹਰ ਤਿੰਨ ਵਾਰ ਗੋਲੀਆਂ ਚੱਲੀਆਂ ਹਨ, ਪਰ ਅਪਰਾਧੀ ਪੁਲਿਸ ਦੀ ਪਹੁੰਚ ਤੋਂ ਬਾਹਰ ਹਨ। ਅਪਰਾਧੀ ਇੰਨੇ ਨਿਡਰ ਹਨ ਕਿ ਉਹ ਪੁਲਿਸ ਵਾਲਿਆਂ, ਥਾਣਿਆਂ, ਜਾਂ ਹੋਰ ਸਰਕਾਰੀ ਅਦਾਰਿਆਂ ਤੇ ਹਮਲਾ ਕਰਨ ਤੋਂ ਨਹੀਂ ਡਰਦੇ। ਰਾਜੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੁਸ਼ਾਸਨ ਹੇਠ ਅੰਮ੍ਰਿਤਸਰ ਸਮੇਤ ਪੰਜਾਬ ਵਿੱਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ-ਢੇਰੀ ਹੋ ਚੁੱਕੀ ਹੈ। ਸੂਬੇ ਵਿੱਚ ਵੱਧ ਰਹੇ ਅਪਰਾਧ, ਕਤਲ, ਡਕੈਤੀਆਂ, ਜਬਰੀ ਵਸੂਲੀ ਅਤੇ ਹੋਰ ਅਪਰਾਧਿਕ ਘਟਨਾਵਾਂ ਨੇ ਆਮ ਲੋਕਾਂ ਦਾ ਜੀਵਨ ਮੁਸ਼ਕਲ ਬਣਾ ਦਿੱਤਾ ਹੈ। ਪੰਜਾਬ ਦਾ ਕੋਈ ਵੀ ਨਾਗਰਿਕ ਹੁਣ ਸੁਰੱਖਿਅਤ ਮਹਿਸੂਸ ਨਹੀਂ ਕਰ ਰਿਹਾ। ਪਵਿੱਤਰ ਸ਼ਹਿਰ ਅੰਮ੍ਰਿਤਸਰ, ਜੋ ਕਿ ਦੁਨੀਆ ਭਰ ਵਿੱਚ ਸ਼ਾਂਤੀ ਅਤੇ ਵਿਸ਼ਵਾਸ ਦਾ ਪ੍ਰਤੀਕ ਹੈ, ਅਪਰਾਧੀਆਂ ਦਾ ਗੜ੍ਹ ਬਣਦਾ ਜਾ ਰਿਹਾ ਹੈ। ਗੋਲੀਬਾਰੀ, ਜਬਰੀ ਵਸੂਲੀ ਅਤੇ ਲੁੱਟ-ਖਸੁੱਟ ਦੀਆਂ ਰੋਜ਼ਾਨਾ ਦੀਆਂ ਘਟਨਾਵਾਂ ਨੇ ਕਾਰੋਬਾਰੀਆਂ ਅਤੇ ਆਮ ਨਾਗਰਿਕਾਂ ਵਿੱਚ ਡਰ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਜਗਮੋਹਨ ਰਾਜੂ ਨੇ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਇਸ਼ਤਿਹਾਰ ਦੇਣ ਅਤੇ ਝੂਠੇ ਦਾਅਵੇ ਕਰਨ ਵਿੱਚ ਰੁੱਝੀ ਹੋਈ ਹੈ, ਜਦੋਂ ਕਿ ਜ਼ਮੀਨੀ ਪੱਧਰ ਤੇ ਪ੍ਰਸ਼ਾਸਨ ਅਤੇ ਪੁਲਿਸ ਦੀ ਭਰੋਸੇਯੋਗਤਾ ਨੂੰ ਖੋਰਾ ਲੱਗ ਚੁੱਕਾ ਹੈ। ਮੁੱਖ ਮੰਤਰੀ ਭਗਵੰਤ ਮਾਨ, ਜਿਨ੍ਹਾਂ ਕੋਲ ਗ੍ਰਹਿ ਮੰਤਰਾਲਾ ਵੀ ਹੈ, ਸੂਬੇ ਦੀ ਸੁਰੱਖਿਆ ਸਥਿਤੀ ਨੂੰ ਸੰਭਾਲਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਮੁੱਖ ਮੰਤਰੀ ਭਗਵੰਤ ਮਾਨ ਜਨਤਾ ਨੂੰ ਸੁਰੱਖਿਆ ਪ੍ਰਦਾਨ ਨਹੀਂ ਕਰ ਸਕਦੇ, ਤਾਂ ਉਨ੍ਹਾਂ ਨੂੰ ਨੈਤਿਕ ਆਧਾਰ ਤੇ ਅਸਤੀਫਾ ਦੇ ਦੇਣਾ ਚਾਹੀਦਾ ਹੈ।

ਭਾਜਪਾ ਦੀ ਨਸ਼ਾ ਮੁਕਤ ਯਾਤਰਾ ਇੱਕ ਸਿਆਸੀ ਦਿਖਾਵਾ: ਗੁਰਿੰਦਰ ਸਿੰਘ ਬਾਜਵਾ

ਬਟਾਲਾ (ਸੰਜੀਵ ਨਈਅਰ) ਬੇਗਮਪੁਰਾ ਖਾਲਸਾ ਰਾਜ ਪਾਰਟੀ ਦੇ ਪ੍ਰਧਾਨ ਗੁਰਿੰਦਰ ਸਿੰਘ ਬਾਜਵਾ ਨੇ ਆਖਿਆ ਕਿ ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਪਠਾਨਕੋਟ ਤੋਂ ਨਸ਼ਾ ਮੁਕਤ ਯਾਤਰਾ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ।ਭਾਜਪਾ ਨੇ ਪੰਜਾਬ ਨੂੰ ਨਸ਼ਾ ਮੁਕਤ ਕਰਵਾਉਣ ਦੇ ਸੰਕਲਪ ਨਾਲ ਇਹ ਯਾਤਰਾ ਸ਼ੁਰੂ ਕੀਤੀ ਹੈ ।ਜਿਹੜਾ ਕਿ ਇੱਕ ਸਿਆਸੀ ਦਿਖਾਵਾ ਹੈ ।ਜਦ ਕਿ ਸਾਢੇ ਚਾਰ ਸਾਲ ਸਰਕਾਰ ਦੇ ਬੀਤਣ ਤੋਂ ਬਾਅਦ ਹੁਣ ਚੋਣਾ ਵੇਲੇ ਹੀ ਕਿਉ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਯਾਤਰਾ ਕੱਢ ਰਹੇ ਹਨ । ਬਾਜਵਾ ਨੇ ਆਖਿਆ ਕਿ ਇਹਨਾਂ ਤੋ ਪਹਿਲਾ ਕਾਂਗਰਸ ਅਤੇ ਆਮ ਆਦਮੀ ਪਾਰਟੀ ਵੀ ਪੰਜਾਬ ਨੂੰ ਨਸ਼ਾ ਮੁਕਤ ਕਰਵਾਉਣ ਦਾ ਵਾਅਦਾ ਕਰਕੇ ਸਰਕਾਰ ਬਣਾ ਚੁੱਕੀਆ ਹਨ ਪਰ ਉਹਨਾਂ ਦੋਨੋ ਸਰਕਾਰ ਵਿੱਚ ਨਸ਼ਾ ਅੱਗੇ ਨਾਲੋ ਵੀ ਵੱਧ ਪ੍ਰਫੁਲਿੱਤ ਹੋਇਆ ।ਅੱਜ ਹਾਲਾਤ ਇਹ ਬਣੇ ਹਨ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਚ ਹਰ ਗਲੀ , ਮੁਹੱਲੇ ਵਿਚੋ ਨਸ਼ਾ ਆਸਾਨੀ ਨਾਲ ਮਿਲ ਜਾਂਦਾ ਹੈ ਅਤੇ ਸਾਡੀ ਨੋਜਵਾਨ ਪੀੜੀ ਨਸਿ਼ਆ ਵਿੱਚ ਬਰਬਾਦ ਹੋ ਰਹੀ ਹੈ । ਉਹਨਾਂ ਆਖਿਆ ਕਿ ਪੰਜਾਬ ਦੇ ਲੋਕ ਹੁਣ ਭਾਜਪਾ ਦੀ ਇਸ ਨਸ਼ਾ ਮੁਕਤ ਯਾਤਰਾ ਦੀ ਚਾਲ ਨੂੰ ਚੰਗੀ ਤਰ੍ਹਾਂ ਸਮਝਦੇ ਹਨ ਕਿਉ ਕਿ 15 ਸਾਲ ਚ ਅਕਾਲੀ ਦਲ ਦੇ ਰਾਜ ਵਿੱਚ ਜਦੋ ਨਸਾ ਪ੍ਰਫੁੱਲਿਤ ਹੋਇਆ ਤਾਂ ਉਸ ਸਮੇ ਭਾਜਪਾ ਅਕਾਲੀ ਦਲ ਦੀ ਭਾਈਵਾਲ ਪਾਰਟੀ ਸੀ ਅਤੇ ਇਹ ਵੀ ਪੰਜਾਬ ਵਿੱਚ ਨਸ਼ਾ ਲਿਆਉਣ ਲਈ ਉਹਨੇ ਹੀ ਦੋਸੀ ਹਨ ਜਿਹਨਾ ਅਕਾਲੀ ਦਲ ।ਬਾਜਵਾ ਨੇ ਅੱਗੇ ਆਖਿਆ ਕਿ ਸਮੁੱਚੇ ਪੰਜਾਬੀਆ ਨੂੰ ਇਹਨਾਂ ਰਵਾਇਤੀ ਪਾਰਟੀਆ ਦੇ ਆਏ ਦਿਨ ਨਵੀਆ ਚਾਲਾ ਤੋ ਸੁਚੇਤ ਰਹਿਣਾ ਚਾਹੀਦਾ ਹੈ । ਪੰਜਾਬ ਨੂੰ ਨਸ਼ਾ ਮੁਕਤ ਅਤੇ ਖੁਸ਼ਹਾਲ ਬਣਾਉਣ ਲਈ ਚੰਗੇ ਕਿਰਦਾਰ ਵਾਲੇ ਲੀਡਰਾ ਨੂੰ ਵਿਧਾਨ ਸਭਾ ਵਿੱਚ ਭੇਜਣਾ ਚਾਹੀਦਾ ਹੈ ।

ਨਕੋਦਰ 'ਚ ਅਗਵਾ ਦੀ ਝੂਠੀ ਕਹਾਣੀ ਦਾ ਪੁਲਿਸ ਨੇ ਕੀਤਾ ਪਰਦਾਫਾਸ਼, ਪਿਤਾ ਸਮੇਤ 3 ਗ੍ਰਿਫ਼ਤਾਰ, ਪੁਲਿਸ ਮੁਤਾਬਕ ਆਪਣੇ ਹੀ ਪੁੱਤਰ ਨੂੰ ਲੁਕਾ ਕੇ ਅਗਵਾ ਦੀ ਸਾਜ਼ਿਸ਼ ਰਚੀ

ਜਲੰਧਰ 18 ਸਤੰਬਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ) ਜਲੰਧਰ ਦਿਹਾਤੀ ਪੁਲਿਸ ਨੇ ਨਕੋਦਰ ਵਿਖੇ ਦਰਜ ਹੋਏ ਕਥਿਤ ਅਗਵਾ ਦੇ ਇੱਕ ਮਾਮਲੇ ਨੂੰ ਸੁਲਝਾਉਣ ਦਾ ਦਾਅਵਾ ਕਰਦਿਆਂ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਮੁਤਾਬਕ ਜਾਂਚ ਦੌਰਾਨ ਸਾਹਮਣੇ ਆਇਆ ਕਿ ਜਿਸ ਵਿਅਕਤੀ ਦੇ ਅਗਵਾ ਹੋਣ ਦੀ ਸ਼ਿਕਾਇਤ ਕੀਤੀ ਗਈ ਸੀ, ਉਸ ਦੀ ਅਗਵਾ ਦੀ ਕਹਾਣੀ ਕਥਿਤ ਤੌਰ 'ਤੇ ਉਸ ਦੇ ਪਿਤਾ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਘੜੀ ਸੀ। ਇਹ ਕਾਰਵਾਈ ਸੀਨੀਅਰ ਪੁਲਿਸ ਕਪਤਾਨ ਸ. ਹਰਵਿੰਦਰ ਸਿੰਘ ਵਿਰਕ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕੀਤੀ ਗਈ। ਪੁਲਿਸ ਅਨੁਸਾਰ 22 ਜੁਲਾਈ 2026 ਨੂੰ ਮਾਮ ਹੁਸੈਨ ਨਾਲ ਸੁੰਨਡ਼ ਕਲਾਂ ਦੇ ਇੱਟਾਂ ਦੇ ਭੱਠੇ ਨੇੜੇ ਕੁੱਟਮਾਰ ਹੋਣ ਉਪਰੰਤ ਉਸ ਨੂੰ ਸਿਵਲ ਹਸਪਤਾਲ ਨਕੋਦਰ ਦਾਖਲ ਕਰਵਾਇਆ ਗਿਆ ਸੀ, ਜਿੱਥੋਂ ਉਸ ਦੇ ਅਣਪਛਾਤਿਆਂ ਵੱਲੋਂ ਅਗਵਾ ਹੋਣ ਦੀ ਖ਼ਬਰ ਤੇ ਥਾਣਾ ਸਿਟੀ ਨਕੋਦਰ ਵਿਖੇ ਬੀ.ਐਨ.ਐਸ. ਦੀਆਂ ਧਾਰਾਵਾਂ 140(3) ਅਤੇ 3(5) ਤਹਿਤ ਮੁਕੱਦਮਾ ਨੰਬਰ 127 ਦਰਜ ਕੀਤਾ ਗਿਆ। ਉਪ ਪੁਲਿਸ ਕਪਤਾਨ ਓਂਕਾਰ ਸਿੰਘ ਬਰਾੜ ਦੀ ਨਿਗਰਾਨੀ ਹੇਠ ਹੋਈ ਤਕਨੀਕੀ ਜਾਂਚ ਦੌਰਾਨ ਸਾਹਮਣੇ ਆਇਆ ਕਿ ਸ਼ਿਕਾਇਤਕਰਤਾ ਪਿਤਾ ਲਾਲ ਹੁਸੈਨ ਨੇ ਹੀ 23 ਜੁਲਾਈ ਨੂੰ ਰਾਤ 2 ਵਜੇ ਆਪਣੇ ਪੁੱਤਰ ਨੂੰ ਸਵਿਫਟ ਕਾਰ (ਪੀਬੀ-47-ਈ-9200) ਚ ਲੁਕਾ ਕੇ ਰੱਖਿਆ ਅਤੇ ਪੁਲਿਸ ਜਾਂਚ ਨੂੰ ਗੁੰਮਰਾਹ ਕਰਨ ਲਈ ਬਰਾਮਦਗੀ ਦੀਆਂ ਬਾਰ-ਬਾਰ ਦਰਖਾਸਤਾਂ ਦਿੱਤੀਆਂ। ਪੁਲਿਸ ਨੇ ਕਾਰਵਾਈ ਕਰਦਿਆਂ ਮਾਮ ਹੁਸੈਨ ਨੂੰ ਸੁਰੱਖਿਅਤ ਬਰਾਮਦ ਕਰ ਲਿਆ ਹੈ ਅਤੇ ਕਾਰ ਸਮੇਤ ਤਿੰਨ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ: ਲਾਲ ਹੁਸੈਨ (ਪਿਤਾ) ਯਾਕੂਬ ਅਲੀ (ਭਰਾ) ਸੈਫ਼ ਅਲੀ (ਦੋਸਤ) ਸਵਿਫਟ ਕਾਰ ਅਤੇ ਮਾਮ ਹੁਸੈਨ ਬਰਾਮਦ ਪੁਲਿਸ ਵੱਲੋਂ ਕਾਰਵਾਈ ਦੌਰਾਨ ਪੀ.ਬੀ.-47-ਈ-9200 ਨੰਬਰ ਵਾਲੀ ਸਵਿਫਟ ਕਾਰ ਬਰਾਮਦ ਕੀਤੀ ਗਈ ਹੈ। ਇਸ ਤੋਂ ਇਲਾਵਾ ਕਥਿਤ ਤੌਰ 'ਤੇ ਅਗਵਾ ਕੀਤੇ ਗਏ ਮਾਮ ਹੁਸੈਨ ਨੂੰ ਵੀ ਸੁਰੱਖਿਅਤ ਬਰਾਮਦ ਕਰ ਲਿਆ ਗਿਆ ਹੈ। ਪੁਲਿਸ ਵੱਲੋਂ ਗ੍ਰਿਫ਼ਤਾਰ ਕੀਤੇ ਤਿੰਨਾਂ ਵਿਅਕਤੀਆਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਪੁਲਿਸ ਅਨੁਸਾਰ ਮਾਮਲੇ ਵਿੱਚ ਸਾਜ਼ਿਸ਼ ਦੇ ਹੋਰ ਪੱਖਾਂ ਅਤੇ ਇਸ ਨਾਲ ਜੁੜੀਆਂ ਹੋਰ ਗਤੀਵਿਧੀਆਂ ਸਬੰਧੀ ਜਾਂਚ ਜਾਰੀ ਹੈ।

ਲੋਕਾਂ ਦੇ ਦਿਲਾਂ 'ਚ ਹਮੇਸ਼ਾ ਜ਼ਿੰਦਾ ਰਹਿਣਗੇ ਚੁਨੀ ਲਾਲ ਭਗਤ

ਜਲੰਧਰ (ਪਰਮਜੀਤ ਸਿੰਘ) 93 ਸਾਲ ਦੀ ਉਮਰ ਵਿੱਚ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਚੁਨੀ ਲਾਲ ਭਗਤ ਦੇ ਦਿਹਾਂਤ ਨਾਲ, ਪੰਜਾਬ ਨੇ ਆਪਣੀ ਇਕ ਦ੍ਰਿੜ੍ਹ, ਨਿਮਰ ਅਤੇ ਅਸੂਲਾਂ 'ਤੇ ਚੱਲਣ ਵਾਲੀ ਜਨਤਕ ਸ਼ਖਸੀਅਤ ਨੂੰ ਗੁਆ ਦਿੱਤਾ। ਪੰਜਾਬ ਦੀ ਸਿਆਸਤ ਦੇ ਇੱਕ ਪ੍ਰਮੁੱਖ ਚਿਹਰੇ ਅਤੇ ਦੋਆਬੇ ਵਿੱਚ ਦਲਿਤ ਭਾਈਚਾਰੇ ਦੀ ਨੁਮਾਇੰਦਗੀ ਕਰਨ ਵਾਲੇ ਸ

ਚਾਵਲਾ ਖ਼ਿਲਾਫ਼ ਲੱਗੇ ਦੋਸ਼ ਸਿਆਸੀ ਸਾਜ਼ਿਸ਼ ਦਾ ਹਿੱਸਾ: ਅਕਾਲੀ ਆਗੂ

ਦੋਸ਼ਾਂ ਨੂੰ ਬੇਬੁਨਿਆਦ ਦੱਸਦਿਆਂ ਹਾਈ ਕੋਰਟ ਦੇ ਜੱਜ ਤੋਂ ਨਿਰਪੱਖ ਜਾਂਚ ਦੀ ਮੰਗ

ਸ੍ਰੀ ਆਨੰਦਪੁਰ ਸਾਹਿਬ, 19 ਸਤੰਬਰ (ਦਮਨ ਅਰੋੜਾ)– ਸ਼ ਰ੍ਹੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਦੇ ਹੱਕ ਵਿੱਚ ਨਿੱਤਰਦਿਆਂ ਸ਼ ਰ੍ਹੋਮਣੀ ਅਕਾਲੀ ਦਲ ਦੇ ਆਗੂਆਂ ਨੇ ਉਨ੍ਹਾਂ ਖ਼ ਰ੍ਹਲਾਫ਼ ਲਾਏ ਗਏ ਦੋਸ਼ਾਂ ਨੂੰ ਸਿਆਸੀ ਰੰਜਿਸ਼ ਅਤੇ ਸਾਜ਼ਿਸ਼ ਦਾ ਹਿੱਸਾ ਕਰਾਰ ਦਿੱਤਾ ਹੈ। ਅੱਜ ਸਥਾਨਕ ਵਾਈਟ ਸਿਟੀ ਹੋਟਲ ਵਿਖੇ ਪ੍ਰੈਸ ਕਾਨਫਰੰਸ ਕਰਕੇ ਅਕਾਲੀ ਆਗੂਆਂ ਨੇ ਮਾਮਲੇ ਦੀ ਹਾਈ ਕੋਰਟ ਦੇ ਜੱਜ ਤੋਂ ਨਿਰਪੱਖ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਐਸਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਹਰੀਵਾਲ ਨੇ ਕਿਹਾ ਕਿ ਪਾਰਟੀ ਦੀ ਲੀਡਰਸ਼ਿਪ ਭਾਈ ਚਾਵਲਾ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਭਾਈ ਚਾਵਲਾ ਸ੍ਰੀ ਆਨੰਦਪੁਰ ਸਾਹਿਬ ਤੋਂ 2027 ਦੀਆਂ ਚੋਣਾਂ ਲੜਨ ਦੀ ਤਿਆਰੀ ਕਰ ਰਹੇ ਸਨ ਅਤੇ ਕਈ ਸਿਆਸੀ ਵਿਰੋਧੀਆਂ ਦੀਆਂ ਅੱਖਾਂ ਵਿੱਚ ਰੜਕ ਰਹੇ ਸਨ। ਉਹਨਾਂ ਦਾਅਵਾ ਕੀਤਾ ਕਿ ਇੱਕ ਡੂੰਘੀ ਸਾਜ਼ਿਸ਼ ਦੇ ਤਹਿਤ ਭਾਈ ਚਾਵਲਾ ਨੂੰ ਇਸ ਮਾਮਲੇ ਵਿੱਚ ਫਸਾਇਆ ਗਿਆ ਹੈ। ਉਹਨਾਂ ਮੰਗ ਕੀਤੀ ਕਿ ਨਿਰਪੱਖ ਜਾਂਚ ਰਾਹੀਂ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋਣਾ ਚਾਹੀਦਾ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪੀਏਸੀ ਦੇ ਮੈਂਬਰ ਸਰਦਾਰ ਹਰਦੇਵ ਸਿੰਘ ਦੇਬੀ ਅਤੇ ਡਾ. ਖੁਸ਼ਹਾਲ ਸਿੰਘ ਸਿੰਘ ਬਰੂਵਾਲ ਨੇ ਕਿਹਾ ਕਿ ਭਾਈ ਚਾਵਲਾ ਲੰਮੇ ਸਮੇਂ ਤੋਂ ਧਾਰਮਿਕ ਅਤੇ ਸਮਾਜਿਕ ਸਰਗਰਮੀਆਂ ਵਿੱਚ ਯੋਗਦਾਨ ਪਾ ਰਹੇ ਹਨ ਤੇ ਇਲਾਕੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਮਜਬੂਤੀ ਲਈ ਇਕ ਦਹਾਕੇ ਤੋਂ ਵੱਧ ਸਮੇਂ ਤੋਂ ਕੰਮ ਕਰ ਰਹੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਭਾਈ ਚਾਵਲਾ ਦੇ ਸਿਆਸੀ ਵਿਰੋਧੀਆਂ ਵੱਲੋਂ ਆਉਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਉਨ੍ਹਾਂ ਦਾ ਸਿਆਸੀ ਅਕਸ ਖ਼ਰਾਬ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਇਸ ਮੌਕੇ ਠੇਕੇਦਾਰ ਗੁਰਵਿੰਦਰ ਸਿੰਘ ਸਰਕਲ ਪ੍ਰਧਾਨ ਕੀਰਤਪੁਰ ਸਾਹਿਬ, ਕੁਲਵਿੰਦਰ ਸਿੰਘ ਸਰਕਲ ਪ੍ਰਧਾਨ (ਦਿਹਾਤੀ) ਕੀਰਤਪੁਰ ਸਾਹਿਬ, ਅਜਮੇਰ ਸਿੰਘ, ਮਨਜੀਤ ਸਿੰਘ ਨੀਟੂ, ਕਿਰਪਾਲ ਸਿੰਘ, ਮਲਕੀਤ ਸਿੰਘ ਢਾਹੇ, ਉਜਲ ਸਿੰਘ ਬੰਟੂ, ਗੁਰਮੁਖ ਸਿੰਘ ਵਿਰਕ ਅਤੇ ਬਲਦੇਵ ਸਿੰਘ ਮਾਨ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਇੱਕ ਵੱਖਰੇ ਬਿਆਨ ਰਾਹੀਂ ਸ਼੍ਰੋਮਣੀ ਅਕਾਲੀ ਦਲ ਇਸਤਰੀ ਵਿੰਗ ਹਲਕਾ ਅਨੰਦਪੁਰ ਸਾਹਿਬ ਦੀ ਪ੍ਰਧਾਨ ਬੀਬੀ ਹਰਦੀਪ ਕੌਰ ਕੋਟਲਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਸਿਆਸਤ ਦੀ ਭੇਟ ਚੜੇ ਹਨ, ਉਹਨਾਂ ਤੇ ਲੱਗੇ ਦੋਸ਼ ਬੇ ਬੁਨਿਆਦ ਹਨ ਭਾਈ ਚਾਵਲਾ ਬਾਣੀ ਤੇ ਬਾਣੇ ਨਾਲ ਜੁੜੇ ਹੋਏ ਇਨਸਾਨ ਹਨ ਅਤੇ ਉਹਨਾਂ ਦੀ ਸਖਸੀਅਤ ਨੂੰ ਖਰਾਬ ਕਰਨ ਲਈ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ ਜਿਸ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਬੀਬੀ ਕੋਟਲਾ ਨੇ ਕਿਹਾ ਕਿ ਜਲਦੀ ਹੀ ਸਭ ਕੁਝ ਲੋਕਾਂ ਦੇ ਸਾਹਮਣੇ ਆ ਜਾਵੇਗਾ ਅਤੇ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋ ਕੇ ਜਨਤਾ ਦੇ ਸਾਹਮਣੇ ਸੱਚਾਈ ਪੇਸ਼ ਹੋਵੇਗੀ।

ਮੱਖਣ ਬਰਾੜ ਵੱਲੋਂ ਐਸ.ਸੀ. ਵਿੰਗ ਦੇ ਸਰਕਲ ਪ੍ਰਧਾਨਾਂ ਤੇ ਆਗੂਆਂ ਦੀ ਅਹਿਮ ਇਕੱਤਰਤਾ

ਧਰਮਕੋਟ 19 ਸਤੰਬਰ (ਸੰਜੀਵ ਸੂਦ/ਜਗਰਾਜ ਸੰਘਾ) ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸ. ਬਰਜਿੰਦਰ ਸਿੰਘ ਮੱਖਣ ਬਰਾੜ ਦੀ ਧਰਮਕੋਟ ਸਥਿਤ ਰਿਹਾਇਸ਼ ਵਿਖੇ ਐਸ.ਸੀ. ਵਿੰਗ ਹਲਕਾ ਧਰਮਕੋਟ ਦੇ ਸਰਕਲ ਪ੍ਰਧਾਨਾਂ ਅਤੇ ਆਗੂ ਸਾਹਿਬਾਨ ਦੀ ਇੱਕ ਵਿਸ਼ੇਸ਼ ਅਤੇ ਅਹਿਮ ਇਕੱਤਰਤਾ ਹੋਈ। ਇਕੱਤਰਤਾ ਦੌਰਾਨ ਐਸ.ਸੀ. ਵਿੰਗ ਦੀਆਂ ਜਥੇਬੰਦਕ ਗਤੀਵਿਧੀਆਂ, ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਵਰਕਰਾਂ ਨਾਲ ਲਗਾਤਾਰ ਤਾਲਮੇਲ ਬਣਾਈ ਰੱਖਣ ਸਬੰਧੀ ਵਿਸਥਾਰਪੂਰਵਕ ਵਿਚਾਰ-

ਵਟਾਂਦਰਾ ਕੀਤਾ ਗਿਆ। ਇਸ ਮੌਕੇ ਰਣਧੀਰ ਸਿੰਘ ਥਰਾਜ, ਜ਼ਿਲ੍ਹਾ ਪ੍ਰਧਾਨ ਐਸ.ਸੀ. ਵਿੰਗ, ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਨੇ ਹਲਕਾ ਧਰਮਕੋਟ ਦੇ ਐਸ.ਸੀ. ਵਿੰਗ ਦੇ ਆਗੂਆਂ ਅਤੇ ਸਰਕਲ ਪ੍ਰਧਾਨਾਂ ਨਾਲ ਵੱਖ-ਵੱਖ ਜਥੇਬੰਦਕ ਮਾਮਲਿਆਂ ਸਬੰਧੀ ਵਿਚਾਰ ਸਾਂਝੇ ਕੀਤੇ। ਉਨ੍ਹਾਂ ਵੱਲੋਂ ਆਗੂਆਂ ਅਤੇ ਵਰਕਰਾਂ ਨੂੰ ਪਾਰਟੀ ਦੀਆਂ ਗਤੀਵਿਧੀਆਂ ਵਿੱਚ ਹੋਰ ਸਰਗਰਮੀ ਨਾਲ ਭਾਗ ਲੈਣ ਅਤੇ ਆਪਸੀ ਤਾਲਮੇਲ ਨੂੰ ਹੋਰ ਮਜ਼ਬੂਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਬਰਜਿੰਦਰ ਸਿੰਘ ਮੱਖਣ ਬਰਾੜ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਵਿੱਚ ਹਰ ਵਰਕਰ ਅਤੇ ਹਰ ਵਿੰਗ ਦੀ ਅਹਿਮ ਭੂਮਿਕਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੀ ਜਥੇਬੰਦੀ ਨੂੰ ਬੂਥ ਅਤੇ ਪਿੰਡ ਪੱਧਰ ਤੱਕ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਐਸ.ਸੀ. ਵਿੰਗ ਪਾਰਟੀ ਦੀ ਜਥੇਬੰਦੀ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਇਸ ਮੌਕੇ ਸੁਰਜੀਤ ਸਿੰਘ ਲੁਹਾਰਾ, ਪ੍ਰਧਾਨ ਐਸ.ਸੀ. ਵਿੰਗ ਹਲਕਾ ਧਰਮਕੋਟ, ਨੇ ਵੀ ਇਕੱਤਰਤਾ ਵਿੱਚ ਹਾਜ਼ਰੀ ਭਰੀ ਇਕੱਤਰਤਾ ਦੌਰਾਨ ਆਗੂ ਸਾਹਿਬਾਨ ਨੇ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਆਪਸੀ ਸਹਿਯੋਗ ਅਤੇ ਤਾਲਮੇਲ ਨਾਲ ਕੰਮ ਕਰਨ ਦਾ ਭਰੋਸਾ ਦਿਵਾਇਆ। ਮੀਟਿੰਗ ਵਿੱਚ ਹਾਜ਼ਰ ਆਗੂਆਂ ਵੱਲੋਂ ਪਾਰਟੀ ਦੀਆਂ ਗਤੀਵਿਧੀਆਂ ਨੂੰ ਹਲਕੇ ਦੇ ਹਰ ਪਿੰਡ ਅਤੇ ਹਰ ਵਰਗ ਤੱਕ ਲੈ ਕੇ ਜਾਣ ਸਬੰਧੀ ਵੀ ਆਪਣੇ ਵਿਚਾਰ ਸਾਂਝੇ ਕੀਤੇ ਗਏ ਇਸ ਮੌਕੇ ਐਸ.ਸੀ. ਵਿੰਗ ਦੇ ਵੱਖ-ਵੱਖ ਸਰਕਲਾਂ ਦੇ ਪ੍ਰਧਾਨ, ਆਗੂ ਅਤੇ ਪਾਰਟੀ ਵਰਕਰ ਸਾਹਿਬਾਨ ਹਾਜ਼ਰ ਸਨ।

ਪਿੰਡ ਸਹਿਜੋਮਾਜਰਾ ਵਿੱਖੇ ਵਿਸ਼ਾਲ ਕੁਸ਼ਤੀ ਦੰਗਲ ਮੇਲਾ 22 ਨੂੰ

ਸ੍ਰੀ ਮਾਛੀਵਾੜਾ ਸਾਹਿਬ:- ਦਰਸ਼ਨ ਚੌਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ- ਇਥੋਂ ਨੇੜਲੇ ਪਿੰਡ ਸਹਿਜੋਮਾਜਰਾ ਵਿੱਖੇ ਗ੍ਰਾਮ ਪੰਚਾਇਤ ਤੇ ਛਿੰਜ ਕਮੇਟੀ ਤੇ ਐਨ ਆਰ ਆਈ ਵੀਰਾਂ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਵਿਸ਼ਾਲ ਦੰਗਲ ਮੇਲਾ 22 ਸੰਤਬਰ ਨੂੰ ਕਰਵਾਇਆ ਜਾ ਰਿਹਾ ਹੈ ਇਸ ਵਿੱਚ ਵੱਡੀ ਗਿਣਤੀ ਵਿੱਚ ਪਹਿਲਵਾਨ ਪਹੁੰਚਣਗੇ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਰਪੰਚ ਜਸਵੀਰ ਸਿੰਘ ਤੇ ਗਾਇਕ ਇੰਦੀ ਦਿਓਲ ਨੇ ਦੱਸਿਆ ਕਿ ਇਹ ਦੰਗਲ ਮੇਲਾ ਗੁੱਗਾ ਜਾਹਰ ਵੀਰ ਜੀ ਦੀ ਯਾਦ ਵਿੱਚ ਕਰਵਾਇਆ ਜਾਂਦਾ ਹੈ ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਜਸਵੀਰ ਸਿੰਘ, ਮੱਖਣ ਸਿੰਘ,ਲਖਵਿੰਦਰ ਸਿੰਘ ਸਿੱਧੂ,ਸੁਖਜਿੰਦਰਪਾਲ ਸਿੰਘ,ਕੁਲਵਿੰਦਰ ਸਿੰਘ ਫੌਜੀ, ਕਰਮਜੀਤ ਸਿੰਘ,ਸੁਰਿੰਦਰ ਸਿੰਘ, ਜਰਨੈਲ ਸਿੰਘ,ਅਮਰਿੰਦਰ ਸਿੰਘ ਕਾਲਾ, ਅਵਤਾਰ ਸਿੰਘ,ਜਸਪਾਲ ਸਿੰਘ, ਸਰੂਪ ਸਿੰਘ,ਸੋਹਣ ਸਿੰਘ, ਗੁਰਬਚਨ ਸਿੰਘ ਨੰਬਰਦਾਰ,ਸਵਰਨ ਸਿੰਘ ਸਾਬਕਾ ਸਰਪੰਚ,ਸੂਬੇਦਾਰ ਸੁਰਜੀਤ ਸਿੰਘ,ਹਰਸ਼ਦੀਪ ਬੈਨੀਪਾਲ ਆਦਿ ਹਾਜਰ ਸਨ!

102 ਗ੍ਰਾਮ ਹੈਰੋਇਨ ਸਮੇਤ ਨਸ਼ਾ ਤਸਕਰ ਸਾਹਨੇਵਾਲ ਪੁਲਿਸ ਨੇ ਕੀਤਾ ਗ੍ਰਿਫ਼ਤਾਰ, ਮੁਲਜ਼ਮ ਖ਼ਿਲਾਫ਼ ਪਹਿਲਾਂ ਵੀ ਦੋ ਮਾਮਲੇ ਦਰਜ

ਲੁਧਿਆਣਾ/ਸਾਹਨੇਵਾਲ, 19 ਸਤੰਬਰ – (ਝੱਜ ਉਮੇਦਪੁਰ)– ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਸਾਹਨੇਵਾਲ ਪੁਲਿਸ ਨੇ ਇੱਕ ਵਿਅਕਤੀ ਨੂੰ 102 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਨ ਦਾ ਦਾਅਵਾ ਕੀਤਾ ਹੈ। ਪੁਲਿਸ ਵੱਲੋਂ ਮੁਲਜ਼ਮ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।ਥਾਣਾ ਸਾਹਨੇਵਾਲ ਦੇ ਮੁੱਖ ਅਫ਼ਸਰ ਦਲਬੀਰ ਸਿੰਘ ਦੀ ਅਗਵਾਈ ਹੇਠ ਸਹਾਇਕ ਥਾਣੇਦਾਰ ਨਵਜੋਤ ਸਿੰਘ, ਇੰਚਾਰਜ ਪੁਲਿਸ ਚੌਕੀ ਕੰਗਣਵਾਲ ਅਤੇ ਪੁਲਿਸ ਪਾਰਟੀ ਵੱਲੋਂ 17 ਸਤੰਬਰ ਨੂੰ ਰਾਧਾ ਸੁਆਮੀ ਸਤਿਸੰਗ ਘਰ ਦੇ ਗੇਟ ਨੰਬਰ-3 ਤੋਂ ਬਾਪੂ ਮਾਰਕੀਟ ਸਾਈਡ, ਲੋਹਾਰਾ ਰੋਡ ਵਿਖੇ ਪੈਦਲ ਆ ਰਹੇ ਵਿਅਕਤੀ ਨੂੰ ਕਾਬੂ ਕੀਤਾ ਗਿਆ। ਪੁਲਿਸ ਅਨੁਸਾਰ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕਰਨ ਦੀ ਕਾਰਵਾਈ ਕੀਤੀ ਜਾ ਰਹੀ ਹੈ, ਤਾਂ ਜੋ ਨਸ਼ਾ ਤਸਕਰੀ ਨਾਲ ਜੁੜੇ ਹੋਰ ਪੱਖਾਂ ਬਾਰੇ ਪੁੱਛਗਿੱਛ ਕੀਤੀ ਜਾ ਸਕੇ।

ਮੱਲਮਾਜਰਾ ਨੇ ਝੋਨੇ ਦੀ ਸਰਕਾਰੀ ਖਰੀਦ ਅੱਜ ਤੋਂ ਸ਼ੁਰੂ ਕਰਵਾਉਣ ਦੀ ਕੀਤੀ ਮੰਗ

ਸਮਰਾਲਾ, 19 ਸਤੰਬਰ (ਬ੍ਰਹਮਜੋਤ ਭੰਗਲਾਂ) ਸਮਰਾਲਾ ਦੀ ਅਨਾਜ ਮੰਡੀ ਦੀ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਆਲਮਦੀਪ ਸਿੰਘ ਮੱਲਮਾਜਰਾ ਨੇ ਝੋਨੇ ਦੇ ਆਉਣ ਵਾਲੇ ਸੀਜਨ ਨੂੰ ਮੁੱਖ ਰੱਖਦਿਆਂ ਝੋਨੇ ਦੀ ਸਰਕਾਰੀ ਖ਼ਰੀਦ, ਚੁਕਾਈ, ਟਰਾਂਸਪੋਰਟ ਅਤੇ ਕਿਸਾਨਾਂ ਤੇ ਆੜ੍ਹਤੀਆਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਮੁੱਖ ਰੱਖਦਿਆਂ ਮੰਗ ਕੀਤੀ ਕਿ ਇਸ ਵਾਰ ਝੋਨੇ ਦੀ ਫ਼ਸਲ ਪਹਿਲਾਂ ਦੇ ਮੁਕਾਬਲੇ ਅਗੇਤੀ ਤਿਆਰ ਹੋ ਰਹੀ ਹੈ ਅਤੇ ਮੰਡੀਆਂ 'ਚ ਆਮਦ ਲਗਭਗ 10 ਦਿਨ ਪਹਿਲਾਂ ਸ਼ੁਰੂ ਹੋ ਚੁਕੀ ਹੈ। ਇਸ ਨੂੰ ਦੇਖਦਿਆਂ ਸਰਕਾਰ ਨੂੰ 20 ਸਤੰਬਰ ਤੋਂ ਝੋਨੇ ਦੀ ਸਰਕਾਰੀ ਖ਼ਰੀਦ ਸ਼ੁਰੂ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਖ਼ਰੀਦ 'ਚ ਦੇਰੀ ਹੋਣ ਨਾਲ ਮੰਡੀਆਂ 'ਚ ਫ਼ਸਲ ਦਾ ਇਕੱਠ ਵਧ ਸਕਦਾ ਹੈ, ਜਿਸ ਕਾਰਨ ਕਿਸਾਨਾਂ ਨੂੰ ਫ਼ਸਲ ਰੱਖਣ ਲਈ ਜਗ ਹ੍ਹਾ ਦੀ ਸਮੱਸਿਆ ਅਤੇ ਚੁਕਾਈ 'ਚ ਮੁਸ਼ਕਲ ਆ ਸਕਦੀ ਹੈ। ਮੱਲਮਾਜਰਾ ਨੇ ਕਿਹਾ ਕਿ ਨਵੀਂ ਫ਼ਸਲ ਦੀ ਆਮਦ ਤੋਂ ਪਹਿਲਾਂ ਸਰਕਾਰ ਅਤੇ ਸਬੰਧਤ ਵਿਭਾਗ ਖ਼ਰੀਦ ਪ੍ਰਬੰਧ ਮੁਕੰਮਲ ਕਰਨ। ਉਨ੍ਹਾਂ ਪੁਰਾਣੇ ਚੌਲਾਂ ਦੀ ਚੁਕਾਈ 'ਚ ਤੇਜ਼ੀ ਲਿਆਉਣ ਅਤੇ ਖੰਨਾ-ਸਮਰਾਲਾ ਰੇਲ ਹੈੱਡ 'ਤੇ ਮਾਲ ਦੀ ਢੋਆ-ਢੁਆਈ ਲਈ ਹੋਰ ਸਪੈਸ਼ਲ ਰੇਕ ਲਗਾਉਣ ਦੀ ਮੰਗ ਕੀਤੀ, ਤਾਂ ਜੋ ਸ਼ੈਲਰਾਂ ਦਾ ਰਹਿੰਦਾ ਮਾਲ ਸਮੇਂ ਸਿਰ ਭੇਜਿਆ ਜਾ ਸਕੇ, ਉਨ੍ਹਾਂ ਕਿਹਾ ਕਿ ਪੁਰਾਣੇ ਮਾਲ ਦੀ ਸਮੇਂ ਸਿਰ ਚੁਕਾਈ ਨਾ ਹੋਈ ਤਾਂ ਨਵੀਂ ਫ਼ਸਲ ਦੀ ਆਮਦ ਮੌਕੇ ਮੰਡੀਆਂ 'ਚ ਜਗ ਹ੍ਹਾ ਦੀ ਕਮੀ ਪੈਦਾ ਹੋ ਸਕਦੀ ਹੈ। ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਕਿਸਾਨਾਂ ਦੀ ਸ਼ਹੂਲਤ ਲਈ ਸਰਕਾਰੀ ਖ਼ਰੀਦ, ਚੁਕਾਈ ਅਤੇ ਟਰਾਂਸਪੋਰਟ ਦੇ ਪ੍ਰਬੰਧ ਫੌਰੀ ਤੌਰ ਤੇ ਮੁਕੰਮਲ ਕਰਨ ਦੇ ਨਿਰਦੇਸ਼ ਪ੍ਰਸ਼ਾਸਨ ਨੂੰ ਜਾਰੀ ਕਰਨ ਤਾਂ ਕੇ ਮੰਡੀਆਂ ਦਾ ਕੰਮ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ।

ਡੀ.ਏ.ਵੀ ਕਾਲਜ ਬਠਿੰਡਾ ਵੱਲੋਂ ਭਾਸ਼ਣ ਅਤੇ ਕਵਿਤਾ ਮੁਕਾਬਲੇ ਦਾ ਆਯੋਜਨ

ਬਠਿੰਡਾ 19 ਸਤੰਬਰ (ਰਾਣਾ ਸ਼ਰਮਾ) – ਡੀ.ਏ.ਵੀ ਕਾਲਜ ਬਠਿੰਡਾ ਦੇ ਪੋਸਟ ਗ੍ਰੈਜੂਏਟ ਅੰਗਰੇਜ਼ੀ ਵਿਭਾਗ ਦੀ ਅਗਵਾਈ ਹੇਠ ਅੰਗਰੇਜ਼ੀ ਸਾਹਿਤਕ ਸੁਸਾਇਟੀ ;ਆਰਟੀਫਿਸ਼ੀਅਲ ਇੰਟੈਲੀਜੈਂਸ ਦੇ ਯੁੱਗ ਵਿੱਚ ਨੌਕਰੀਆਂ ਦਾ ਭਵਿੱਖ, ਡਿਜੀਟਲ ਯੁੱਗ ਵਿੱਚ ਯੁੱਧ ਅਤੇ ਪ੍ਰਭਾਵਕ: ਨਵੀਂ ਰਾਏ ; ਵਿਸ਼ੇ ;ਤੇ ਭਾਸ਼ਣ ਮੁਕਾਬਲਾ ਅਤੇ ਪ੍ਰੇਰਣਾਦਾਇਕ, ਸਮਾਜਿਕ ਕਾਰਨਾਂ ਅਤੇ ਦੇਸ਼ ਭਗਤੀ ਦੇ ਵਿਸ਼ਿਆਂ ;ਤੇ ਕਵਿਤਾਵਾਂ ਦਾ ਆਯੋਜਨ ਕੀਤਾ।

ਡੀ.ਏ.ਵੀ ਕਾਲਜ ਬਠਿੰਡਾ ਦੀ ਸਾਹਿਤਕ ਸੁਸਾਇਟੀ ਹਮੇਸ਼ਾ ਨੌਜਵਾਨ ਸਾਹਿਤਕਾਰਾਂ ਦੇ ਰਚਨਾਤਮਕ ਵਿਚਾਰਾਂ ਅਤੇ ਵਿਚਾਰ ਪ੍ਰਕਿਰਿਆ ਨੂੰ ਪਰਵਾਜ਼ ਦੇਣ ਦਾ ਉਦੇਸ਼ ਰੱਖਦੀ ਹੈ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਸ਼ਰਮਾ ਅਤੇ ਜੱਜਮੈਂਟਲ ਪੈਨਲ ਦੇ ਸਵਾਗਤ ਨਾਲ ਹੋਈ ਜਿਸ ਵਿੱਚ ਡਾ. ਸਤੀਸ਼ ਗਰੋਵਰ, ਅੰਗਰੇਜ਼ੀ ਵਿਭਾਗ ਦੇ ਮੁਖੀ, ਡਾ. ਨੀਤੂ ਪੁਰੋਹਿਤ, ਸਹਿ-ਕਨਵੀਨਰ ਡਾ. ਮੋਨਿਕਾ ਘੁੱਲਾ, ਹਿੰਦੀ ਵਿਭਾਗ ਦੇ ਮੁਖੀ ਅਤੇ ਪ੍ਰੋ. ਰਾਮਿਲ ਗੁਪਤਾ, ਕੰਪਿਊਟਰ ਸਾਇੰਸ ਵਿਭਾਗ ਸ਼ਾਮਲ ਸਨ। ਭਾਗੀਦਾਰਾਂ ਨੇ ਕਲਾਤਮਕ ਢੰਗ ਨਾਲ ਆਪਣੀ ਰਾਏ ਦਿੱਤੀ ਅਤੇ ਦਰਸ਼ਕਾਂ ਨੇ ਉਨ੍ਹਾਂ ਦੇ ਸੂਖਮ ਵਿਚਾਰਾਂ ਨੂੰ ਧਿਆਨ ਨਾਲ ਸੁਣਿਆ। ਪ੍ਰੋਗਰਾਮ ਦਾ ਅੰਤ ਨਤੀਜਿਆਂ ਦੀ ਘੋਸ਼ਣਾ ਅਤੇ ਭਾਗੀਦਾਰਾਂ ਨੂੰ ਮੈਡਲ ਵੰਡਣ ਨਾਲ ਹੋਇਆ। ਜੈਸਮੀਨ ਨੂੰ ਪਹਿਲਾ, ਨਵਜੋਤ ਨੂੰ ਦੂਜਾ ਅਤੇ ਆਕਾਸ਼ਦੀਪ ਨੂੰ ਤੀਜਾ ਇਨਾਮ ਐਲਾਨਿਆ ਗਿਆ ।ਕਵਿਤਾ ਪਾਠ ਵਿੱਚ ਵੰਸ਼ਿਕਾ ਕੌਰ ਨੂੰ ਪਹਿਲਾ ਸਥਾਨ, ਸੁਖਪਾਲ ਸਿੰਘ ਨੂੰ ਦੂਜਾ ਇਨਾਮ ਅਤੇ ਅਮਨਦੀਪ ਨੂੰ ਤੀਜਾ ਇਨਾਮ ਮਿਲਿਆ। ਜੱਜਾਂ ਨੇ ਵੀ ਭਾਗੀਦਾਰਾਂ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਸ਼ਰਮਾ ਨੇ ਅੰਗਰੇਜ਼ੀ ਵਿਭਾਗ ਦੇ ਫੈਕਲਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ, ਜਿਨ੍ਹਾਂ ਵਿੱਚ ਡਾ. ਸਤੀਸ਼ ਗਰੋਵਰ, ਮੁਖੀ, ਅੰਗਰੇਜ਼ੀ ਵਿਭਾਗ, ਪ੍ਰੋ. ਕਰਮਪਾਲ ਕੌਰ, ਡਾ. ਨੀਤੂ ਪੁਰੋਹਿਤ, ਪ੍ਰੋ. ਹੀਨਾ ਬਿਦਲ, ਪ੍ਰੋ. ਗੁ

ਨੌਜਵਾਨਾਂ ਦੇ ਸੁਪਨਿਆਂ ਨੂੰ ਉਡਾਣ ਦੇ ਰਹੀ ਹੈ ਪੰਜਾਬ ਸਰਕਾਰ : ਸੀਐਮ ਭਗਵੰਤ ਸਿੰਘ ਮਾਨ

ਸਰਕਾਰ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦੇ ਮੌਕੇ ਪ੍ਰਦਾਨ ਕਰਨ ਨੂੰ ਦੇ ਰਹੀ ਹੈ ਤਰਜੀਹ : ਸੀਐਮ ਮਾਨ

ਮੋਹਾਲੀ, 19 ਸਤੰਬਰ (ਬਿਊਰੋ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਦੀ ਸਰਕਾਰ ਸੂਬੇ ਦੇ ਨੌਜਵਾਨਾਂ ਦੇ ਸੁਪਨਿਆਂ ਨੂੰ ਉਡਾਣ ਦੇਣ ਲਈ ਢੁਕਵੇਂ ਮੌਕੇ, ਵਿੱਤੀ ਸਹਾਇਤਾ ਅਤੇ ਸੰਸਥਾਗਤ ਸਹਿਯੋਗ ਦਾ ਮਜ਼ਬੂਤ ਢਾਂਚਾ ਤਿਆਰ ਕਰ ਰਹੀ ਹੈ ਤਾਂ ਜੋ ਉਨ੍ਹਾਂ ਦੇ ਨਿਵੇਕਲੇ ਵਿਚਾਰਾਂ ਨੂੰ ਹਕੀਕਤ ਵਿੱਚ ਬਦਲਿਆ ਜਾ ਸਕੇ। ਇੰਡੀਅਨ ਸਕੂਲ ਆਫ਼ ਬਿਜ਼ਨਸ (ਆਈਐਸਬੀ) ਵੱਲੋਂ ਮੁਹਾਲੀ ਕੈਂਪਸ ਵਿਖੇ 'ਇੰਡੀਆ ਅਨਬਾਊਂਡ: ਡਿਫਾਈਨਿੰਗ ਟੂਮਾਰੋਜ਼ ਲੀਡਰਸ਼ਿਪ' ਵਿਸ਼ੇ 'ਤੇ ਕਰਵਾਏ ਆਈਐਸਬੀ ਲੀਡਰਸ਼ਿਪ ਸੰਮੇਲਨ-2026 ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਪ੍ਰਤਿਭਾ ਜਾਂ ਊਰਜਾ ਦੀ ਕੋਈ ਕਮੀ ਨਹੀਂ ਹੈ। ਇਸੇ ਕਰਕੇ ਸਰਕਾਰ ਅਜਿਹੇ ਰੌਸ਼ਨ ਦਿਮਾਗ ਨੌਜਵਾਨਾਂ ਨੂੰ ਆਪਣੀ ਕਾਬਲੀਅਤ ਦਿਖਾਉਣ, ਕਾਰੋਬਾਰ ਸਥਾਪਤ ਕਰਨ ਅਤੇ ਰੋਜ਼ਗਾਰ ਪੈਦਾ ਕਰਨ ਲਈ ਢੁਕਵਾਂ ਮੰਚ ਪ੍ਰਦਾਨ ਕਰਨ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਆਈਐਸਬੀ ਦੇ ਚੇਅਰਮੈਨ ਹਰੀਸ਼ ਮਨਵਾਨੀ, ਆਈਐਸਬੀ ਦੇ ਡੀਨ ਪ੍ਰੋਫੈਸਰ ਮਦਨ, ਅਕਾਦਮਿਕ ਅਤੇ ਕਾਰੋਬਾਰੀ ਜਗਤ ਦੀਆਂ ਉੱਘੀਆਂ ਸ਼ਖਸੀਅਤਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੇ ਆਈਐਸਬੀ ਨੂੰ 25 ਸਾਲ ਪੂਰੇ ਕਰਨ 'ਤੇ ਵਧਾਈ ਦਿੱਤੀ ਅਤੇ ਕਿਹਾ ਕਿ ਆਈਐਸਬੀ ਵਰਗੀਆਂ ਸੰਸਥਾਵਾਂ ਨੌਜਵਾਨਾਂ ਦੀ ਅਥਾਹ ਊਰਜਾ ਨੂੰ ਸਹੀ ਦਿਸ਼ਾ ਦੇਣ ਵਿੱਚ ਵਡਮੁੱਲੀ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਨਵੀਨਤਾਕਾਰੀ ਵਿਚਾਰਾਂ ਨੂੰ ਹਕੀਕਤ ਵਿੱਚ ਬਦਲਣ ਲਈ 'ਸਟਾਰਟਅੱਪ ਸੈਂਟਰ' ਸਥਾਪਿਤ ਕੀਤਾ ਹੈ।

ਜਦਕਿ 'ਬਿਜ਼ਨਸ ਬਲਾਸਟਰਜ਼' ਪ੍ਰੋਗਰਾਮ ਤਹਿਤ ਵਿਦਿਆਰਥੀਆਂ ਨੂੰ ਸੀਡ ਮਨੀ ਅਤੇ ਸਕੂਲ ਆਫ਼ ਐਮੀਨੈਂਸ ਤੋਂ ਉਸਾਰੂ ਤੇ ਲਾਹੇਵੰਦ ਵਿਚਾਰ ਪ੍ਰਦਾਨ ਕੀਤੇ ਗਏ ਹਨ ਤਾਂ ਜੋ ਉਹ ਉਜਵਲ ਭਵਿੱਖ ਵੱਲ ਪੁਲਾਂਘ ਪੁੱਟ ਸਕਣ। ਉਦਯੋਗਪਤੀਆਂ ਅਤੇ ਨਿਵੇਸ਼ਕਾਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੰਦਿਆਂ ਉਨ੍ਹਾਂ ਕਿਹਾ ਕਿ ਸੂਬੇ ਨੂੰ ਉਦਯੋਗ, ਨਿਵੇਸ਼ ਅਤੇ ਨਵੀਨਤਾ ਦੇ ਕੇਂਦਰ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ। ਇਸ ਮੌਕੇ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਐਕਸ' ਹੈਂਡਲ 'ਤੇ ਲਿਖਿਆ, "ਮੋਹਾਲੀ ਵਿਖੇ ਕਰਵਾਏ ਆਈਐਸਬੀ ਲੀਡਰਸ਼ਿਪ ਸੰਮੇਲਨ ਵਿੱਚ ਸ਼ਾਮਲ ਹੋਏ ਅਤੇ ਸੰਸਥਾ ਨੂੰ 25 ਸਾਲ ਪੂਰੇ ਕਰਨ 'ਤੇ ਵਧਾਈ। ਆਈਐਸਬੀ ਵਰਗੀਆਂ ਨਾਮਵਰ ਸੰਸਥਾਵਾਂ ਸਾਡੇ ਨੌਜਵਾਨਾਂ ਦੀ ਅਥਾਹ ਊਰਜਾ ਨੂੰ ਸਹੀ ਦਿਸ਼ਾ ਦੇਣ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਸਾਡੇ ਨੌਜਵਾਨਾਂ ਵਿੱਚ ਪ੍ਰਤਿਭਾ ਦੀ ਕੋਈ ਕਮੀ ਨਹੀਂ ਹੈ, ਲੋੜ ਹੈ ਉਡਾਣ ਭਰਨ ਲਈ ਉਨ੍ਹਾਂ ਨੂੰ ਸਹੀ ਖੰਭ ਦੇਣ ਦੀ। ਪੰਜਾਬੀਆਂ ਨੇ ਆਪਣੀ ਸਖ਼ਤ ਮਿਹਨਤ ਸਦਕਾ ਦੁਨੀਆ ਭਰ ਵਿੱਚ ਬੁਲੰਦੀ ਛੋਹੀ ਹੈ। ਮੈਂ ਸਾਰੇ ਉਦਯੋਗਪਤੀਆਂ ਨੂੰ ਗੁਰੂਆਂ ਅਤੇ ਸੰਤਾਂ ਦੀ ਇਸ ਪਵਿੱਤਰ ਧਰਤੀ 'ਤੇ ਵੱਧ ਤੋਂ ਵੱਧ ਨਿਵੇਸ਼ ਕਰਨ ਦਾ ਸੱਦਾ ਦਿੰਦਾ ਹਾਂ। ਇਨਕਲਾਬ ਜ਼ਿੰਦਾਬਾਦ।" ਆਈਐਸਬੀ ਲੀਡਰਸ਼ਿਪ ਸੰਮੇਲਨ-2026 ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਉਣ ਵਾਲਾ ਸਮਾਂ ਉਨ੍ਹਾਂ ਸਮਾਜਾਂ ਦਾ ਹੀ ਹੈ ਜੋ ਨਵੀਨਤਾ ਲਿਆਉਣ, ਸੋਚ-ਸਮਝ ਕੇ ਜੋਖਮ ਉਠਾਉਣ ਅਤੇ ਉੱਭਰਦੇ ਮੌਕਿਆਂ ਨੂੰ ਟਿਕਾਊ ਵਿਕਾਸ ਵਿੱਚ ਬਦਲਣ ਲਈ ਤਿਆਰ ਹਨ। ਵਿਦਿਆਰਥੀਆਂ ਨੂੰ ਰਵਾਇਤੀ ਕਰੀਅਰ ਦੇ ਰਾਹਾਂ ਤੋਂ ਹਟ ਕੇ ਸੋਚਣ ਲਈ ਪ੍ਰੇਰਿਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਅਜਿਹੇ ਹੱਲ ਤਿਆਰ ਕਰਨ 'ਤੇ ਧਿਆਨ ਦਿੱਤਾ ਜਾਣਾ ਚਾਹੀਦਾ ਹੈ, ਜੋ ਸਮਾਜ ਲਈ ਲਾਹੇਵੰਦ ਹੋਵਣ। ਸ਼ੁਰੂ ਤੋਂ ਹੀ ਪੰਜਾਬ ਉੱਦਮ, ਸਖ਼ਤ ਮਿਹਨਤ ਅਤੇ ਹਿੰਮਤ ਵਾਲਿਆਂ ਦੀ ਧਰਤੀ ਰਿਹਾ ਹੈ।" ਉਨ੍ਹਾਂ ਕਿਹਾ ਕਿ ਹਿੰਮਤ, ਸਖ਼ਤ ਮਿਹਨਤ, ਦ੍ਰਿੜ੍ਹਤਾ ਅਤੇ ਉੱਦਮੀ ਭਾਵਨਾ ਪੰਜਾਬ ਦੇ ਸੁਭਾਅ ਵਿੱਚ ਡੂੰਘਾਈ ਨਾਲ ਰਚੀ-ਵਸੀ ਹੋਈ ਹੈ।

ਨਾਭਾ 'ਚ ਸਜੇਗਾ ਖੇਡਾਂ ਦਾ ਮਹਾਕੁੰਭ: 3-4 ਅਕਤੂਬਰ ਨੂੰ 8ਵੇਂ ਸ਼ਹੀਦ ਭਗਤ ਸਿੰਘ ਯਾਦਗਾਰੀ ਕਬੱਡੀ ਕੱਪ ਦਾ ਵੱਡਾ ਆਯੋਜਨ

ਨਾਭਾ, 19 ਸਤੰਬਰ (ਰਾਕੇਸ਼ ਜਿੰਦਲ/ਸ਼ੁਭਮ ਜਿੰਦਲ) : ਖੇਡਾਂ ਪੰਜਾਬੀ ਵਿਰਸੇ ਅਤੇ ਨਰੋਈ ਸਿਹਤ ਨੂੰ ਸਮਰਪਿਤ ਸ਼ਹੀਦ ਭਗਤ ਸਿੰਘ ਵੈਲਫੇਅਰ ਸੋਸਾਇਟੀ (ਰਜਿ:) ਨਾਭਾ (ਜ਼ਿਲ੍ਹਾ ਪਟਿਆਲਾ) ਵੱਲੋਂ ਦੇਸ਼ ਦੇ ਮਹਾਨ ਸ਼ਹੀਦ ਭਗਤ ਸਿੰਘ ਜੀ ਦੀ ਮਿੱਠੀ ਤੇ ਨਿੱਘੀ ਯਾਦ ਵਿੱਚ 8ਵਾਂ 'ਮਹਾਂਕੁੰਭ ਕਬੱਡੀ ਕੱਪ' ਆਉਂਦੀ 3 ਅਤੇ 4 ਅਕਤੂਬਰ 2026 ਨੂੰ ਸਰਕਾਰੀ ਕਾਲਜ ਗਰਾਊਂਡ, ਨਾਭਾ ਵਿਖੇ ਬਹੁਤ ਹੀ ਧੂਮਧਾਮ ਅਤੇ ਵਿਸ਼ਾਲ ਪੱਧਰ 'ਤੇ ਕਰਵਾਇਆ ਜਾ ਰਿਹਾ ਹੈ। ਇਸ ਖੇਡ ਮੇਲੇ ਨੂੰ ਲੈ ਕੇ ਇਲਾਕੇ ਭਰ ਦੇ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਆਲ ਓਪਨ ਕਬੱਡੀ: ਨਾਮਵਰ ਟੀਮਾਂ ਅਤੇ ਮੋਟੇ ਇਨਾਮ ; ਟੂਰਨਾਮੈਂਟ ਦੌਰਾਨ ਆਲ ਓਪਨ ਕਬੱਡੀ ਦੇ ਮੁਕਾਬਲੇ ਵਿਸ਼ੇਸ਼ ਖਿੱਚ ਦਾ ਕੇਂਦਰ ਰਹਿਣਗੇ, ਜਿਸ ਵਿੱਚ ਪੰਜਾਬ ਅਤੇ ਦੂਰ-ਦੁਰਾਡੇ ਤੋਂ ਚੋਟੀ ਦੀਆਂ ਕਬੱਡੀ ਟੀਮਾਂ ਤੇ ਨਾਮਵਰ ਧਾਵੀ-ਜਾਫੀ ਆਪਣੀ ਖੇਡ ਦਾ ਸ਼ਾਨਦਾਰ ਪ੍ਰਦਰਸ਼ਨ ਕਰਨਗੇ: ਪਹਿਲਾ ਇਨਾਮ: 1,000,000/- ਰੁਪਏ (1 ਲੱਖ ਰੁਪਏ) ਨਕਦ ; ਦੂਜਾ ਇਨਾਮ: 75,000/- ਰੁਪਏ ਨਕਦ ; ਬੈਸਟ ਖਿਡਾਰੀ: ਆਲ ਓਪਨ ਦੇ ਬੈਸਟ ਜਾਫੀ ਅਤੇ ਬੈਸਟ ਰੇਡਰ ਨੂੰ 21,000-21,000 ਰੁਪਏ ਦੇ ਨਕਦ ਇਨਾਮਾਂ ਨਾਲ ਨਵਾਜਿਆ ਜਾਵੇਗਾ। ਦੋ ਦਿਨਾਂ ਦੇ ਮੁਕਾਬਲਿਆਂ ਦਾ ਪੂਰਾ ਵੇਰਵਾ ਪਹਿਲਾ ਦਿਨ: 3 ਅਕਤੂਬਰ 2026 (ਦਿਨ ਸ਼ਨਿੱਚਰਵਾਰ) 45 ਕਿੱਲੋ ਭਾਰ ਵਰਗ: ਪਹਿਲਾ ਇਨਾਮ 4,100/- ਰੁਪਏ ਅਤੇ ਦੂਜਾ ਇਨਾਮ 3,100/- ਰੁਪਏ। 55 ਕਿੱਲੋ ਭਾਰ ਵਰਗ: ਪਹਿਲਾ ਇਨਾਮ 5,100/- ਰੁਪਏ ਅਤੇ ਦੂਜਾ ਇਨਾਮ 5,100/- ਰੁਪਏ। ਸੱਭਿਆਚਾਰਕ ਤੇ ਰਵਾਇਤੀ ਮੁਕਾਬਲੇ: ਇਸੇ ਦਿਨ ਨੌਜਵਾਨਾਂ ਦੀ ਸ਼ਾਨ ਦਾ ਪ੍ਰਤੀਕ ਦਸਤਾਰ ਮੁਕਾਬਲਾ ਅਤੇ ਡਰਾਈਵਰੀ ਦੇ ਹੁਨਰ ਨੂੰ ਪਰਖਦਾ ਟਰਾਲੀ ਬੈਕ ਮੁਕਾਬਲਾ ਕਰਵਾਇਆ ਜਾਵੇਗਾ। ਸ਼੍ਰੋਮਣੀ ਗਾਇਕ ਲਾਲ ਚੰਦ ਯਮਲਾ ਦੇ ਸ਼ਾਗਿਰਦ ਅਤੇ ਪੰਜਾਬ ਦੇ ਮਸ਼ਹੂਰ ਲੋਕ ਗਾਇਕ ਲਾਭ ਹੀਰੇ ਆਪਣੀ ਬੁਲੰਦ ਆਵਾਜ਼ ਨਾਲ 'ਲਾਭ ਹੀਰੇ ਦਾ ਖੁੱਲ੍ਹਾ ਅਖਾੜਾ' ਲਗਾ ਕੇ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕਰਨਗੇ। ਪ੍ਰਬੰਧਕਾਂ ਵੱਲੋਂ ਖੁੱਲ੍ਹਾ ਸੱਦਾ ਦਿੱਤਾ ਗਿਆ ਹੈ, ਮੀਡੀਆ ਨਾਲ ਗੱਲਬਾਤ ਕਰਦਿਆਂ ਸੋਸਾਇਟੀ ਦੇ ਪ੍ਰਧਾਨ ਪਰਮਜੀਤ ਸਿੰਘ ਬੂਹੀ ਸਮੂਹ ਪ੍ਰਬੰਧਕੀ ਕਮੇਟੀ ਵੱਲੋਂ ਇਲਾਕਾ ਨਿਵਾਸੀਆਂ, ਖੇਡ ਪ੍ਰੇਮੀਆਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ 3 ਅਤੇ 4 ਅਕਤੂਬਰ ਨੂੰ ਪਰਿਵਾਰਾਂ ਸਮੇਤ ਕਾਲਜ ਗਰਾਊਂਡ ਨਾਭਾ ਵਿਖੇ ਪਹੁੰਚ ਕੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਨ ਅਤੇ ਇਸ ਖੇਡ ਮੇਲੇ ਦਾ ਆਨੰਦ ਮਾਣਨ।

ਇੱਕ ਨਜ਼ਰ...

ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਐਲਈਡੀ ਵੈਨ ਨੇ ਪਿੰਡਾਂ ਵਿੱਚ ਪਹੁੰਚਾਇਆ ਸ੍ਰੀ ਗੁਰੂ ਰਵਿਦਾਸ ਜੀ ਦਾ ਸੰਦੇਸ਼

ਭਗਤਾ ਭਾਈ, 19 ਸਤੰਬਰ (ਸਿਕੰਦਰ ਸਿੰਘ ਕੋਇਰ ਸਿੰਘ ਵਾਲਾ) : ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਐਲ.ਈ.ਡੀ. ਵੈਨ ਵੱਲੋਂ ਬੀਤੀ ਸ਼ਾਮ ਜ਼ਿਲ੍ਹਾ ਬਠਿੰਡਾ ਦੇ ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਦੇ ਪਿੰਡ ਬੁਰਜ ਲੱਧਾ ਸਿੰਘ ਵਾਲਾ, ਮਲੂਕਾ ਖੁਰਦ ਅਤੇ ਸੁਰਜੀਤ ਨਗਰ ਵਿਖੇ ਪਹੁੰਚ ਕੇ ਪਿੰਡ ਵਾਸੀਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਉਪਦੇਸ਼ਾਂ ਬਾਰੇ ਜਾਣੂੰ ਕਰਵਾਇਆ ਗਿਆ। ਡਾਕੂਮੈਂਟਰੀ ਵੈਨਾਂ ਰਾਹੀਂ ਕਰੀਬ 30 ਮਿੰਟ ਦੀ ਸ੍ਰੀ ਗੁਰੂ ਰਵਿਦਾਸ ਜੀ ਦੇ ਉਨ੍ਹਾਂ ਵੱਲੋਂ ਦਿੱਤੇ ਮਨੁੱਖਤਾ, ਸਮਾਨਤਾ, ਜੀਵਨ, ਫਲਸਫੇ ਤੇ , ਸਮਾਜਿਕ ਨਿਆਂ, ਸੇਵਾ, ਭਾਈਚਾਰੇ ਤੇ ਸਦਭਾਵਨਾ ਦੇ ਸਰਬਵਿਆਪੀ ਸੰਦੇਸ਼ ਨੂੰ ਦਰਸਾਉਂਦੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਪਿੰਡ ਵਾਸੀਆਂ ਨੂੰ ਗੁਰੂ ਸਾਹਿਬ ਦੇ ਮਹਾਨ ਜੀਵਨ ਦਰਸ਼ਨ, ਸਮਾਜ ਸੁਧਾਰਕ ਵਿਚਾਰਾਂ ਤੇ ਸਮਾਜ ਵਿੱਚ ਇੱਕ ਬਰਾਬਰੀ ਤੇ ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਦੇ ਯੋਗਦਾਨ ਬਾਰੇ ਜਾਣੂੰ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਅੱਜ ਵੀ ਸਮਾਜ ਨੂੰ ਸੱਚ, ਸਮਾਨਤਾ ਤੋਂ ਆਪਸੀ ਸਤਿਕਾਰ ਦਾ ਰਾਹ ਦਿਖਾਉਂਦੀ ਹੈ, ਜਿਸ ਨਾਲ ਸਮਾਜ ਵਿੱਚ ਭਾਈਚਾਰਾ ਤੇ ਸਦਭਾਵਨਾ ਹੋਰ ਮਜ਼ਬੂਤ ਹੋਵੇਗੀ।

ਅਗਰਵਾਲ ਸਭਾ ਵੱਲੋਂ ਖਾਟੂ ਸ਼ਾਮ ਤੋਂ ਆਈ ਪਵਿੱਤਰ ਜੋਤੀ ਦਾ ਸ਼ਾਨਦਾਰ ਸਵਾਗਤ ਕੀਤਾ

ਸੁਨਾਮ ਊਧਮ ਸਿੰਘ ਵਾਲਾ, 19 ਸਤੰਬਰ (ਰਾਜਿੰਦਰ ਕੁਮਾਰ ਸ਼ਾਹ) : ਸਥਾਨਕ ਸ੍ਰੀ ਬਾਲਾ ਜੀ ਖਾਟੂ ਸ਼ਾਮ ਸਮਿਤੀ ਵੱਲੋਂ 27 ਸਤੰਬਰ ਦੇ ਵਿਸਾਲ ਜਗਰਾਤੇ ਨੂੰ ਮੁੱਖ ਰਖਦਿਆਂ ਸਮਿਤੀ ਨੇ ਸ੍ਰੀ ਖਾਟੂ ਸ਼ਾਮ ਦੇ ਪਵਿੱਤਰ ਸਥਾਨ ਤੋਂ ਬਾਲਾ ਜੀ ਦੀ ਪਵਿੱਤਰ ਜੋਤ ਸੁਨਾਮ ਲਿਆਂਦੀ ਗਈ, ਇਸ ਜੋਤੀ ਦੇ ਸਥਾਨਕ ਮਹਾਰਾਜਾ ਅਗਰਸੇਨ ਚੌਕ ਵਿੱਖੇ ਪਹੁੰਚਣ ਤੇ ਅਗਰਵਾਲ ਸਭਾ (ਰਜਿ) ਸੁਨਾਮ ਵੱਲੋਂ ਜੋਤੀ ਦੇ ਦਰਸ਼ਨ ਕਰਕੇ ਬਹੁਤ ਹੀ ਸਾਨਦਾਰ ਸਵਾਗਤ ਕੀਤਾ ਗਿਆ ਫੁੱਲਾਂ ਦੀ ਵਰਖਾ ਕੀਤੀ ਗਈ ਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਲੱਡੂ ਵੰਡੇ ਗਏ। ਉਘੇ ਉਦਯੋਗਪਤੀ ਸ੍ਰੀ ਅਰੁਣ ਸਿੰਗਲਾ ਤੇ ਅਮਨ ਸਿੰਗਲਾ ਨੇ ਚੰਡੀਗੜ੍ਹ ਤੋਂ ਸਪੈਸ਼ਲ ਆ ਕੇ ਜੋਤੀ ਦੇ ਦਰਸ਼ਨ ਕੀਤੇ ਤੇ ਹਾਜਰੀ ਲਵਾਈ। ਇਸ ਮੌਕੇ ਤੇ ਅਗਰਵਾਲ ਸਭਾ ਦੇ ਪ੍ਰਧਾਨ ਵਿਕਰਮ ਗਰਗ ਵਿੱਕੀ, ਨਗਰ ਕੌਂਸਲ ਦੇ ਪ੍ਰਧਾਨ ਮਨਪ੍ਰੀਤ ਬਾਂਸਲ,, ਹਰੀਦੇਵ ਗੋਇਲ,ਰਾਮ ਲਾਲ ਰਾਮਾ ਆਲਮਪੁਰੀਆ, ਹਕੂਮਤ ਰਾਏ ਜਿੰਦਲ, ਕ੍ਰਿਸ਼ਨ ਸੰਦੋਹਾ, ਸਿ ?ਵ ਜਿੰਦਲ, ਮਾਸਟਰ ਰਾਜੀਵ ਬਿੰਦਲ, ਪ੍ਰਦੀਪ ਮੈਨਨ, ਸਾਹਿਲ ਬਬਲੂ, ਰਿੰਕੂ ਪਾਤੜਾਂ, ਸੰਦੀਪ ਦਿੜਬ੍ਹਾ, ਮੁਕੇਸ਼ ਜੁਨੇਜਾ ਚੇਅਰਮੈਨ ਮਾਰਕਿਟ ਕਮੇਟੀ, ਯਾਦਵਿੰਦਰ ਨਿਰਮਾਣ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ, ਮਾਹੀ ਮਹੰਤ ਐਮ ਸੀ,ਸਾਹਿਬ ਸਿੰਘ, ਸੰਦੀਪ ਜਿੰਦਲ, ਕੇਵਲ ਕ੍ਰਿਸ਼ਨ ਮੈਨੇਜਰ, ਰਾਕੇਸ਼ ਗਰਗ, ਲਾਜਪੱਤ ਰਾਏ ਗਰਗ, ਧੀਰਜ ਗੋਇਲ, ਡਾ, ਸੱਤ ਪਾਲ ਗਰਗ, ਮਨੋਹਰ ਅਰੋੜਾ,ਰਮੇਸ਼ ਗਰਗ ਪੱਤਰਕਾਰ,ਰਣਬੀਰ ਰਾਜੂ, ਹਰਭਗਵਾਨ ਸ਼ਰਮਾ, ਸਾਮ ਲਾਲ ਵਕੀਲ,ਯਸ਼ਪਾਲ ਸਿੰਗਲਾ ਸਮੇਤ ਭਾਰੀ ਗਿਣਤੀ ਵਿੱਚ ਅਗਰਵਾਲ ਭਰਾ ਅਤੇ ਸ਼ਹਿਰ ਨਿਵਾਸੀ ਹਾਜਰ ਸਨ।

ਗੋਇਲ ਹਾਰਡਵੇਅਰ ਐਂਡ ਪਲਾਈਵੁੱਡ ਹਾਊਸ ਵਿਖੇ ਫੇਨੇਸਟਾ ਬਰਾਂਡ ਦੇ ਪਹਿਲੇ ਸ਼ੋਰੂਮ ਦਾ ਉਦਘਾਟਨ 21 ਸਤੰਬਰ ਨੂੰ

ਸੰਗਰੂਰ, 19 ਸਤੰਬਰ (ਜਸਪਾਲ ਸਰਾਓ) : ਸਥਾਨਕ ਨਵੀਂ ਅਨਾਜ ਮੰਡੀ ਵਿਖੇ ਸਥਿਤ ਗੋਇਲ ਹਾਰਡਵੇਅਰ ਐਂਡ ਪਲਾਈਵੁੱਡ ਹਾਊਸ ਸੰਗਰੂਰ ਵਿਖੇ ਗ੍ਰਾਹਕ ਅਤੇ ਸਮੇਂ ਦੀ ਮੰਗ ਅਨੁਸਾਰ ਭਾਰਤ ਦੀ ਨੰਬਰ ਇੱਕ ਦਰਵਾਜੇ ਅਤੇ ਖਿੜਕੀਆਂ ਬਣਵਾਉਣ ਵਾਲੀ ਕੰਪਨੀ ਫੇਨੇਸਟਾ ਬਰਾਂਚ ਦੀ ਨਵੀਂ ਬਰਾਂਚ ਦਾ ਉਦਘਾਟਨ 21, ਸਤੰਬਰ ਦਿਨ ਸੋਮਵਾਰ ਨੂੰ ਸਵੇਰੇ 11 .00 ਵਜੇ ਕੀਤਾ ਜਾ ਰਿਹਾ ਹੈ। ਵਰਨਣਯੋਗ ਹੈ ਕਿ ਫੇਨੇਸਟਾ ਕੰਪਨੀ ਦਾ ਇਹ ਸੰਗਰੂਰ ਦਾ ਪਹਿਲਾ ਸ਼ੋਰੂਮ ਹੈ ਜਿੱਥੋਂ ਗ੍ਰਾਹਕ ਆਪਣੀ ਜਰੂਰਤ ਅਨੁਸਾਰ ਰੈਡੀਮੇਡ ਦਰਵਾਜੇ ਤੇ ਖਿੜਕੀਆਂ ਪ੍ਰਾਪਤ ਕਰ ਸਕਣਗੇ। ਸ੍ਰੀ ਸਾਕੇਤ ਜੈਨ ਕੰਪਨੀ ਮਾਰਕੀਟਿੰਗ ਹੈਡ ਨੇ ਦੱਸਿਆ ਕਿ ਫੇਨੇਸਟਾ ਬਰਾਂਡ ਵੱਲੋਂ ਗ੍ਰਾਹਕਾ ਅਤੇ ਸਮੇਂ ਦੀ ਮੰਗ ਅਨੁਸਾਰ ਵਧੀਆ ਅਤੇ ਟਿਕਾਊ ਉਤਪਾਦ ਬਾਜ਼ਾਰ ਵਿੱਚ ਉਤਾਰੇ ਗਏ ਹਨ, ਅਤੇ ਭਵਿੱਖ ਵਿੱਚ ਵੀ ਕੰਪਨੀ ਵੱਲੋਂ ਲੋਕਾਂ ਦੀ ਜਰੂਰਤ ਅਨੁਸਾਰ ਕਈ ਪ੍ਰੋਡਕਟ ਪੇਸ਼ ਕੀਤੇ ਜਾਣਗੇ। ਸ੍ਰੀ ਵਨੀਤ ਗੋਇਲ ਅਤੇ ਸੁਮਿਤ ਗੋਇਲ ਨੇ ਸਾਂਝੇ ਤੌਰ ਤੇ ਦੱਸਿਆ ਕਿ ਗੋਇਲ ਹਾਰਡਵੇਅਰ ਐਂਡ ਪਲਾਈਵੁੱਡ ਹਾਊਸ, ਨਵੀਂ ਅਨਾਜ ਮੰਡੀ ਸੰਗਰੂਰ ਵਿਖੇ ਕੰਪਨੀ ਦੇ ਸਾਰੇ ਪ੍ਰੋਡਕਟ ਬਹੁਤ ਹੀ ਘੱਟ ਰੇਟਾਂ ਤੇ ਉਪਲਵੱਧ ਕਰਾਏ ਜਾ ਰਹੇ ਹਨ।

ਖਾਲਸਾ ਕਾਲਜ ਦੀ ਵਾਲੀਬਾਲ ਟੀਮ ਨੇ ਅੰਤਰ-ਕਾਲਜ ਚੈਂਪੀਅਨਸ਼ਿਪ ਵਿੱਚ ਪ੍ਰਾਪਤ ਕੀਤਾ ਦੂਜਾ ਸਥਾਨ

ਸ੍ਰੀ ਅਨੰਦਪੁਰ ਸਾਹਿਬ, 19 ਸਤੰਬਰ (ਦਮਨ ਅਰੋੜਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੇ ਨਾਮਵਰ ਵਿਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੀ ਲੜਕਿਆਂ ਦੀ ਵਾਲੀਬਾਲ ਟੀਮ ਨੇ ਪੰਜਾਬੀ ਯੂਨੀਵਰਸਿਟ

6-7 ਮਹੀਨਿਆਂ ਤੋਂ ਤਨਖਾਹ ਨਾ ਮਿਲਣ ਕਾਰਨ ਨਗਰ ਨਿਗਮ ਦੇ ਕਰਮਚਾਰੀ ਦੀ ਮੌਤ ਗੰਭੀਰ ਮਸਲਾ

ਲੁਧਿਆਣਾ, 18 ਸਤੰਬਰ (ਸੂਰਜ) ਜਗਰਾਉਂ ਪੁਲ ਹੇਠੋਂ 38 ਸਾਲਾ ਸੀਵਰਮੈਨ ਰਮਨਦੀਪ ਸਿੰਘ ਦੀ ਲਾਸ਼ ਮਿਲਣਾ ਬਹੁਤ ਦੁਖਦਾਈ ਅਤੇ ਚਿੰਤਾਜਨਕ ਹੈ। ਮੀਡੀਆ ਰਿਪੋਰਟਾਂ ਅਤੇ ਪਰਿਵਾਰਕ ਮੈਂਬਰਾਂ ਅਨੁਸਾਰ, ਰਮਨਦੀਪ ਸਿੰਘ ਪਿਛਲੇ 6-7 ਮਹੀਨਿਆਂ ਤੋਂ ਤਨਖਾਹ ਨਾ ਮਿਲਣ ਕਾਰਨ ਭਾਰੀ ਵਿੱਤੀ ਮੁਸ਼ਕਲਾਂ ਦਾ ਸਾਹਮਣਾ ਕਰ ਰਿਹਾ ਸੀ। ਇਸ ਸਬੰਧੀ ਪੰਜਾਬ ਸਰਕਾਰ ਤੇ ਟਿੱਪਣੀ ਕਰਦੇ ਹੋਏ ਜ਼ਿਲ੍ਹਾ ਕਾਂਗਰਸ ਕਮੇਟੀ ਐਸਸੀ ਵਿਭਾਗ, ਲੁਧਿਆਣਾ ਦੇ ਚੇਅਰਮੈਨ ਐਡ. ਰਾਹੁਲ ਪੂਹਾਲ ਨੇ ਕਿਹਾ ਕਿ ਇੱਕ ਕਰਮਚਾਰੀ ਨੂੰ ਲਗਾਤਾਰ ਕਈ ਮਹੀਨਿਆਂ ਤੋਂ ਤਨਖਾਹ ਨਾ ਮਿਲਣਾ ਇੱਕ ਬਹੁਤ ਹੀ ਗੰਭੀਰ ਮੁੱਦਾ ਹੈ। ਇਸ ਨਾਲ ਕਰਮਚਾਰੀ ਅਤੇ ਉਸਦੇ ਪਰਿਵਾਰ @ਤੇ ਭਾਰੀ ਵਿੱਤੀ ਦਬਾਅ ਪੈ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਕਰਵਾਈ ਜਾਣੀ ਚਾਹੀਦੀ ਹੈ ਤਾਂ ਜੋ ਦੇਰੀ ਦੇ ਅਸਲ ਕਾਰਨਾਂ ਅਤੇ ਇਸ ਲਈ ਜ਼ਿੰਮੇਵਾਰ ਕੌਣ ਹੈ, ਨੂੰ ਸਪੱਸ਼ਟ ਕੀਤਾ ਜਾ ਸਕੇ।ਉਨ੍ਹਾਂ ਪ੍ਰਸ਼ਾਸਨ ਅਤੇ ਨਗਰ ਨਿਗਮ ਤੋਂ ਮੰਗ ਕੀਤੀ ਕਿ ਸਾਰੇ ਨਗਰ ਨਿਗਮ ਅਤੇ ਆਊਟਸੋਰਸ ਕਰਮਚਾਰੀਆਂ ਦੀਆਂ ਬਕਾਇਆ ਤਨਖਾਹਾਂ ਤੁਰੰਤ ਜਾਰੀ ਕੀਤੀਆਂ ਜਾਣ। ਐਡ. ਰਾਹੁਲ ਪੂਹਾਲ ਨੇ ਇਹ ਵੀ ਮੰਗ ਕੀਤੀ ਕਿ ਰਮਨਦੀਪ ਸਿੰਘ ਦੀ ਮੌਤ ਦੀ ਨਿਰਪੱਖ ਜਾਂਚ ਕਰਵਾਈ ਜਾਵੇ। ਜੇਕਰ ਜਾਂਚ ਵਿੱਚ ਕਿਸੇ ਅਧਿਕਾਰੀ ਜਾਂ ਠੇਕੇਦਾਰ ਦੀ ਜ਼ਿੰਮੇਵਾਰੀ ਸਾਹਮਣੇ ਆਉਂਦੀ ਹੈ, ਤਾਂ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ। ਉਹਨਾਂ ਕਿਹਾ ਕਿ ਮ੍ਰਿਤਕ ਦੇ ਪਰਿਵਾਰ ਨੂੰ ਲੋੜੀਂਦੀ ਵਿੱਤੀ ਸਹਾਇਤਾ ਅਤੇ ਸਮਾਜਿਕ ਸੁਰੱਖਿਆ ਪ੍ਰਦਾਨ ਕੀਤੀ ਜਾਣੀ ਚਾਹੀਦੀ ਹੈ। ਇੱਕ ਜਵਾਬਦੇਹ ਅਤੇ ਪਾਰਦਰਸ਼ੀ ਪ੍ਰਣਾਲੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ ਤਾਂ ਜੋ ਦੇਰੀ ਦੇ ਅਸਲ ਕਾਰਨਾਂ ਅਤੇ ਇਸ ਲਈ ਜ਼ਿੰਮੇਵਾਰ ਕੌਣ ਹੈ, ਨੂੰ ਸਪੱਸ਼ਟ ਕੀਤਾ ਜਾ ਸਕੇ।ਉਨ੍ਹਾਂ ਪ੍ਰਸ਼ਾਸਨ ਅਤੇ ਨਗਰ ਨਿਗਮ ਤੋਂ ਮੰਗ ਕੀਤੀ ਕਿ ਸਾਰੇ ਨਗਰ ਨਿਗਮ ਅਤੇ ਆਊਟਸੋਰਸ ਕਰਮਚਾਰੀਆਂ ਦੀਆਂ ਬਕਾਇਆ ਤਨਖਾਹਾਂ ਤੁਰੰਤ ਜਾਰੀ ਕੀਤੀਆਂ ਜਾਣ। ਐਡ. ਰਾਹੁਲ ਪੂਹਾਲ ਨੇ ਇਹ ਵੀ ਮੰਗ ਕੀਤੀ ਕਿ ਰਮਨਦੀਪ ਸਿੰਘ ਦੀ ਮੌਤ ਦੀ ਨਿਰਪੱਖ ਜਾਂਚ ਕਰਵਾਈ ਜਾਵੇ। ਜੇਕਰ ਜਾਂਚ ਵਿੱਚ ਕਿਸੇ ਅਧਿਕਾਰੀ ਜਾਂ ਠੇਕੇਦਾਰ ਦੀ ਜ਼ਿੰਮੇਵਾਰੀ ਸਾਹਮਣੇ ਆਉਂਦੀ ਹੈ, ਤਾਂ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ। ਉਹਨਾਂ ਕਿਹਾ ਕਿ ਮ੍ਰਿਤਕ ਦੇ ਪਰਿਵਾਰ ਨੂੰ ਲੋੜੀਂਦੀ ਵਿੱਤੀ ਸਹਾਇਤਾ ਅਤੇ ਸਮਾਜਿਕ ਸੁਰੱਖਿਆ ਪ੍ਰਦਾਨ ਕੀਤੀ ਜਾਣੀ ਚਾਹੀਦੀ ਹੈ। ਇੱਕ ਜਵਾਬਦੇਹ ਅਤੇ ਪਾਰਦਰਸ਼ੀ ਪ੍ਰਣਾਲੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਭਵਿੱਖ ਵਿੱਚ ਕਿਸੇ ਵੀ ਕਰਮਚਾਰੀ ਨੂੰ ਆਪਣੀ ਤਨਖਾਹ ਪ੍ਰਾਪਤ ਕਰਨ ਲਈ ਕਈ ਮਹੀਨਿਆਂ ਤੱਕ ਸੰਘਰਸ਼ ਨਾ ਕਰਨਾ ਪਵੇ। ਐਡ. ਰਾਹੁਲ ਪੂਹਾਲ ਨੇ ਕਿਹਾ ਕਿ ਸਫਾਈ ਅਤੇ ਸੀਵਰੇਜ ਕਰਮਚਾਰੀ ਸ਼ਹਿਰ ਦੀਆਂ ਬੁਨਿਆਦੀ ਸੇਵਾਵਾਂ ਦੀ ਰੀੜ੍ਹ ਦੀ ਹੱਡੀ ਹਨ। ਉਹ ਸ਼ਹਿਰ ਦੇ ਵਸਨੀਕਾਂ ਨੂੰ ਜ਼ਰੂਰੀ ਸੇਵਾਵਾਂ ਪ੍ਰਦਾਨ ਕਰਨ ਲਈ ਦਿਨ ਰਾਤ ਕੰਮ ਕਰਦੇ ਹਨ। ਉਨ੍ਹਾਂ ਦੀ ਤਨਖਾਹ, ਅਧਿਕਾਰਾਂ ਅਤੇ ਸਨਮਾਨ ਦੀ ਰੱਖਿਆ ਕਰਨਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ÷ਕਰਮਚਾਰੀਆਂ ਨੂੰ ਕੰਮ ਪ੍ਰਦਾਨ ਕਰਨ ਦੇ ਨਾਲ-ਨਾਲ, ਨਗਰ ਨਿਗਮ ਅਤੇ ਸਰਕਾਰ ਦੀ ਵੀ ਜ਼ਿੰਮੇਵਾਰੀ ਹੈ ਕਿ ਉਹ ਉਨ੍ਹਾਂ ਦੇ ਪਰਿਵਾਰਾਂ ਦੀ ਵਿੱਤੀ ਸੁਰੱਖਿਆ ਨੂੰ ਯਕੀਨੀ ਬਣਾਉਣ। ਰਮਨਦੀਪ ਸਿੰਘ ਦੀ ਮੌਤ ਦੇ ਹਾਲਾਤਾਂ ਦੀ ਨਿਰਪੱਖ ਜਾਂਚ ਕੀਤੀ ਜਾਵੇ ਅਤੇ ਕਰਮਚਾਰੀਆਂ ਦੀਆਂ ਬਕਾਇਆ ਤਨਖਾਹਾਂ ਦਾ ਤੁਰੰਤ ਭੁਗਤਾਨ ਕੀਤਾ ਜਾਵੇ।÷



ਭਾਈ ਘਨੱਈਆ ਜੀ ਦੀ ਬਰਸੀ ਗੁਰੂਦਵਾਰਾ ਟਿਕਾਣਾ ਭਾਈ ਗੁਲਾਬ ਸਿੰਘ ਸੇਵਾ ਪੰਥੀ ਸ੍ਰੀ ਮਾਛੀਵਾੜਾ ਸਾਹਿਬ ਵਿੱਖੇ ਅੱਜ ਮਨਾਈ ਜਾਵੇਗੀ -ਭਾਈ ਵਰਿੰਦਰ ਸਿੰਘ ਵਾਸੂ !



ਸ੍ਰੀ ਮਾਛੀਵਾੜਾ ਸਾਹਿਬ – ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ –ਸ੍ਰੀ ਮਾਛੀਵਾੜਾ ਸਾਹਿਬ ਵਿਖੇ ਦਸਵੇਂ ਪਾਤਸ਼ਾਹ ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਅਨਿਨ ਸੇਵਕ ਅਤੇ ਸੇਵਾ ਦੇ ਪੁੰਜ ਭਾਈ ਘਨੱਈਆ ਸਾਹਿਬ ਜੀ ਦੀ ਬਰਸੀ ਹਰ ਸਾਲ ਦੀ ਤਰ੍ਹਾਂ ਗੁਰਦਵਾਰਾ ਟਿਕਾਣਾ ਮਹੰਤ ਭਾਈ ਗੁਲਾਬ ਸਿੰਘ ਜੀ ਸੇਵਾਪੰਥੀ ਸ੍ਰੀ ਮਾਛੀਵਾੜਾ ਸਾਹਿਬ ਵਿਖੇ ਬਹੁਤ ਹੀ ਸ਼ਰਧਾ ਨਾਲ ਅੱਜ ਸਵੇਰੇ 10 ਵਜੇ ਤੋਂ 12 ਵਜੇ ਤੱਕ ਮਨਾਈ ਜਾਵੇਗੀ। ਜਿਸ ਵਿਚ ਗੁਰੂ ਘਰ ਦੇ ਰਾਗੀ ਢਾਡੀ ਕੀਰਤਨੀ ਜਥਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਜਾਵੇਗਾ। ਜਾਣਕਾਰੀ ਦਿੰਦਿਆਂ ਗੁਰਦਵਾਰਾ ਸਾਹਿਬ ਦੇ ਮੁੱਖ ਸੇਵਾਦਾਰ ਵਰਿੰਦਰ ਸਿੰਘ ਵਾਸੂ ਜੀ ਨੇ ਦਸਿਆ ਕਿ ਹਰ ਸਾਲ ਇਸ ਅਸਥਾਨ ਤੇ ਭਾਈ ਘਨੱਈਆ ਜੀ ਦੀ ਬਰਸੀ ਮਨਾਈ ਜਾਂਦੀ ਹੈ ਅਤੇ ਇਸ ਸਾਲ ਵੀ ਬੜੀ ਸ਼ਰਧਾ ਨਾਲ ਮਨਾਈ ਜਾ ਰਹੀ ਹੈ, ਉਨਾਂ ਸੰਗਤਾਂ ਨੂੰ ਗੁਰੂ ਘਰ ਹਾਜਰੀ ਭਰ ਕੇ ਆਪਣਾ ਜੀਵਨ ਸਫਲ ਕਰਨ ਲਈ ਕਿਹਾ।

ਇਸਲਾਮੀਆ ਹਾਈ ਸਕੂਲ ਰੋਹੀੜਾ ਵਿਖੇ ਮੁਫ਼ਤ ਆਯੁਰਵੇਦਿਕ ਤੇ ਹੋਮਿਓਪੈਥਿਕ ਕੈਂਪ, 434 ਮਰੀਜ਼ਾਂ ਨੇ ਲਿਆ ਲਾਭ

ਰੋਹੀੜਾ, 19 ਸਤੰਬਰ (ਮੁਨਸ਼ੀ ਫ਼ਾਰੂਕ) : ਪੰਜਾਬ ਸਰਕਾਰ ਦੇ ਆਯੁਸ਼ ਵਿਭਾਗ ਦੇ ਡਾਇਰੈਕਟਰ ਆਫ਼ ਆਯੁਰਵੇਦਾ ਰਮਣ ਖੰਨਾ ਅਤੇ ਜ਼ਿਲ੍ਹਾ ਆਯੁਰਵੇਦਿਕ ਤੇ ਯੂਨਾਨੀ ਅਫ਼ਸਰ, ਸੰਗਰੂਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੁਪਰੀਟੈਂਡੈਂਟ ਰਾਜਿੰਦਰ ਸਿੰਘ ਦੀ ਨਿਗਰਾਨੀ ਹੇਠ ਇਸਲਾਮੀਆ ਹਾਈ ਸਕੂਲ ਰੋਹੀੜਾ ਵਿਖੇ ਮੁਫ਼ਤ ਆਯੁਰਵੇਦਿਕ ਤੇ ਹੋਮਿਓਪੈਥਿਕ ਮੈਡੀਕਲ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਕੁਲਵੰਤ ਸਿੰਘ ਗੱਜਰ ਮਾਜਰਾ, ਭਰਾ ਐਮ.ਐਲ.ਏ. ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਰ ਮਾਜਰਾ ਵੱਲੋਂ ਕੀਤਾ ਗਿਆ। ਕੈਂਪ ਦੇ ਇੰਚਾਰਜ ਡਾ. ਮੁਹੰਮਦ ਅਕਵਲ ਨੇ ਦੱਸਿਆ ਕਿ ਕੈਂਪ ਦੌਰਾਨ ਕੁੱਲ 434 ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ। ਕੈਂਪ ਵਿੱਚ ਓਸਟੀਓਆਰਥਰਾਈਟਿਸ, ਲੀਵਰ, ਪੇਟ ਅਤੇ ਚਮੜੀ ਨਾਲ ਸਬੰਧਤ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਦੀ ਗਿਣਤੀ ਵੱਧ ਰਹੀ। ਇਸ ਮੌਕੇ ਡਾ. ਰੂਬੀਨਾ ਖਾਨ, ਡਾ. ਸ਼ਾਹਿਦ ਖਾਨ, ਡਾ. ਜਸਦੀਪ ਸਿੰਘ ਅਤੇ ਡਾ. ਅੰਮ੍ਰਿਤ ਪਾਲ ਨੇ ਮਰੀਜ਼ਾਂ ਦਾ ਚੈੱਕਅਪ ਕੀਤਾ। ਫਾਰਮਾਸਿਸਟ ਰਮਨਜੀਤ ਕੌਰ, ਕੁਲਦੀਪ ਕੌਰ, ਰੂਬੀਨਾ, ਸੁਖਦੀਪ ਸਿੰਘ, ਹਰਜੋਤ ਸਿੰਘ, ਲੈਲ ਅਤੇ ਨੀਰੂ ਨੇ ਮਰੀਜ਼ਾਂ ਨੂੰ ਦਵਾਈਆਂ ਵੰਡਣ ਦੀ ਸੇਵਾ ਨਿਭਾਈ। ਇਸਲਾਮੀਆ ਹਾਈ ਸਕੂਲ ਰੋਹੀੜਾ ਦੇ ਪ੍ਰਿੰਸੀਪਲ ਮੁਹੰਮਦ ਜਾਵੇਦ ਨਜ਼ੀਰ ਨੇ ਕਿਹਾ ਕਿ ਅਜਿਹੇ ਸਿਹਤ ਕੈਂਪ ਭਵਿੱਖ ਵਿੱਚ ਵੀ ਲਗਦੇ ਰਹਿਣੇ ਚਾਹੀਦੇ ਹਨ, ਤਾਂ ਜੋ ਸਮਾਜ ਦੇ ਉਨ੍ਹਾਂ ਲੋਕਾਂ ਤੱਕ ਵੀ ਸਿਹਤ ਸਹੂਲਤਾਂ ਪਹੁੰਚ ਸਕਣ ਜੋ ਕਿਸੇ ਕਾਰਨ ਕਰਕੇ ਯੋਗ ਡਾਕਟਰਾਂ ਤੱਕ ਨਹੀਂ ਪਹੁੰਚ ਸਕਦੇ। ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਸਰਪੰਚ ਸ਼ਬਨਮ, ਪੰਚ ਅਬਦੁਲ ਸਤਾਰ, ਐਡਵੋਕੇਟ ਰਿਆਜ਼ ਖਾਨ, ਮੁਸਲਿਮ ਬਲੱਡ ਬੈਂਕ ਦੇ ਮੈਂਬਰਾਂ, ਸਿਹਤ ਵਿਭਾਗ ਦੀ ਟੀਮ ਅਤੇ ਸਮੂਹ ਸਹਿਯੋਗੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

ਪੰਜਾਬ ਗ੍ਰਾਮੀਣ ਬੈਂਕ ਨੇ ਮਨਾਇਆ 22ਵਾਂ ਸਥਾਪਨਾ ਦਿਵਸ ਬੈਂਕ ਵੱਲੋਂ ਆਪਣੇ ਚੰਗੇ ਅਤੇ ਪੁਰਾਣੇ ਗਾਹਕਾਂ ਨੂੰ ਯਾਦਗਿਰੀ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ ਗਿਆ

ਧਰਮਕੋਟ 19 ਸਤੰਬਰ (ਜਗਰਾਜ ਸੰਘਾ /ਸੰਜੀਵ ਸੂਦ) ਪੰਜਾਬ ਗ੍ਰਾਮੀਣ ਬੈਂਕ ਵੱਲੋਂ ਆਪਣੇ 22 ਸਾਲਾਂ ਦੇ ਸ਼ਾਨਦਾਰ ਸਫ਼ਰ ਨੂੰ ਪੂਰਾ ਕਰਨ 'ਤੇ **"BB Years of Excellence - Progress for every village, Promise for Every Future"*** ਥੀਮ ਹੇਠ ਸਥਾਪਨਾ ਦਿਵਸ ਮਨਾਇਆ ਗਿਆ। ਧਰਮਕੋਟ ਗ੍ਰਾਮੀਣ ਬੈਂਕ ਮੈਨੇਜਰ ਮਨਧੀਰ ਸਿੰਘ ਧਰਮਕੋਟ, ਅਸਿਸਟੈਂਟ ਮੈਨੇਜਰ ਜਸਵੰਤ ਸਿੰਘ,ਦੀਪਕ ਸ਼੍ਰੀਵਾਸਤਵ ਅਸਿਸਟੈਂਟ,ਮਨੇਜਰ,ਪੰਕਜ ਕੁਮਾਰ ਆਸਿਸਟੈਂਟ ਮੈਨੇਜਰ, ਮੋਹਤ ਬਦਰਾ ਹੈਡ ਕੈਸ਼ੀਅਰ, ਨਿਸ਼ਾਨ ਸਿੰਘ ਗਨਮੈਨ ਤੋਂ ਇਲਾਵਾ ਬੈਂਕ ਸਟਾਫ ਅਤੇ ਬੈਂਕ ਦੇ ਅੰਦਰ ਆਏ ਹੋਏ ਗ੍ਰਾਹਕਾਂ ਦੀ ਹਾਜ਼ਰੀ ਵਿੱਚ ਧਰਮਕੋਟ ਪ੍ਰੈਸ ਕਲੱਬ ਦੇ ਪ੍ਰਧਾਨ ਅਮਰੀਕ ਸਿੰਘ ਛਾਬੜਾ ਜੋ ਕੇ ਧਰਮਕੋਟ ਗ੍ਰਾਮੀਣ ਬੈਂਕ ਦੀ ਬਰਾਂਚ ਦੇ ਨਾਲ ਲੰਮੇ ਸਮੇਂ ਤੋਂ ਜੁੜੇ ਆ ਰਹੇ ਹਨ ਅਤੇ ਬੈਂਕ ਦੇ ਹਰ ਔਖੇ ਸੌਖੇ ਵੇਲੇ ਨਾਲ ਖੜਦੇ ਹਨ ਨੂੰ ਬ੍ਰਾਂਚ ਵਿੱਚ ਬੁਲਾ ਕੇ ਉਹਨਾਂ ਨੂੰ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਬੈਂਕ ਵੱਲੋਂ ਆਪਣੇ ਸਾਰੇ ਗਾਹਕਾਂ, ਸਹਿਯੋਗੀਆਂ ਅਤੇ ਸ਼ੁਭਚਿੰਤਕਾਂ ਦਾ ਦਿਲੋਂ ਧੰਨਵਾਦ ਕਰਦਿਆਂ ਇਹ ਵਿਸ਼ਵਾਸ ਦਿਵਾਇਆ ਕਿ ਬੈਂਕ ਭਵਿੱਖ ਵਿੱਚ ਵੀ ਪਿੰਡ-ਪਿੰਡ ਤੱਕ ਤਰੱਕੀ ਪਹੁੰਚਾਉਣ ਲਈ ਵਚਨਬੱਧ ਰਹੇਗਾ। ਇਸ ਮੌਕੇ ਬੈਂਕ ਵੱਲੋਂ ਵਿਸ਼ੇਸ਼ ਸਨਮਾਨ ਚਿੰਨ੍ਹ ਵੀ ਭੇਂਟ ਕੀਤੇ ਗਏ। ਸਨਮਾਨ ਚਿੰਨ ਲੈਣ ਉਪਰੰਤ ਪ੍ਰੈਸ ਕਲੱਬ ਦੇ ਪ੍ਰਧਾਨ ਅਮਰੀਕ ਸਿੰਘ ਛਾਬੜਾ ਨੇ ਬੈਂਕ ਮੈਨੇਜਰ ਅਤੇ ਸਮੂਹ ਸਟਾਫ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਅਤੇ ਮੌਕੇ ਤੇ ਹਾਜ਼ਰ ਬੈਂਕ ਦੇ ਗਾਹਕਾਂ ਦੇ ਵੱਲੋਂ ਬੈਂਕ ਦੇ ਇਸ ਉਪਰਾਲੇ ਦੀ ਭਰਪੂਰ ਸਲਾਂਘਾ ਕੀਤੀ ਅਤੇ ਬੈਂਕ ਦੇ ਗਾਹਕਾਂ ਨੇ ਕਿਹਾ ਕਿ ਇਹੋ ਜਿਹੇ ਉਪਰਾਲਿਆਂ ਦੇ ਨਾਲ ਦੂਸਰੇ ਗਾਹਕਾਂ ਨੂੰ ਵੀ ਵੱਡੀ ਹੱਲਾਸ਼ੇਰੀ ਮਿਲਦੀ ਹੈ ਕਿ ਬੈਂਕ ਦੇ ਨਾਲ ਵਧੀਆ ਜੁੜਿਆ ਜਾਵੇ ਤਾਂ ਕਿ ਭਵਿੱਖ ਦੇ ਵਿੱਚ ਉਹਨਾਂ ਦਾ ਅਤੇ ਬੈਂਕ ਦਾ ਆਪਸੀ ਭਾਈਚਾਰਾ ਬਣਿਆ ਰਹੇ

ਭਾਈ ਘਨਈਆ ਜੀ ਦੀ ਯਾਦ ਵਿੱਚ ਸਲਾਨਾ ਗੁਰਮਤ ਸਮਾਗਮ ਅੱਜ



ਸ੍ਰੀ ਅਨੰਦਪੁਰ ਸਾਹਿਬ, 19 ਸਤੰਬਰ (ਦਮਨ ਅਰੋੜਾ) ਭਾਈ ਘਨਈਆ ਜੀ ਦੀ ਯਾਦ ਵਿੱਚ ਸਲਾਨਾ ਗੁਰਮਤ ਸਮਾਗਮ ਅੱਜ 20- ਤਰੀਕ ਦਿਨ ਐਤਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਭਾਈ ਘਨਈਆ ਜੀ ਦੇ ਅਸਥਾਨ ਦੇ ਮੁੱਖ ਪ੍ਰਬੰਧਕ ਸੇਵਾ ਪੰਥੀ ਬਾਬਾ ਦਿਲਬਾਗ ਸਿੰਘ ਨੇ ਦੱਸਿਆ ਕਿ ਭਾਈ ਘਨਈਆ ਜੀ ਦੀ ਬਰਸੀ ਸਮਾਗਮ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਡੇਰਾ ਗੁਰਦੁਆਰਾ ਭਾਈ ਘਨਈਆ ਸਾਹਮਣੇ ਰੇਲਵੇ ਸਟੇਸ਼ਨ, ਮੇਨ ਰੋਡ ਸ੍ਰੀ ਆਨੰਦਪੁਰ ਸਾਹਿਬ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਏ ਜਾ ਰਹੇ ਹਨ, ਅੱਜ 20 ਤਰੀਕ ਦਿਨ ਐਤਵਾਰ ਨੂੰ ਸਵੇਰੇ 9ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਉਪਰੰਤ ਧਾਰਮਿਕ ਗੁਰਮਤ ਸਮਾਗਮ ਹੋਵੇਗਾ ਜਿਸ ਵਿੱਚ ਸੰਤਾਂ ਮਹਾਂਪੁਰਸ਼ਾਂ ਤੋਂ ਇਲਾਵਾ ਪੰਥ ਪ੍ਰਸਿੱਧ ਰਾਗੀ ਢਾਡੀ ਕੀਰਤਨੀਏ ਜਥੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨਗੇ, ਜਿੰਨਾ ਵਿੱਚ ਭਾਈ ਅਰਸਦੀਪ ਸਿੰਘ ਲੁਧਿਆਣੇ ਵਾਲੇ,ਭਾਈ ਅਮਨਦੀਪ ਸਿੰਘ ਜਫ਼ਰਵਾਲ, ਭਾਈ ਜਗਤੇਸਵਰ ਸਿੰਘ ਆਪਣੇ ਕੀਰਤਨੀ ਜਥੇ ਰਾਹੀਂ ਹਾਜ਼ਰੀ ਲਵਾਉਣਗੇ,ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ। ਬਾਬਾ ਦਿਲਬਾਗ ਸਿੰਘ ਨੇ ਇਲਾਕੇ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

ਸ੍ਰੀ ਖਾਟੂ- ਸ਼ਿਆਮ ਜੀ ਦੀ ਅੰਮ੍ਰਿਤਮਈ ਚੌਕੀ ਕਰਵਾਈ

ਲੌਂਗੋਵਾਲ 19 ਸਤੰਬਰ (ਰਵੀ ਗਰਗ)--- ਇੱਥੋਂ ਦੇ ਉਪਨਗਰ ਜੈਦ ਪੱਤੀ ਨਿਵਾਸੀਆਂ ਵੱਲੋਂ ਨਗਰ ਦੀ ਸੁੱਖ ਸ਼ਾਂਤੀ ਲਈ ਬਾਬਾ ਸ੍ਰੀ ਖਾਟੂ -ਸ਼ਾਮ ਜੀ ਦੀ ਪਹਿਲੀ ਚੌਕੀ ਕਰਵਾਈ ਗਈ। ਇਸ ਭਜਨ ਸੰਧਿਆ ਮੌਕੇ ਨੀਰਜ ਸਿੰਗਲਾ ਸਮਾਣੇ ਵਾਲੇ ਵੱਲੋਂ ਬਹੁਤ ਹੀ ਰਸ ਭਿੰਨਾ ਭਜਨ ਗਾਇਨ ਕਰਕੇ ਸੰਗਤਾਂ ਨੂੰ ਮੰਤਰ ਮੁਕਤ ਕੀਤਾ ਗਿਆ। ਤਕਰੀਬਨ ਅੱਠ ਕੁ ਵਜੇ ਤੋਂਰਾਤ 12 ਵਜੇ ਤੱਕ ਚੱਲੇ ਇਸ ਸਮਾਗਮ ਮੌਕੇ ਪ੍ਰੋਗਰਾਮ ਦੇ ਮੁੱਖ ਕਰਤਾ -ਧਰਤਾ ਸ਼੍ਰੀ ਮਨੀਸ਼ ਕੁਮਾਰ ਜੀ ਮੋਨਾ ਅਤੇ ਸਮੂਹ ਜੈਦ ਪੱਤੀ ਨਿਵਾਸੀਆ ਵੱਲੋਂ ਜੋਤੀ ਪ੍ਰਚੰਡ ਕਰਕੇ ਪ੍ਰੋਗਰਾਮ ਦਾ ਆਗਾਜ਼ ਕੀਤਾ ਗਿਆ। ਇਸ ਮੌਕੇ ਪਰ ਨਗਰ ਕੌਂਸਲ ਦੇ ਪ੍ਰਧਾਨ ਵਜੋਂ ਸੀਨੀਅਰ ਆਗੂ ਆਮ ਆਦਮੀ ਪਾਰਟੀ ਸਰਦਾਰ ਬਲਵਿੰਦਰ ਸਿੰਘ ਜੀ ਢਿੱਲੋਂ, ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਗੁਰਤੇਗ ਸਿੰਘ, ਕਾਲੀ ਮਾਤਾ ਮੰਦਿਰ ਦੇ ਪੁਜਾਰੀ ਅਤੇ ਪ੍ਰਸਿੱਧ ਐਸਟਰੋਲੋਜਰ ਰਾਜੀਵ ਵਸਿ਼ਸ਼ਟ, ਸੀਨੀਅਰ ਪ੍ਰੈਸ ਕਲੱਬ ਦੇ ਪ

ਨਾਜਾਇਜ਼ ਕਬਜ਼ਿਆਂ ਦੀ ਮਾਰ ਹੇਠ ਸ਼ਹਿਰ ਰਾਮਪੁਰਾ ਸੜਕ 'ਤੇ ਕੰਧ ਕੱਢਣ ਦੀ ਕੋਸ਼ਿਸ਼ ਨਾਲ ਲੋਕਾਂ 'ਚ ਭਾਰੀ ਰੋਸ

ਏਡੀਸੀ ਬਠਿੰਡਾ ਨੇ ਲਿਆ ਤੁਰੰਤ ਨੋਟਿਸ ਐਸਡੀਐਮ ਫੂਲ ਨੂੰ ਜਾਂਚ ਦੇ ਹੁਕਮ

ਬਠਿੰਡਾ / ਰਾਮਪੁਰਾ ਫੂਲ 19 ਸਤੰਬਰ (**ਰਾਣਾ ਸ਼ਰਮਾ**)-ਸ਼ਹਿਰ ਦੀ ਪੁਰਾਣੀ ਸਬਜ਼ੀ ਮੰਡੀ ਤੋਂ ਗਿੱਲ ਕਲਾਂ ਵਾਲੇ ਫਾਟਕਾਂ ਨੂੰ ਜਾਂਦੀ ਸੜਕ 'ਤੇ ਕਥਿਤ ਤੌਰ 'ਤੇ ਕੰਧ ਕੱਢ ਕੇ ਕੀਤੇ ਜਾ ਰਹੇ ਕਬਜ਼ੇ ਦਾ ਮਾਮਲਾ ਸਾਹਮਣੇ ਆਇਆ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਸੜਕ ਦੀ ਜਗ ?ਹਾ 'ਤੇ ਕੰਧ ਕੱਢ ਕੇ ਰਸਤੇ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਨੂੰ ਲੈ ਕੇ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ ਅਤੇ ਪ੍ਰਸ਼ਾਸਨ ਤੋਂ ਤੁਰੰਤ ਕਾਰਵਾਈ ਦੀ ਮੰਗ ਕੀਤੀ ਜਾ ਰਹੀ ਹੈ ।ਸਥਾਨਕ ਲੋਕਾਂ ਅਨੁਸਾਰ ਜਿਸ ਥਾਂ 'ਤੇ ਕੰਧ ਕੱਢੀ ਜਾ ਰਹੀ ਹੈ, ਉਹ ਸੜਕ ਨਾਲ ਲੱਗਦੀ ਜਗ ?ਹਾ ਹੈ ਅਤੇ ਇੱਥੋਂ ਰੋਜ਼ਾਨਾ ਵੱਡੀ ਗਿਣਤੀ ਵਿੱਚ ਲੋਕਾਂ ਅਤੇ ਵਾਹਨਾਂ ਦੀ ਆਵਾਜਾਈ ਹੁੰਦੀ ਹੈ। ਲੋਕਾਂ ਦਾ ਦੋਸ਼ ਹੈ ਕਿ ਜੇਕਰ ਸਮੇਂ ਸਿਰ ਇਸ ਮਾਮਲੇ ਦੀ ਜਾਂਚ ਕਰਕੇ ਕਥਿਤ ਕਬਜ਼ੇ ਨੂੰ ਨਾ ਰੋਕਿਆ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਆਵਾਜਾਈ ਲਈ ਹੋਰ ਮੁਸ਼ਕਲਾਂ ਪੈਦਾ ਹੋ ਸਕਦੀਆਂ ਹਨ ।ਸੀਵਰੇਜ ਪਾਈਪ ਵੀ ਬਣ ਸਕਦੀ ਹੈ ਵੱਡੀ ਸਮੱਸਿਆ

ਮਾਮਲੇ ਨੂੰ ਹੋਰ ਗੰਭੀਰ ਬਣਾਉਣ ਵਾਲੀ ਗੱਲ ਇਹ ਹੈ ਕਿ ਜਿਸ ਜਗ ?ਹਾ 'ਤੇ ਕਥਿਤ ਤੌਰ 'ਤੇ ਕੰਧ ਕੱਢੀ ਜਾ ਰਹੀ ਹੈ, ਉਸ ਦੇ ਹੇਠਾਂ ਨਗਰ ਫੂਲ ਦੇ ਸੀਵਰੇਜ ਨਾਲ ਸਬੰਧਿਤ ਵੱਡੀ ਸੀਵਰੇਜ ਪਾਈਪ ਵੀ ਲੰਘਦੀ ਹੋਣ ਦੀ ਜਾਣਕਾਰੀ ਸਾਹਮਣੇ ਆਈ ਹੈ। ਲੋਕਾਂ ਦਾ ਕਹਿਣਾ ਹੈ ਕਿ ਭਵਿੱਖ ਵਿੱਚ ਜੇਕਰ ਸੀਵਰੇਜ ਪਾਈਪ ਵਿੱਚ ਕੋਈ ਖ਼ਰਾਬੀ ਆਉਂਦੀ ਹੈ ਤਾਂ ਉਸ ਦੀ ਮੁਰੰਮਤ ਲਈ ਸਬੰਧਤ ਵਿਭਾਗ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਸਕਦਾ ਹੈ ।ਇਲਾਕਾ ਵਾਸੀ ਲਾਲਾ ਸਿੰਘ,ਕ੍ਰਮ ਸਿੰਘ ਅਸ਼ੋਕ ਕੁਮਾਰ, ਨੈਬ ਸਿੰਘ, ਮਨਦੀਪ ਸਿੰਘ ,ਜੱਗਾ ਸਿੰਘ,ਅਤੇ ਹੋਰ ਲੋਕਾਂ ਨੇ ਇਸ ਮਾਮਲੇ ਸਬੰਧੀ ਪ੍ਰਸ਼ਾਸਨ ਤੋਂ ਤੁਰੰਤ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਮੌਕੇ ਦੀ ਨਿਸ਼ਾਨਦੇਹੀ ਕਰਵਾ ਕੇ ਪੂਰੀ ਜਾਂਚ ਕੀਤੀ ਜਾਵੇ ਅਤੇ ਇਹ ਸਪੱਸ਼ਟ ਕੀਤਾ ਜਾਵੇ ਕਿ ਕੰਧ ਸਰਕਾਰੀ ਸੜਕ ਜਾਂ ਜਨਤਕ ਜਗ੍ਹਾ ਦੀ ਹੱਦ ਵਿੱਚ ਤਾਂ ਨਹੀਂ ਕੱਢੀ ਜਾ ਰਹੀ। ਉਨ੍ਹਾਂ ਮੰਗ ਕੀਤੀ ਕਿ ਜੇਕਰ ਜਾਂਚ ਦੌਰਾਨ ਕਬਜ਼ਾ ਸਾਬਤ ਹੁੰਦਾ ਹੈ ਤਾਂ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇ। ਇਸ ਮਾਮਲੇ ਸਬੰਧੀ ਜਦੋਂ ਏਡੀਸੀ ਬਠਿੰਡਾ ਮੈਡਮ ਕੰਚਨ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਅਤੇ ਤੁਰੰਤ ਐਸਡੀਐਮ ਫੂਲ ਨੂੰ ਜਾਂਚ ਕਰਨ ਦੇ ਆਦੇਸ਼ ਦਿੱਤੇ।

ਕੀ ਕਹਿਣਾ ਹੈ ਐਸਡੀਐਮ ਫੂਲ ਦਾ

ਜਦੋਂ ਸਥਾਨਕ ਲੋਕਾਂ ਵੱਲੋਂ ਇਹ ਮਾਮਲਾ ਐਸਡੀਐਮ ਫੂਲ ਬਲਕਰਨ ਸਿੰਘ ਦੇ ਧਿਆਨ ਵਿੱਚ ਲਿਆਂਦਾ ਗਿਆ ਤਾਂ ਉਨ੍ਹਾਂ ਨੇ ਤੁਰੰਤ ਮਾਮਲੇ ਦਾ ਨੋਟਿਸ ਲੈਂਦਿਆਂ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਨੂੰ ਕੰਧ ਕੱਢਣ ਦਾ ਕੰਮ ਰੋਕਣ ਦੇ ਆਦੇਸ਼ ਦਿੱਤੇ। ਐਸਡੀਐਮ ਬਲਕਰਨ ਸਿੰਘ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਕਿਸੇ ਵੀ ਵਿਅਕਤੀ ਨੂੰ ਨਾਜਾਇਜ਼ ਕਬਜ਼ਾ ਨਹੀਂ ਕਰਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮਾਮਲੇ ਦੀ ਨਿਯਮਾਂ ਅਨੁਸਾਰ ਜਾਂਚ ਕਰਵਾਈ ਜਾਵੇਗੀ ਅਤੇ ਜੇਕਰ ਕੋਈ ਨਾਜਾਇਜ਼ ਕਬਜ਼ਾ ਪਾਇਆ ਗਿਆ ਤਾਂ ਬਣਦੀ ਕਾਰਵਾਈ ਕੀਤੀ ਜਾਵੇਗੀ।

ਸੀਵਰੇਜ ਬੋਰਡ 'ਚ ਕਿਸੇ ਵਰਕਰ ਦੀ ਮੌਤ ਹੋਣ ਉਪਰੰਤ ਪਰਿਵਾਰ ਦੇ ਮੈਂਬਰਾਂ ਨੂੰ ਮਿਲੇਗਾ 20 ਲੱਖ ਰੁਪਏ ਮੁਆਵਜ਼ਾ

ਲੌਂਗੋਵਾਲ , 19 ਅਕਤੂਬਰ (ਰਵੀ ਗਰਗ)--ਅੱਜ ਚੰਡੀਗੜ੍ਹ ਸੀਵਰੇਜ ਬੋਰਡ ਦੇ ਮੁੱਖ ਦਫਤਰ ਇੰਜੀਨੀਅਰ ਇਨ ਚੀਫ ਕੰਮ ਤਕਨੀਕੀ ਸਲਾਹਕਾਰ ਸ੍ਰੀ ਅਸ਼ਵਨੀ ਕੁਮਾਰ ਵੱਲੋਂ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਅਤੇ ਲੇਬਰ ਯੂਨੀਅਨ 23 ਦੇ ਸੂਬਾ ਪ੍ਰਧਾਨ ਸ਼ੇਰ ਸਿੰਘ ਖੰਨਾ ਗਗਨਦੀਪ ਸਿੰਘ ਸੁਨਾਮ ਆਦਿ ਆਗੂਆਂ ਨਾਲ ਮੀਟਿੰਗ ਕੀਤੀ ਗਈ ਇਸ ਮੀਟਿੰਗ ਦੌਰਾਨ ਐਮਪੀਜੀਏ ਮੈਡਮ ਲਤਾ ਚੌਹਾਨ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ ਮੀਟਿੰਗ ਦਾ ਮੁੱਖ ਏਜੰਡਾ ਸੀਵਰੇਜ ਬੋਰਡ ਦੇ ਵਿੱਚ ਕੰਮ ਕਰਦੇ ਆਊਟ ਸੋਰਸ ਮੁਲਾਜ਼ਮਾਂ ਨੂੰ ਬਿਨਾਂ ਸ਼ਰਤ ਕੰਟਰੈਕਟ ਤੇ ਲੈਣ ਸਬੰਧੀ ਸੀ। ਇਸ ਮੰਗ ਨੂੰ ਲੈ ਕੇ ਲੰਮਾ ਸਮਾਂ ਮੀਟਿੰਗ ਵਿੱਚ ਜਦੋਂ ਜਹਿਦ ਹੋਈ ਅਤੇ ਉਹਨਾਂ ਕਿਹਾ ਕਿ 30 ਸਤੰਬਰ ਨੂੰ ਹੋਣ ਵਾਲੀ ਬੀਓਡੀ ਦੀ ਮੀਟਿੰਗ ਵਿੱਚ ਇਸ ਤੇ ਵਿਚਾਰ ਕੀਤਾ ਜਾਵੇਗਾ। ਸੂਬਾ ਪ੍ਰਧਾਨ ਦਾ ਕਹਿਣਾ ਹੈ ਕਿ ਜਥੇਬੰਦੀ ਦੇ ਸੰਘਰਸ਼ ਸਦਕਾ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਹਰਜੋਤ ਸਿੰਘ ਬੈਂਸ ਨਾਲ ਹੋਈਆਂ ਮੀਟਿੰਗਾਂ ਤੋਂ ਬਾਅਦ ਬੀਓਡੀ ਦੀ ਮੀਟਿੰਗ ਰਖਵਾਈ ਗਈ ਹੈ ਆਗੂਆਂ ਨੇ ਕਿਹਾ ਕਿ ਬਿਨਾਂ ਸ਼ਰਤ ਸਾਨੂੰ ਸਿੱਧਾ ਸੀਵਰੇਜ ਬੋਰਡ ਦੇ ਵਿੱਚ ਮਰਜ ਕੀਤਾ ਜਾਵੇ ਇਸ ਮੀਟਿੰਗ ਦੌਰਾਨ ਚੀਫ ਇੰਜੀਨੀਅਰ ਵੱਲੋਂ ਸੀਵਰੇਜ ਬੋਰਡ ਦੇ ਵਿੱਚ ਕੰਮ ਕਰਦੇ ਆਊਟ ਸੋਰਸ ਮੁਲਾਜ਼ਮਾ ਦੇ ਲਈ ਮੌਤ ਹੋਣ ਉਪਰੰਤ 20 ਲੱਖ ਰੁਪਏ ਦਾ ਬੀਮਾ ਦੇਣ ਪਰਿਵਾਰ ਦੇ ਇੱਕ ਮੈਂਬਰ ਨੂੰ ਨੌਕਰੀ ਦੇਣ ਬਾਰੇ ਅਤੇ ਦੀਵਾਲੀ ਤੋਂ ਪਹਿਲਾਂ ਸੀਵਰੇਜ ਬੋਰਡ ਵਿੱਚ ਕੰਮ ਕਰਦੇ ਸਾਰੇ ਹੀ ਆਊਟਸੋਰਸ ਮੁਲਾਜ਼ਮਾਂ ਦੀ ਤਨਖਾਹ ਵਿੱਚ ਵਾਧਾ ਕਰਨ ਦਾ ਐਲਾਨ ਕੀਤਾ ਅਤੇ ਉਹਨਾਂ ਕਿਹਾ ਕਿ ਇਸ ਹਫਤੇ ਦੇ ਵਿੱਚ ਹੀ ਇਹ ਪੱਤਰ ਜਾਰੀ ਕਰ ਦਿੱਤਾ ਜਾਵੇਗਾ ਇਸ ਮੌਕੇ ਕਰਨੈਲ ਸਿੰਘ ਫਤਿਹਗੜ੍ਹ ਸਾਹਿਬ, ਜਗਤਾਰ ਸਿੰਘ ਮੋੜ ਮੰਡੀ, ਇਕਬਾਲਪ੍ਰੀਤ ਸਿੰਘ ਫਤਿਹਗੜ੍ਹ ਸਾਹਿਬ ਮਨਜੋਬਨ ਸਿੰਘ ਮੰਡੀ ਗੋਬਿੰਦਗੜ੍ਹ ਰਮਨਦੀਪ ਸਿੰਘ ਮੰਡੀ ਗੋਬਿੰਦਗੜ੍ਹ ਆਦਿ ਹਾਜ਼ਰ ਸਨ

ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਬਾਬਾ ਫ਼ਰੀਦ ਆਗਮਨ-ਪੁਰਬ 2026 ਦੇ ਸਮਾਗਮਾਂ ਦਾ ਸ਼ਰਧਾਪੂਰਵਕ ਆਗਾਜ਼

ਫਰੀਦਕੋਟ 19 ਸੰਤਬਰ (**ਸਤੀਸ ਕੁਮਾਰ ਫਰੀਦਕੋਟ**) ਮਹਾਨ ਸੂਫੀ ਸੰਤ ਬਾਬਾ ਸ਼ੇਖ ਫਰੀਦ ਜੀ ਦੀ ਪਵਿੱਤਰ ਯਾਦ ਨੂੰ ਸਮਰਪਿਤ ਆਗਮਨ-ਪੁਰਬ 2026 ਦੇ ਸਮਾਗਮਾ ਦਾ ਰਸਮੀ ਆਗਾਜ਼ ਕਈ ਦਹਾਕਿਆ ਤੋਂ ਚੱਲੀ ਆ ਰਹੀ ਪਾਵਨ ਪੰਪਰਾ ਅਨੁਸਾਰ ਗੁਰਦੁਆਰਾ ਟਿੱਲਾ ਬਾਬਾ ਫ਼ਰੀਦ ਜੀ, ਫਰੀਦਕੋਟ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਬੜੀ ਸ਼ਰਧਾ ਸਤਿਕਾਰ ਅਤੇ ਧਾਰਮਿਕ ਉਤਸ਼ਾਹ ਨਾਲ ਹੋਇਆ ।ਸਮਾਗਮ ਬਾਬਾ ਫਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ ਦੇ ਪ੍ਰਧਾਨ ਸਿਮਰਜੀਤ ਸਿੰਘ ਸੇਖੋਂ ਅਤੇ ਜਿਲ੍ਹਾ ਆਗਮਨ-ਪੁਰਬ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ, ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ, ਆਈ.ਏ.ਐੱਸ. ਦੀ ਦੇਖ-ਰੇਖ ਹੇਠ ਸਵੇਰੇ 6:00 ਵਜੇ ਤੋਂ 8:00 ਵਜੇ ਤੱਕ ਕਰਵਾਇਆ ਗਿਆ। ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਬਾਬਾ ਫਰੀਦ ਜੀ ਦੇ ਪਾਵਨ ਸ਼ਲੋਕਾਂ ਦਾ ਉਚਾਰਨ ਕੀਤਾ ਗਿਆ। ਇਸ ਤੋਂ ਬਾਅਦ ਸ੍ਰੀ ਅਨੰਦ ਸਾਹਿਬ ਜੀ ਦਾ ਪਾਠ ਹੋਇਆ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਉਪਰੰਤ ਪਾਵਨ ਹੁਕਮਨਾਮਾ ਲਿਆ ਗਿਆ। ਸਮੁੱਚਾ ਮਾਹੌਲ ਬਾਬਾ ਫ਼ਰੀਦ ਜੀ ਦੀ ਬਾਣੀ, ਰੂਹਾਨੀਅਤ ਅਤੇ ਸ਼ਰਧਾ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। ਇਸ ਮੌਕੇ ਕਮੇਟੀ ਦੇ ਜਨਰਲ ਸਕੱਤਰ ਸੁਰਿੰਦਰ ਸਿੰਘ ਰੋਮਾਣਾ ਨੇ ਆਈ ਹੋਈ ਸਾਧ ਸੰਗਤ ਨੂੰ ਸੰਬੋਧਨ ਕਰਦਿਆਂ ਨਿੱਘਾ ਜੀ ਆਇਆਂ ਆਖਿਆ ਅਤੇ ਆਗਮਨ-ਪੁਰਬ ਦੇ ਧਾਰਮਿਕ ਤੇ ਸਮਾਜਿਕ ਮਹੱਤਵ ਬਾਰੇ ਚਾਨਣਾ ਪਾਇਆ। ਸਮਾਗਮ ਵਿੱਚ ਐੱਮ.ਐੱਲ.ਏ. ਗੁਰਦਿੱਤ ਸਿੰਘ ਸੇਖੋਂ ਅਤੇ ਨਗਰ ਕੌਂਸਲ ਦੇ ਪ੍ਰਧਾਨ ਬਰਜਿੰਦਰ ਸਿੰਘ ਆਹੂਜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਬਾਬਾ ਫ਼ਰੀਦ ਜੀ ਦੇ ਪਾਵਨ ਅਸਥਾਨ 'ਤੇ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ। ਪ੍ਰਧਾਨ ਸਿਮਰਜੀਤ ਸਿੰਘ ਸੇਖੋਂ ਨੇ ਸਮੂਹ ਸਾਧ ਸੰਗਤ ਅਤੇ ਪਹੁੰਚੇ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਬਾਬਾ ਫਰੀਦ ਜੀ ਦਾ ਜੀਵਨ ਅਤੇ ਬਾਣੀ ਮਨੁੱਖਤਾ ਨੂੰ ਪਿਆਰ, ਨਿਮਰਤਾ, ਸੇਵਾ, ਸਾਂਝੀਵਾਲਤਾ ਅਤੇ ਆਪਸੀ ਭਾਈਚਾਰੇ ਦਾ ਸਦੀਵੀ ਸੰਦੇਸ਼ ਦਿੰਦੀ ਹੈ। ਉਨ੍ਹਾਂ ਨੇ ਸੰਗਤਾਂ ਨੂੰ ਆਗਮਨ-ਪੁਰਬ ਦੇ ਪਵਿੱਤਰ ਦਿਨਾ ਦੌਰਾਨ ਸਾਫ਼-ਸਫਾਈ ਦਾ ਵਿਸ਼ੇਸ਼ ਧਿਆਨ ਰੱਖਣ, ਅਨੁਸ਼ਾਸਨ ਬਣਾਈ ਰੱਖਣ ਅਤੇ ਸ਼ਾਂਤੀ ਤੇ ਆਪਸੀ ਸਦਭਾਵਨਾ ਕਾਇਮ ਰੱਖਣ ਦੀ ਅਪੀਲ ਕੀਤੀ ।ਉਨ੍ਹਾ ਦੱਸਿਆ ਕਿ ਪਿਛਲੇ 56 ਸਾਲਾਂ ਤੋਂ ਮਨਾਏ ਜਾ ਰਹੇ ਬਾਬਾ ਫਰੀਦ ਆਗਮਨ-ਪੁਰਬ ਦੇ ਸਮਾਗਮ ਹਰ ਸਾਲ ਆਪਣੀ ਵਿਲੱਖਣ ਅਤੇ ਅਮਿੱਟ ਛਾਪ ਛੱਡਦੇ ਆ ਰਹੇ ਹਨ। ਇਹ ਸਮਾਗਮ ਨਾ ਸਿਰਫ ਬਾਬਾ ਫ਼ਰੀਦ ਜੀ ਦੀ ਮਹਾਨ ਰੂਹਾਨੀ ਵਿਰਾਸਤ ਨਾਲ ਸੰਗਤਾਂ ਨੂੰ ਜੋੜਦੇ ਹਨ, ਸਗੋਂ ਪਿਆਰ, ਸ਼ਾਂਤੀ ਅਤੇ ਮਨੁੱਖੀ ਏਕਤਾ ਦਾ ਸੰਦੇਸ਼ ਵੀ ਘਰ-ਘਰ ਪਹੁੰਚਾਉਂਦੇ ਹਨ। ਇਸ ਮੌਕੇ ਪਹੁੰਚੇ ਪਤਵੰਤੇ ਮਹਿਮਾਨਾਂ ਨੂੰ ਕਮੇਟੀ ਵੱਲੋਂ ਸਿਰੋਪਾਉ ਭੇਟ ਕਰਕੇ ਸਨਮਾਨਿਤ ਕੀਤਾ ਗਿਆ ।ਜ਼ਿਕਰਯੋਗ ਹੈ ਕਿ ਹਰ ਸਾਲ ਬਾਬਾ ਫਰੀਦ ਜੀ ਦੇ ਆਗਮਨ-ਪੁਰਬ ਮੌਕੇ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਫਰੀਦਕੋਟ ਪਹੁੰਚਦੀਆਂ ਹਨ ਅਤੇ ਬਾਬਾ ਫਰੀਦ ਜੀ ਦੇ ਪਾਵਨ ਅਸਥਾਨਾਂ 'ਤੇ ਨਤਮਸਤਕ ਹੋ ਕੇ ਗੁਰੂ-ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਦੀਆਂ ਹਨ। ਆਗਮਨ-ਪੁਰਬ ਨੇ ਫਰੀਦਕੋਟ ਦੀ ਧਾਰਮਿਕ, ਸੱਭਿਆਚਾਰਕ ਅਤੇ ਰੂਹਾਨੀ ਪਛਾਣ ਨੂੰ ਵਿਸ਼ਵ ਪੱਧਰ 'ਤੇ ਵਿਲੱਖਣ ਸਥਾਨ ਦਿਵਾਇਆ ਹੈ ।ਇਸ ਸ਼ੁਭ ਮੌਕੇ ਬਾਬਾ ਫ਼ਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ, ਫ਼ਰੀਦਕੋਟ ਵੱਲੋਂ ਚਰਨਜੀਤ ਸਿੰਘ ਸੇਖੋਂ, ਸੁਰਿੰਦਰ ਸਿੰਘ ਰੋਮਾਣਾ, ਡਾ. ਗੁਰਵਿੰਦਰ ਮੋਹਨ ਸਿੰਘ, ਦੀਪਇੰਦਰ ਸਿੰਘ ਸੇਖੋਂ, ਕੁਲਜੀਤ ਸਿੰਘ ਮੰਗੀਆ, ਗੁਰਜਾਪ ਸਿੰਘ ਸੇਖੋਂ ਅਤੇ ਨਰਿੰਦਰ ਪਾਲ ਸਿੰਘ ਬਰਾੜ ਸਮੇਤ ਹੋਰ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਸਾਧ ਸੰਗਤ ਨੇ ਹਾਜ਼ਰੀ ਭਰੀ।

ਕੱਲ੍ਹ ਸਰਵਣ ਸਿੰਘ ਪੰਧੇਰ ਵਿਰੁੱਧ ਰੋਸ ਪ੍ਰਦਰਸ਼ਨ; ਕਰਕੇ ਪੁਤਲਾ ਵੀ ਫੂਕਿਆ ਜਾਵੇਗਾ

ਅੰਮ੍ਰਿਤਸਰ:19 ਸਤੰਬਰ (ਰਾਜੇਸ਼ ਡੈਨੀ) ਕਿਸਾਨ ਜਥੇਬੰਦੀਆਂ ਵਿਚਕਾਰ ਮਤਭੇਦ ਦਾ ਇੱਕ ਹੋਰ ਮਾਮਲਾ ਸਾਹਮਣੇ ਆਇਆ ਹੈ। ਭਾਰਤੀ ਕਿਸਾਨ ਯੂਨੀਅਨ (ਭਾਨੂ) ਪੰਜਾਬ ਵੱਲੋਂ ਭਲਕੇ 'ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ' ਨਾਲ ਜੁੜੇ ਸਰਵਣ ਸਿੰਘ ਪੰਧੇਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਭਾਰਤੀ ਕਿਸਾਨ ਯੂਨੀਅਨ (ਭਾਨੂ) ਪੰਜਾਬ ਦੇ ਪ੍ਰਧਾਨ ਐਡਵੋਕੇਟ ਲਖਵਿੰਦਰ ਸਿੰਘ ਬੱਚਨ ਆਪਣੇ ਸਾਥੀ ਕਿਸਾਨਾਂ ਸਮੇਤ ਦੁਪਹਿਰ 12:00 ਵਜੇ ਭੰਡਾਰੀ ਪੁਲ 'ਤੇ ਧਰਨਾ ਦੇਣਗੇ। ਇਹ ਐਲਾਨ ਵੀ ਕੀਤਾ ਗਿਆ ਹੈ ਕਿ ਇਸ ਪ੍ਰੋਗਰਾਮ ਦੌਰਾਨ ਸਰਵਣ ਸਿੰਘ ਪੰਧੇਰ ਦਾ ਪੁਤਲਾ ਫੂਕਿਆ ਜਾਵੇਗਾ। ਐਡਵੋਕੇਟ ਲਖਵਿੰਦਰ ਬੱਚਨ ਦਾ ਦੋਸ਼ ਹੈ ਕਿ ਪੰਜਾਬ ਵਿੱਚ ਰੇਲਵੇ ਲਾਈਨਾਂ ਜਾਮ ਕਰਨ ਅਤੇ ਸੜਕਾਂ 'ਤੇ ਕੀਤੇ ਜਾਣ ਵਾਲੇ ਪ੍ਰਦਰਸ਼ਨਾਂ ਕਾਰਨ ਆਮ ਜਨਤਾ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰਦਰਸ਼ਨਾਂ ਕਾਰਨ ਯਾਤਰੀਆਂ, ਪੈਦਲ ਚੱਲਣ ਵਾਲਿਆਂ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਆਪਣੀਆਂ ਮੰਜ਼ਿਲਾਂ ਤੱਕ ਪਹੁੰਚਣ ਵਿੱਚ ਭਾਰੀ ਦਿੱਕਤਾਂ ਆਉਂਦੀਆਂ ਹਨ।

ਸੇਵਾ ਸਿੰਘ ਭੱਟੀ ਅਕਾਲੀ ਦਲ ਲੁਧਿਆਣਾ ਸ਼ਹਿਰੀ ਦੇ ਸੀਨੀਅਰ ਮੀਤ ਪ੍ਰਧਾਨ ਨਿਯੁਕਤ

ਅਕਾਲੀ ਆਗੂਆਂ ਤੇ ਵਰਕਰਾਂ ਵੱਲੋਂ ਸਵਾਗਤ



ਲੁਧਿਆਣਾ, 19 ਸਤੰਬਰ (ਸੁਰਜ) ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਸ਼ਹਿਰੀ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ ਸ਼ਹਿਰੀ ਪ੍ਰਧਾਨ ਭੁਪਿੰਦਰ ਸਿੰਘ ਭਿੰਦਾ ਵੱਲੋਂ ਜਥੇਬੰਦੀ ਵਿੱਚ ਕੀਤੇ ਗਏ ਵਾਧੇ ਦੌਰਾਨ ਪਾਰਟੀ ਦੇ ਪੁਰਾਣੇ ਤੇ ਸੀਨੀਅਰ ਆਗੂ ਸੇਵਾ ਸਿੰਘ ਭੱਟੀ ਨੂੰ ਸੀਨੀਅਰ ਮੀਤ ਪ੍ਰਧਾਨ ਸ਼ਹਿਰੀ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ। ਇਸ ਮੌਕੇ ਪਾਰਟੀ ਆਗੂਆਂ ਤੇ ਵਰਕਰਾਂ ਵੱਲੋਂ ਸੇਵਾ ਸਿੰਘ ਭੱਟੀ ਨੂੰ ਵਧਾਈ ਦਿੰਦਿਆਂ ਆਸ ਪ੍ਰਗਟ ਕੀਤੀ ਗਈ ਕਿ ਉਹ ਆਪਣੀ ਲੰਬੀ ਸਿਆਸੀ ਸੇਵਾ ਅਤੇ ਤਜਰਬੇ ਰਾਹੀਂ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਭੁਪਿੰਦਰ ਸਿੰਘ ਭਿੰਦਾ ਨੇ ਕਿਹਾ ਕਿ ਸੇਵਾ ਸਿੰਘ ਭੱਟੀ ਪਾਰਟੀ ਦੇ ਪੁਰਾਣੇ, ਮਿਹਨਤੀ ਅਤੇ ਸਮਰਪਿਤ ਆਗੂ ਹਨ, ਜਿਨ੍ਹਾਂ ਨੇ ਲੰਮੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਸੀਨੀਅਰ ਆਗੂਆਂ ਦੇ ਤਜਰਬੇ ਅਤੇ ਨੌਜਵਾਨ ਵਰਕਰਾਂ ਦੀ ਮਿਹਨਤ ਨੂੰ ਇਕੱਠਾ ਕਰਕੇ ਸ਼ਹਿਰੀ ਜਥੇਬੰਦੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਸਰਗਰਮ ਕੀਤਾ ਜਾਵੇਗਾ।

ਇਸ ਮੌਕੇ